ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸੋਮਵਾਰ, 21 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੫ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਹੂਤੀਆਂ ਨੇ ਯਮਨ 'ਚ ਸੁੱਟ ਲਿਆ ਸਾਊਦੀ ਅਰਬ ਦਾ F-15 ਲੜਾਕੂ ਜਹਾਜ਼ !

**ਤਹਿਰਾਨ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਇਰਾਨ ਸਮਰਥਿਤ ਯਮਨ ਦੇ ਹੂਤੀ ਬਾਗੀਆਂ ਨੇ ਵੱਡਾ ਦਾਅਵਾ ਕੀਤਾ ਹੈ। ਉਨ੍ਹਾਂ ਨੇ ਯਮਨ ਦੇ ਮਾਰਿਬ ਸੂਬੇ ਵਿਚ ਸਾਊਦੀ ਅਰਬ ਦਾ ਇਕ ਐੱਫ-15 ਲੜਾਕੂ ਜਹਾਜ਼ ਮਾਰ ਡੇਗਣ ਦਾ ਦਾਅਵਾ ਕੀਤਾ ਹੈ। ਉਨ੍ਹਾਂ ਅਨੁਸਾਰ, ਇਹ ਜਹਾਜ਼ ਸਥਾਨਕ ਪੱਧਰ 'ਤੇ ਬਣਾਈ ਗਈ ਜ਼ਮੀਨ ਤੋਂ ਹਵਾ ਵਿਚ ਮਾਰ ਕਰਨ ਵਾਲੀ ਮਿਜ਼ਾਈਲ ਨਾਲ ਡੇਗਿਆ ਗਿਆ। ਹੂਤੀ ਫੌਜੀ ਮੀਡੀਆ ਨੇ ਇਸ ਦਾਅਵੇ ਦੇ ਨਾਲ ਇਕ ਵੀਡੀਓ ਵੀ ਜਾਰੀ ਕੀਤੀ ਹੈ, ਜੋ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। ਵੀਡੀਓ ਦੀ ਸ਼ੁਰੂਆਤ ਇਕ ਐਨੀਮੇਟਿਡ ਗ੍ਰਾਫਿਕ ਨਾਲ ਹੁੰਦੀ ਹੈ, ਜਿਸ 'ਚ ਮਿਜ਼ਾਈਲ ਲੜਾਕੂ ਜਹਾਜ਼ ਨਾਲ ਟਕਰਾਉਂਦੀ ਦਿਸਦੀ ਹੈ। ਇਸ ਤੋਂ ਬਾਅਦ ਰੇਤਲੇ ਇਲਾਕੇ ਵਿਚ ਜਹਾਜ਼ ਦੇ ਮਲਬੇ ਦੀ ਜਾਂਚ ਕਰਦੇ ਹੂਤੀ ਲੜਾਕੇ ਦਿਸ ਰਹੇ ਹਨ। ਰਿਪੋਰਟਾਂ ਅਨੁਸਾਰ, ਇਹ ਮਲਬਾ ਮੱਧ ਯਮਨ ਦੇ ਮਾਰਿਬ ਖੇਤਰ 'ਚ ਮਿਲਿਆ ਹੈ। ਹੂਤੀਆਂ ਨੇ ਆਪਣੇ ਬਿਆਨ 'ਚ ਦਾਅਵਾ ਕੀਤਾ ਹੈ ਕਿ ਐੱਫ-15 ਜਹਾਜ਼ ਉਸ ਸਮੇਂ ਡੇਗਿਆ ਗਿਆ, ਜਦੋਂ ਉਹ 'ਦੁਸ਼ਮਣੀ ਭਰੇ ਅਭਿਆਨ' 'ਤੇ ਸੀ। ਭਾਵ ਜਹਾਜ਼ ਕਥਿਤ ਹਮਲੇ ਜਾਂ ਗਸ਼ਤ ਦੇ ਮਿਸ਼ਨ 'ਤੇ ਸੀ। ਹਾਲਾਂਕਿ ਇਸ ਵੀਡੀਓ ਦੀ ਅਜੇ ਸੁਤੰਤਰ ਪੁਸ਼ਟੀ ਨਹੀਂ ਹੋ ਸਕੀ ਹੈ। ਸਾਊਦੀ ਅਰਬ ਵੱਲੋਂ ਫਿਲਹਾਲ ਇਸ ਘਟਨਾ ਦੀ ਕੋਈ ਅਧਿਕਾਰਤ ਪੁਸ਼ਟੀ ਨਹੀਂ ਆਈ ਹੈ।

# ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੇ ਸ਼੍ਰੋਮਣੀ ਕਮੇਟੀ ਮੈਂਬਰ ਅਮਰਜੀਤ ਸਿੰਘ ਚਾਵਲਾ ਤੇ ਗ੍ਰੰਥੀ ਮਲਕੀਤ ਸਿੰਘ ਨੂੰ ਪੰਥ 'ਚੋਂ ਛੇਕਿਆ

**ਅੰਮ੍ਰਿਤਸਰ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ 'ਚ ਕਈ ਵੱਡੇ ਫੈਸਲੇ ਲਏ ਗਏ ਹਨ। ਇਸ ਇਕੱਤਰਤਾ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ 'ਤੇ ਖੜ੍ਹੇ ਹੋ ਕੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅਮਰਜੀਤ ਸਿੰਘ ਚਾਵਲਾ ਅਤੇ ਗ੍ਰੰਥੀ ਮਲਕੀਤ ਸਿੰਘ 'ਤੇ ਇੱਕ ਬੀਬੀ ਵੱਲੋਂ ਲਗਾਏ ਗਏ ਗੰਭੀਰ ਦੋਸ਼ਾਂ ਦੇ ਮਾਮਲੇ ਵਿੱਚ ਸਖ਼ਤ ਫੈਸਲਾ ਲਿਆ ਗਿਆ ਹੈ। ਪੰਜ ਸਿੰਘ ਸਾਹਿਬਾਨ ਨੇ ਦੋਵਾਂ ਨੂੰ ਖ਼ਾਲਸਾ ਪੰਥ ਵਿੱਚੋਂ ਖਾਰਜ ਕਰ ਦਿੱਤਾ ਹੈ। ਆਦੇਸ਼ ਵਿੱਚ ਕਿਹਾ ਗਿਆ ਹੈ ਕਿ ਗੰਭੀਰ ਦੋਸ਼ ਲੱਗਣ ਨਾਲ ਸਿੱਖ ਸੰਗਤ ਦੀਆਂ ਭਾਵਨਾਵਾਂ ਅਤੇ ਸਿੱਖ ਸੰਸਥਾਵਾਂ ਦੇ ਵਕਾਰ ਨੂੰ ਢਾਹ ਲੱਗੀ ਹੈ। ਸਮੂਹ ਸਿੱਖ ਸੰਗਤਾਂ ਨੂੰ ਆਦੇਸ਼ ਕੀਤਾ ਗਿਆ



ਵਿਸਥਾਰ ਸਹਿਤ ਖ਼ਬਰ ਪੰਨਾ 5 'ਤੇ

ਹੈ ਕਿ ਦੋਵਾਂ ਨਾਲ ਕਿਸੇ ਕਿਸਮ ਦੀ ਸਾਂਝ ਨਾ ਰੱਖੀ ਜਾਵੇ। ਦੋਵਾਂ 'ਤੇ ਜੀਵਨ ਭਰ ਲਈ ਸਿੱਖ ਸੰਸਥਾਵਾਂ ਅੰਦਰ ਕੰਮ ਕਰਨ ਦੀ ਮੁਕੰਮਲ ਰੋਕ ਲਗਾਈ ਗਈ ਹੈ। ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ ਜਦੋਂ ਤੱਕ ਅਮਰਜੀਤ ਸਿੰਘ ਇਸ ਮਾਮਲੇ ਵਿੱਚੋਂ ਨਿਰਦੋਸ਼ ਸਾਬਤ ਹੋ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਨਹੀਂ ਹੁੰਦੇ, ਉਹ ਪੰਥ ਵਿੱਚੋਂ ਖਾਰਜ ਮੰਨੇ ਜਾਣਗੇ। ਅੱਜ ਹੋਈ ਇਸ ਇਕੱਤਰਤਾ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਗ੍ਰੰਥੀ ਗਿਆਨੀ ਗੁਰਬਖ਼ਸ਼ੀਸ਼ ਸਿੰਘ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੰਜ ਪਿਆਰੇ ਭਾਈ ਮੰਗਲ ਸਿੰਘ ਹਾਜ਼ਰ ਸਨ।

## ਗੁਰੂ ਘਰਾਂ ਦੀ ਜਾਇਦਾਦ 'ਤੇ 1.5 ਕਰੋੜ ਡਾਲਰ ਦਾ ਕਰਜ਼ਾ ਲੈਣ ਦੇ ਮਾਮਲੇ 'ਚ ਸਾਬਕਾ MP ਰਾਜ ਗਰੇਵਾਲ 'ਤੇ ਕੇਸ ਦਰਜ



**ਟੋਰਾਂਟੋ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ਦੇ ਗ੍ਰੇਟਰ ਟੋਰਾਂਟੋ ਏਰੀਆ (GTA) ਵਿੱਚ ਸਾਬਕਾ ਲਿਬਰਲ ਐੱਮ.ਪੀ. ਅਤੇ ਮਿਸੀਸਾਗਾ ਦੇ ਵਕੀਲ ਰਾਜ ਗ੍ਰੇਵਾਲ ਵਿਰੁੱਧ ਦੋ ਪ੍ਰਮੁੱਖ ਗੁਰਦੁਆਰਾ ਸਾਹਿਬਾਨ ਦੀਆਂ ਇਮਾਰਤਾਂ ਨੂੰ ਗਿਰਵੀ ਰੱਖ ਕੇ 1.5 ਕਰੋੜ ਕੈਨੇਡੀਅਨ ਡਾਲਰ (15 ਮਿਲੀਅਨ ਡਾਲਰ) ਦਾ ਕਰਜ਼ਾ ਲੈਣ ਦੇ ਮਾਮਲੇ ਵਿੱਚ ਮੁਕੱਦਮਾ ਦਰਜ ਕੀਤਾ ਗਿਆ ਹੈ। ਇਹ ਕਰਜ਼ਾ ਉਸ ਸਮੇਂ ਲਿਆ ਗਿਆ ਸੀ, ਜਦੋਂ ਰਾਜ ਗ੍ਰੇਵਾਲ, ਉਨ੍ਹਾਂ ਦੀ ਫ਼ਰਮ 'RSG ਲਾਅ', ਉਨ੍ਹਾਂ ਦੁਆਰਾ ਨਿਯੰਤਰਿਤ ਕੰਪਨੀਆਂ ਅਤੇ ਪਰਿਵਾਰਕ ਮੈਂਬਰ 20 ਕਰੋੜ ਡਾਲਰ ਤੋਂ ਵੱਧ ਦੇ ਭਾਰੀ ਕਰਜ਼ੇ ਵਿੱਚ ਡੁੱਬੇ ਹੋਏ ਸਨ। ਹੈਮਿਲਟਨ ਦੀਆਂ ਦੋ ਪ੍ਰਾਈਵੇਟ ਕਰਜ਼ਦਾਤਾ ਕੰਪਨੀਆਂ 'SSM' ਮੈਨੇਜਮੈਂਟ ਇੰਕ.'ਅਤੇ 'ਓਕੁਲਸ ਮੋਰਟਗੇਜ ਜੀ.ਪੀ. ਇੰਕ.' ਦੁਆਰਾ 4 ਸਤੰਬਰ ਨੂੰ ਦਾਇਰ ਕੀਤੇ ਗਏ ਇਸ ਮੁਕੱਦਮੇ ਵਿੱਚ ਰਾਜ ਗ੍ਰੇਵਾਲ ਤੋਂ ਇਲਾਵਾ ਸਿੱਖ ਸਪਿਰਚੁਅਲ ਸੈਂਟਰ ਟੋਰਾਂਟੋ, ਜਿਸਨੂੰ ਆਮ ਤੌਰ 'ਤੇ ਈਟੋਬੀਕੋਕ ਗੁਰਦੁਆਰਾ ਕਿਹਾ ਜਾਂਦਾ ਹੈ, ਅਤੇ ਬਰੈਂਪਟਨ ਦੇ ਨਾਨਕਸਰ ਗੁਰਦੁਆਰੇ ਨੂੰ ਵੀ ਮੁਕੱਦਮੇ ਵਿੱਚ ਬਚਾਓ ਪੱਖ ਵਜੋਂ ਨਾਮਜ਼ਦ ਕੀਤਾ ਗਿਆ ਹੈ, ਨਾਲ ਹੀ ਦੋਵਾਂ ਦੇ ਪ੍ਰਧਾਨ ਅਮਰਜੀਤ ਸਿੰਘ ਦਿਓਲ ਅਤੇ ਗੁਰਮੇਲ ਸਿੰਘ ਨਿਰਮਾਣ ਨਾਮ ਦੇ ਇੱਕ ਵਿਅਕਤੀ ਨੂੰ ਵੀ ਮੁਕੱਦਮੇ ਵਿੱਚ ਨਾਮਜ਼ਦ ਕੀਤਾ ਗਿਆ ਹੈ, ਜੋ ਕਿ ਸਿੱਖ ਸਪਿਰਚੁਅਲ ਸੈਂਟਰ ਟੋਰਾਂਟੋ ਦੇ ਖਜ਼ਾਨਚੀ ਅਤੇ ਡਾਇਰੈਕਟਰ ਵਜੋਂ ਸੂਚੀਬੱਧ ਹੈ। ਅਦਾਲਤੀ ਦਸਤਾਵੇਜ਼ਾਂ ਅਨੁਸਾਰ ਦੋਵਾਂ ਪ੍ਰਾਈਵੇਟ ਕੰਪਨੀਆਂ ਨੇ ਪਿਛਲੇ ਸਾਲ 2025 ਦੀ ਬਸੰਤ ਵਿੱਚ 1.5 ਕਰੋੜ ਡਾਲਰ ਦਾ ਕਰਜ਼ਾ ਦਿੱਤਾ ਸੀ, ਜਿਸ ਦੀ ਗਾਰੰਟੀ ਰਾਜ ਗ੍ਰੇਵਾਲ ਦੁਆਰਾ ਦੋਵਾਂ ਗੁਰਦੁਆਰਾ ਸਾਹਿਬਾਨ ਦੀਆਂ ਜਾਇਦਾਦਾਂ 'ਤੇ ਦਿੱਤੀ ਗਈ ਸੀ। ਇਨ੍ਹਾਂ ਕਰਜ਼ਿਆਂ 'ਤੇ ਵਿਆਜ ਦੀ ਦਰ 24 ਫ਼ੀਸਦੀ (300,000 ਡਾਲਰ ਮਹੀਨਾਵਾਰ) ਤੈਅ ਕੀਤੀ ਗਈ ਸੀ।

## ਦਾਗ 'ਤੇ 1,600 ਤੋਂ ਵਧੇਰੇ ਡਰੋਨ ! ਵੋਟਿੰਗ ਦੌਰਾਨ ਰੂਸ 'ਤੇ ਯੂਕਰੇਨ ਦਾ ਸਭ ਤੋਂ ਵੱਡਾ ਹਮਲਾ



**ਮਾਸਕੋ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜ ਸਾਲ ਤੋਂ ਰੂਸ-ਯੂਕਰੇਨ ਵਿਚਾਲੇ ਭਿਆਨਕ ਯੁੱਧ ਜਾਰੀ ਹੈ। ਤਾਜ਼ਾ ਜਾਣਕਾਰੀ ਮੁਤਾਬਕ ਯੂਕਰੇਨ ਨੇ ਰੂਸ 'ਤੇ ਸਭ ਤੋਂ ਵੱਡਾ ਡਰੋਨ ਹਮਲਾ ਕੀਤਾ ਹੈ। ਰੂਸ ਦੀਆਂ ਸੰਸਦੀ ਚੋਣਾਂ ਦੇ ਆਖਰੀ ਦਿਨ ਯੂਕਰੇਨੀ ਫੌਜ ਨੇ 1,600 ਤੋਂ ਵੱਧ ਡਰੋਨਾਂ ਨਾਲ ਮਾਸਕੋ 'ਤੇ ਹਮਲਾ ਕੀਤਾ। ਸਮਾਚਾਰ ਏਜੰਸੀ ਰਾਇਟਰਜ਼ ਅਨੁਸਾਰ ਰੂਸੀ ਅਧਿਕਾਰੀਆਂ ਨੇ ਕਿਹਾ ਹੈ ਕਿ ਇਨ੍ਹਾਂ ਡਰੋਨਾਂ ਵਿੱਚੋਂ ਵੱਡੀ ਗਿਣਤੀ ਨੂੰ ਡੇਗ ਦਿੱਤਾ ਗਿਆ। ਮਾਸਕੋ ਦੇ ਮੇਅਰ ਸਰਗੇਈ ਸੋਬਯਾਨਿਨ ਨੇ ਇਸਨੂੰ ਰੂਸੀ ਰਾਜਧਾਨੀ 'ਤੇ "ਹੁਣ ਤੱਕ ਦਾ ਸਭ ਤੋਂ ਵੱਡਾ" ਡਰੋਨ ਹਮਲਾ ਦੱਸਿਆ। ਇਨ੍ਹਾਂ ਹਮਲਿਆਂ ਵਿਚ ਹੁਣ ਤੱਕ 2 ਲੋਕਾਂ ਦੀ ਮੌਤ ਹੋਣ ਅਤੇ 20 ਦੇ ਜ਼ਖਮੀ ਹੋਣ ਦੀ ਜਾਣਕਾਰੀ ਸਾਹਮਣੇ ਆਈ ਹੈ। ਫੌਜੀ ਅਧਿਕਾਰੀਆਂ ਨੇ ਕਿਹਾ ਕਿ ਇਨ੍ਹਾਂ ਹਮਲਿਆਂ ਵਿਚ ਰੂਸੀ ਰਾਜਧਾਨੀ ਵਿੱਚ ਇੱਕ ਤੇਲ ਰਿਫਾਇਨਰੀ ਨੂੰ ਨੁਕਸਾਨ ਪਹੁੰਚਿਆ। ਰੂਸੀ ਰੱਖਿਆ ਮੰਤਰਾਲੇ ਨੇ ਕਿਹਾ ਕਿ ਉਸਦੀਆਂ ਫੌਜਾਂ ਨੇ ਦੇਸ਼ ਭਰ ਵਿੱਚ 1,100 ਯੂਕਰੇਨੀ ਡਰੋਨਾਂ ਨੂੰ ਡੇਗ ਦਿੱਤਾ, ਜਿਨ੍ਹਾਂ ਵਿੱਚ ਯੂਕਰੇਨ ਦੇ ਕਬਜ਼ੇ ਵਾਲੇ ਕਰੀਮੀਆ ਪ੍ਰਾਇਦੀਪ ਅਤੇ ਕਾਲੇ ਸਾਗਰ 'ਤੇ ਉੱਡਣ ਵਾਲੇ ਡਰੋਨ ਵੀ ਸ਼ਾਮਲ ਹਨ। ਮਾਸਕੋ ਦੇ ਮੇਅਰ ਸਰਗੇਈ ਸੋਬਯਾਨਿਨ ਨੇ ਕਿਹਾ ਕਿ ਰਾਜਧਾਨੀ ਵੱਲ ਜਾ ਰਹੇ 450 ਡਰੋਨ ਰਸਤੇ ਵਿੱਚ ਨਸ਼ਟ ਕਰ ਦਿੱਤੇ ਗਏ। ਉਨ੍ਹਾਂ ਕਿਹਾ, "ਇਹ ਸ਼ਕਤੀਸ਼ਾਲੀ ਹਮਲਾ ਸਪੱਸ਼ਟ ਤੌਰ 'ਤੇ ਚੋਣਾਂ ਵਿੱਚ ਵਿਘਨ ਪਾਉਣ ਦੇ ਉਦੇਸ਼ ਨਾਲ ਸੀ। ਵਿਰੋਧੀ ਇਹ ਟੀਚਾ ਪ੍ਰਾਪਤ ਕਰਨ ਵਿੱਚ ਅਸਫਲ ਰਿਹਾ।"

## ਏਐਸਆਈ ਹਰਜੀਤ ਸਿੰਘ ਹੱਤਿਆਕਾਂਡ : ਕਾਤਲ ਸ਼ੂਟਰ ਦੀਪਕ ਮੁਕਾਬਲੇ 'ਚ ਢੇਰ

**ਅੰਮ੍ਰਿਤਸਰ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਵਿੱਚ ਪੁਲਿਸ ਨੇ ਇੱਕ ਮੁਕਾਬਲੇ ਦੌਰਾਨ ਪੰਜਾਬ ਪੁਲਿਸ ਦੇ ਏ.ਐਸ.ਆਈ. ਹਰਜੀਤ ਸਿੰਘ ਦੇ ਕਤਲ ਵਿੱਚ ਸ਼ਾਮਲ ਸ਼ੂਟਰਾਂ ਵਿੱਚੋਂ ਇੱਕ ਨੂੰ ਮਾਰ ਦਿੱਤਾ ਹੈ। ਉਸਦਾ ਸਾਥੀ ਹਨੇਰੇ ਦਾ ਫਾਇਦਾ ਉਠਾ ਕੇ ਫਰਾਰ ਹੋਣ ਵਿੱਚ ਕਾਮਯਾਬ ਹੋ ਗਿਆ। ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਹਰਮਨਬੀਰ ਸਿੰਘ ਗਿੱਲ ਨੇ ਦੱਸਿਆ ਕਿ ਇਹ ਦੋਵੇਂ ਸ਼ਨੀਵਾਰ ਦੇਰ ਰਾਤ ਸਕੂਟਰ 'ਤੇ ਜਾ ਰਹੇ ਸਨ। ਜਦੋਂ ਪੁਲਿਸ ਦੀ ਇੱਕ ਟੀਮ ਨੇ ਉਨ੍ਹਾਂ ਨੂੰ ਨਾਕੇ 'ਤੇ ਰੁਕਣ ਦਾ ਇਸ਼ਾਰਾ ਕੀਤਾ, ਤਾਂ ਉਨ੍ਹਾਂ ਨੇ ਗੋਲੀਆਂ ਚਲਾ ਦਿੱਤੀਆਂ। ਪੁਲਿਸ ਨੇ ਜਵਾਬੀ ਕਾਰਵਾਈ ਕਰਦਿਆਂ ਗੋਲੀਆਂ ਚਲਾਈਆਂ। ਇਸ ਦੌਰਾਨ, ਸੀ.ਆਈ.ਏ. ਦੇ ਇੱਕ ਮੁਲਾਜ਼ਮ ਦੀ ਛਾਤੀ 'ਤੇ ਗੋਲੀ ਲੱਗੀ, ਪਰ ਬੁਲੇਟ-ਪਰੂਫ ਜੈਕਟ ਕਾਰਨ ਉਸਦੀ ਜਾਨ ਬਚ ਗਈ। ਇਸੇ ਦੌਰਾਨ, ਪੁਲਿਸ ਦੀ ਗੋਲੀਬਾਰੀ ਵਿੱਚ ਦੀਪਕ ਨਾਂ ਦਾ ਇੱਕ ਸ਼ੂਟਰ ਮਾਰਿਆ ਗਿਆ। ਪੁਲਿਸ ਕਮਿਸ਼ਨਰ ਨੇ ਖੁਲਾਸਾ ਕੀਤਾ ਕਿ ਜਾਂਚ ਦੌਰਾਨ ਪਾਕਿਸਤਾਨ ਸਥਿਤ ਹੈਂਡਲਰਾਂ ਨਾਲ ਸਬੰਧਾਂ ਦਾ ਪਤਾ ਲੱਗਾ ਹੈ। ਮੁਲਜ਼ਮਾਂ ਨੂੰ ਪੈਸੇ ਅਤੇ ਨਸ਼ਿਆਂ ਦੇ ਕਾਰੋਬਾਰ ਵਿੱਚ ਹਿੱਸੇਦਾਰੀ ਦੇਣ ਦਾ ਲਾਲਚ ਦਿੱਤਾ ਗਿਆ ਸੀ। ਪੁਲਿਸ ਕਮਿਸ਼ਨਰ ਹਰਮਨਬੀਰ ਗਿੱਲ ਨੇ ਦੱਸਿਆ ਕਿ ਏਐਸਆਈ ਹਰਜੀਤ ਸਿੰਘ ਦੇ ਕਤਲ ਤੋਂ ਬਾਅਦ, ਪੁਲਿਸ ਨੇ ਘਟਨਾ ਸਥਾਨ ਦੀ ਸੀਸੀਟੀਵੀ ਫੁਟੇਜ, ਮੋਬਾਈਲ ਡੰਪ ਡਾਟਾ ਅਤੇ ਹੋਰ ਤਕਨੀਕੀ ਜਾਣਕਾਰੀ ਦਾ ਵਿਸ਼ਲੇਸ਼ਣ ਕੀਤਾ। ਸੀਸੀਟੀਵੀ ਫੁਟੇਜ ਅਤੇ ਤਕਨੀਕੀ ਜਾਂਚ ਤੋਂ ਪੁਲਿਸ ਨੂੰ ਮੁਲਜ਼ਮਾਂ ਅਤੇ ਉਨ੍ਹਾਂ ਦੇ ਕਾਲੇ ਰੰਗ ਦੇ ਕਾਇਨੇਟਿਕ ਸਕੂਟਰ ਬਾਰੇ ਅਹਿਮ ਜਾਣਕਾਰੀ ਮਿਲੀ। ਇਸ ਤੋਂ ਬਾਅਦ, ਉਨ੍ਹਾਂ ਨੂੰ ਫੜਨ ਲਈ ਇੱਕ ਮੁਹਿੰਮ ਸ਼ੁਰੂ ਕੀਤੀ ਗਈ। ਪੁਲਿਸ ਕਮਿਸ਼ਨਰ ਅਨੁਸਾਰ, ਪੁਲਿਸ ਨੂੰ ਖੁਫੀਆ ਜਾਣਕਾਰੀ ਮਿਲੀ ਸੀ ਕਿ ਮੁਲਜ਼ਮ ਇਲਾਕੇ ਵਿੱਚ ਘੁੰਮ ਰਹੇ ਸਨ ਅਤੇ ਕਿਸੇ ਹੋਰ ਪੁਲਿਸ ਅਧਿਕਾਰੀ ਨੂੰ ਨਿਸ਼ਾਨਾ ਬਣਾ ਸਕਦੇ ਸਨ। ਇਸ ਜਾਣਕਾਰੀ ਦੇ ਆਧਾਰ 'ਤੇ ਸ਼ਨੀਵਾਰ ਦੁਪਹਿਰ ਤੋਂ ਹੀ ਨਾਕੇ ਲਗਾ ਦਿੱਤੇ ਗਏ ਸਨ। ਰਾਤ ਕਰੀਬ 10 ਵਜੇ ਠੰਡੇ ਰੋਡ 'ਤੇ, ਪੁਲਿਸ ਨੇ ਸ਼ੱਕ ਦੇ ਆਧਾਰ 'ਤੇ ਸਕੂਟਰ ਸਵਾਰਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ। ਸਕੂਟਰ ਰੁਕਿਆ, ਗੋਲੀਆਂ ਚਲਾਈਆਂ ਗਈਆਂ; ਅਧਿਕਾਰੀ ਅਤੇ ਗੱਡੀ ਨੂੰ ਗੋਲੀ ਲੱਗੀ: ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਟੀਮ ਨੇ ਉਨ੍ਹਾਂ ਨੂੰ ਰੁਕਣ ਦਾ ਇਸ਼ਾਰਾ ਕੀਤਾ, ਪਰ ਉਨ੍ਹਾਂ ਨੇ ਭੱਜਣ ਦੀ ਕੋਸ਼ਿਸ਼ ਕੀਤੀ। ਜਦੋਂ ਪੁਲਿਸ ਨੇ ਉਨ੍ਹਾਂ ਦਾ ਪਿੱਛਾ ਕੀਤਾ, ਤਾਂ ਉਨ੍ਹਾਂ ਨੇ ਸਕੂਟਰ ਰੋਕਿਆ ਅਤੇ ਪੁਲਿਸ ਟੀਮ 'ਤੇ ਗੋਲੀਆਂ ਚਲਾ ਦਿੱਤੀਆਂ। ਮੁਲਜ਼ਮਾਂ ਨੇ ਚਾਰ ਗੋਲੀਆਂ ਚਲਾਈਆਂ; ਦੋ ਗੋਲੀਆਂ ਪੁਲਿਸ ਦੀ ਗੱਡੀ ਨੂੰ ਲੱਗੀਆਂ ਅਤੇ ਇੱਕ ਗੋਲੀ ਸੀਆਈਏ ਸਟਾਫ ਦੇ ਅਧਿਕਾਰੀ ਦੀ ਛਾਤੀ 'ਤੇ ਲੱਗੀ, ਹਾਲਾਂਕਿ ਬੁਲੇਟਪਰੂਫ ਜੈਕਟ ਕਾਰਨ ਉਸਦੀ ਜਾਨ ਬਚ ਗਈ।



## ਘਰ ਦੀ ਛੱਤ 'ਤੇ ਸੁੱਟਿਆ ਪੈਟਰੋਲ ਬੰਬ ! ਧਮਾਕੇ ਮਗਰੋਂ ਸਹਿਮੇ ਲੋਕ



**ਫਗਵਾੜਾ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਫਗਵਾੜਾ ਦੇ ਬਸੰਤ ਨਗਰ ਸਥਿਤ ਝਾਪਰ ਕਾਲੋਨੀ 'ਚ ਦੇਰ ਰਾਤ ਤਿੰਨ ਨੌਜਵਾਨਾਂ ਨੇ ਇਕ ਘਰ ਦੀ ਛੱਤ 'ਤੇ ਪੈਟਰੋਲ ਬੰਬ ਸੁੱਟ ਕੇ ਹਮਲਾ ਕਰ ਦਿੱਤਾ। ਇਹ ਹਮਲਾ ਘਰ ਦੇ ਆਲੇ-ਦੁਆਲੇ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ 'ਚ ਕੈਦ ਹੋ ਗਿਆ। ਫੁਟੇਜ 'ਚ ਤਿੰਨਾਂ ਨੌਜਵਾਨਾਂ ਦੇ ਚਿਹਰੇ ਢੱਕੇ ਹੋਏ ਵਿਖਾਈ ਦੇ ਰਹੇ ਹਨ। ਪਰਿਵਾਰਕ ਮੈਂਬਰਾਂ ਰਵੀ ਅਤੇ ਵਿਮਲਾ ਦੇਵੀ ਨੇ ਦੱਸਿਆ ਕਿ ਰਾਤ ਵੇਲੇ ਪਰਿਵਾਰ ਸੌਂ ਰਿਹਾ ਸੀ, ਇਸੇ ਦੌਰਾਨ ਕੁਝ ਨੌਜਵਾਨਾਂ ਨੇ ਉਨ੍ਹਾਂ ਦੀ ਛੱਤ 'ਤੇ ਪੈਟਰੋਲ ਬੰਬ ਸੁੱਟਿਆ, ਜਿਸ ਨਾਲ ਛੱਤ 'ਤੇ ਪਈਆਂ ਤਾਰਾਂ ਨੂੰ ਅੱਗ ਲੱਗ ਗਈ। ਧਮਾਕੇ ਦੀ ਆਵਾਜ਼ ਸੁਣ ਕੇ ਗੁਆਂਢੀਆਂ ਨੇ ਪਰਿਵਾਰ ਨੂੰ ਘਟਨਾ ਬਾਰੇ ਜਾਣਕਾਰੀ ਦਿੱਤੀ। ਜਦੋਂ ਤੱਕ ਪਰਿਵਾਰ ਦੇ ਮੈਂਬਰ ਛੱਤ 'ਤੇ ਪਹੁੰਚੇ, ਦੋਸ਼ੀ ਮੌਕੇ ਤੋਂ ਭੱਜ ਚੁੱਕੇ ਸਨ। ਪਰਿਵਾਰ ਨੇ ਕਿਹਾ ਕਿ ਉਨ੍ਹਾਂ ਦੀ ਕਿਸੇ ਨਾਲ ਕੋਈ ਦੁਸ਼ਮਣੀ ਨਹੀਂ ਹੈ ਅਤੇ ਉਹ ਇਸ ਗੱਲ ਤੋਂ ਅਸਮਰੱਥ ਹਨ ਕਿ ਉਨ੍ਹਾਂ ਦੇ ਘਰ ਨੂੰ ਕਿਉਂ ਨਿਸ਼ਾਨਾ ਬਣਾਇਆ ਗਿਆ। ਉਨ੍ਹਾਂ ਦਾ ਕਹਿਣਾ ਹੈ ਕਿ ਜੇਕਰ ਅੱਗ ਦਾ ਸਮੇਂ ਸਿਰ ਪਤਾ ਨਾ ਲੱਗਿਆ ਹੁੰਦਾ ਤਾਂ ਇਹ ਘਰ ਦੇ ਹੋਰ ਹਿੱਸਿਆਂ 'ਚ ਫੈਲ ਸਕਦੀ ਸੀ। ਉਥੇ ਹੀ ਮੁਹੱਲਾ ਵਾਸੀਆਂ ਨੇ ਰਾਤ ਨੂੰ ਇਲਾਕੇ 'ਚ ਪੁਲਸ ਗਸ਼ਤ ਵਧਾਉਣ ਅਤੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਲੋੜੀਂਦੀਆਂ ਸਟਰੀਟ ਲਾਈਟਾਂ ਲਗਾਉਣ ਦੀ ਮੰਗ ਕੀਤੀ ਹੈ। ਐੱਸ. ਐੱਚ. ਓ. ਸਤਨਾਮਪੁਰਾ ਗੁਰਨਾਮ ਸਿੰਘ ਨੇ ਦੱਸਿਆ ਕਿ ਇਕ ਪੁਲਸ ਪਾਰਟੀ ਪਹਿਲਾਂ ਹੀ ਘਟਨਾ ਸਥਾਨ 'ਤੇ ਭੇਜ ਦਿੱਤੀ ਗਈ ਹੈ। ਉਹ ਨਿੱਜੀ ਤੌਰ 'ਤੇ ਘਟਨਾ ਸਥਾਨ ਦਾ ਮੁਆਇਨਾ ਕਰ ਰਹੇ ਹਨ ਅਤੇ ਮਾਮਲੇ ਦੀ ਜਾਂਚ ਕਰ ਰਹੇ ਹਨ। ਪੁਲਸ ਸੀ. ਸੀ. ਟੀ. ਵੀ. ਫੁਟੇਜ ਦੇ ਆਧਾਰ 'ਤੇ ਦੋਸ਼ੀ ਦੀ ਪਛਾਣ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ

# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ । ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ ।

**ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ ।**

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137



ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404











**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ





Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

## ਸ਼੍ਰੋਮਣੀ ਕਮੇਟੀ ਮੈਂਬਰ ਅਮਰਜੀਤ ਸਿੰਘ ਚਾਵਲਾ ਤੇ ਗ੍ਰੰਥੀ ਸਿੰਘ ਮਲਕੀਤ ਸਿੰਘ ਨੂੰ

# ਖ਼ਾਲਸਾ ਪੰਥ 'ਚੋਂ ਕੀਤਾ ਖ਼ਾਰਜ

## ਪੰਜ ਸਿੰਘ ਸਹਿਬਾਨ ਨੇ ਸੁਣਾਇਆ ਫ਼ੈਸਲਾ

## ਜਦੋਂ ਤੱਕ ਅਮਰਜੀਤ ਸਿੰਘ ਇਸ ਮਾਮਲੇ ਵਿੱਚੋਂ ਨਿਰਦੋਸ਼ ਸਾਬਤ ਹੋ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਨਹੀਂ ਹੁੰਦਾ ਉਹ ਪੰਥ ਵਿੱਚੋਂ ਖਾਰਜ ਮੰਨੇ ਜਾਣਗੇ





ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਅਮਰਜੀਤ ਸਿੰਘ ਚਾਵਲਾ ਅਤੇ ਮੁਅੱਤਲ ਗ੍ਰੰਥੀ ਮਲਕੀਤ ਸਿੰਘ ਉੱਤੇ ਇੱਕ ਬੀਬੀ ਵੱਲੋਂ ਲਗਾਏ ਗਏ ਗੰਭੀਰ ਦੋਸ਼ਾਂ ਦੇ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਨੇ ਸਖ਼ਤ ਫੈਸਲਾ ਕਰਦਿਆਂ ਦੋਵਾਂ ਨੂੰ ਖ਼ਾਲਸਾ ਪੰਥ ਵਿੱਚੋਂ ਖਾਰਜ ਕਰ ਦਿੱਤਾ ਹੈ। ਕਿਹਾ ਗਿਆ ਹੈ ਕਿ ਗੰਭੀਰ ਦੋਸ਼ ਲੱਗਣ ਨਾਲ ਸਿੱਖ ਸੰਗਤ ਦੀਆਂ ਭਾਵਨਾਵਾਂ ਅਤੇ ਸਿੱਖ ਸੰਸਥਾਵਾਂ ਦੇ ਵਕਾਰ ਨੂੰ ਢਾਹ ਲੱਗੀ ਹੈ। ਸਮੂਹ ਸਿੱਖ ਸੰਗਤਾਂ ਨੂੰ ਆਦੇਸ਼ ਕੀਤਾ ਗਿਆ ਹੈ ਕਿ ਦੋਵਾਂ ਨਾਲ ਕਿਸੇ ਕਿਸਮ ਦੀ ਸਾਂਝ ਨਾ ਰੱਖੀ ਜਾਵੇ। ਦੋਵਾਂ ਉੱਤੇ ਜੀਵਨ ਭਰ ਲਈ ਸਿੱਖ ਸੰਸਥਾਵਾਂ ਅੰਦਰ ਕੰਮ ਕਰਨ ਦੀ ਮੁਕੰਮਲ ਰੋਕ ਲਗਾਈ ਗਈ ਹੈ। ਜਦੋਂ ਤੱਕ ਅਮਰਜੀਤ ਸਿੰਘ ਇਸ ਮਾਮਲੇ ਵਿੱਚੋਂ ਨਿਰਦੋਸ਼ ਸਾਬਤ ਹੋ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਨਹੀਂ ਹੁੰਦਾ ਉਹ ਪੰਥ ਵਿੱਚੋਂ ਖਾਰਜ ਮੰਨੇ ਜਾਣਗੇ। ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਅੱਜ ਹੋਈ ਇਕੱਤਰਤਾ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਕੇਵਲ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਗ੍ਰੰਥੀ ਗਿਆਨੀ ਗੁਰਬਖਸ਼ੀਸ਼ ਸਿੰਘ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪੰਜ ਪਿਆਰੇ ਭਾਈ ਮੰਗਲ ਸਿੰਘ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਪੰਥ 'ਚੋਂ ਖ਼ਾਰਜ ਕਰਨ ਅਤੇ ਸਮਾਜਿਕ ਸਾਂਝ 'ਤੇ ਰੋਕ ਦਾ ਹੁਕਮ :** ਜਾਰੀ ਕੀਤੇ ਗਏ ਹੁਕਮਨਾਮੇ ਅਨੁਸਾਰ ਮਲਕੀਤ ਸਿੰਘ ਨੂੰ ਤੁਰੰਤ ਪ੍ਰਭਾਵ ਨਾਲ ਖ਼ਾਲਸਾ ਪੰਥ 'ਚੋਂ ਖ਼ਾਰਜ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਸਮੁੱਚੀ ਸਿੱਖ ਸੰਗਤ ਨੂੰ ਸਖ਼ਤ ਆਦੇਸ਼ ਦਿੱਤਾ ਗਿਆ ਹੈ ਕਿ ਮਲਕੀਤ ਸਿੰਘ ਨਾਲ ਕਿਸੇ ਵੀ ਤਰ੍ਹਾਂ ਦੀ ਸਮਾਜਿਕ, ਧਾਰਮਿਕ ਜਾਂ ਪੰਥਕ ਸਾਂਝ ਨਾ ਰੱਖੀ ਜਾਵੇ। ਇਸ ਤੋਂ ਇਲਾਵਾ ਸਿੱਖ ਸੰਸਥਾਵਾਂ 'ਚ ਉਨ੍ਹਾਂ ਵੱਲੋਂ ਭਵਿੱਖ 'ਚ ਕਿਸੇ ਵੀ ਤਰ੍ਹਾਂ ਦੀ ਸੇਵਾ ਜਾਂ ਅਹੁਦਾ ਸੰਭਾਲਣ 'ਤੇ ਉਮਰ ਭਰ ਲਈ ਮੁਕੰਮਲ ਰੋਕ ਲਗਾ ਦਿੱਤੀ ਗਈ ਹੈ।


**ਦਿੱਲੀ ਅਤੇ ਮੁੰਬਈ ਦੇ ਮਾਮਲਿਆਂ 'ਚ ਪ੍ਰਬੰਧਕਾਂ ਨੂੰ ਵੀ ਤਾੜਨਾ-** ਇਸ ਦੌਰਾਨ ਪੰਜ ਸਿੰਘ ਸਾਹਿਬਾਨ ਦੀ ਮੀਟਿੰਗ 'ਚ ਕੁਝ ਹੋਰ ਮਾਮਲਿਆਂ 'ਤੇ ਵੀ ਵਿਚਾਰ-ਵਟਾਂਦਰਾ ਕਰਕੇ ਹੁਕਮ ਜਾਰੀ ਕੀਤੇ ਗਏ। ਇਨ੍ਹਾਂ 'ਚ ਦਿੱਲੀ ਦੇ ਸੁਭਾਸ਼ ਨਗਰ ਗੁਰਦੁਆਰਾ ਸਾਹਿਬ ਤੇ ਮੁੰਬਈ ਨਾਲ ਸਬੰਧਤ ਮਾਮਲੇ ਵੀ ਸ਼ਾਮਲ ਸਨ। ਇਨ੍ਹਾਂ ਮਾਮਲਿਆਂ ਨੂੰ ਲੈ ਕੇ ਸਬੰਧਤ ਪ੍ਰਬੰਧਕਾਂ ਨੂੰ ਸਿੱਖ ਮਰਿਆਦਾ ਦੀ ਪਾਲਣਾ ਯਕੀਨੀ ਬਣਾਉਣ ਲਈ ਸਖ਼ਤ ਤਾੜਨਾ ਤੇ ਚੇਤਾਵਨੀ ਦਿੱਤੀ ਗਈ।

ਜਥੇਦਾਰ ਸਾਹਿਬ ਨੇ ਮੀਰੀ-ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਤੇ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਦੇ ਚਰਨਾਂ 'ਚ ਅਰਦਾਸ ਕੀਤੀ ਕਿ ਸਿੱਖ ਕੌਮ ਅਤੇ ਸਿੱਖ ਸੰਸਥਾਵਾਂ ਦੀ ਮਾਣ-ਮਰਿਆਦਾ ਹਮੇਸ਼ਾ ਬੁਲੰਦ ਰਹੇ ਤੇ ਸਮੁੱਚੀ ਕੌਮ ਚੜ੍ਹਦੀ ਕਲਾ 'ਚ ਅੱਗੇ ਵਧੇ। ••

## ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਦੀ ਅਗਵਾਈ ਹੇਠ ਪਾਸ ਹੋਏ ਮਤੇ


ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Sri Akal Takhat Sahib, Sri Amritsar Sahib


ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Sri Akal Takhat Sahib, Sri Amritsar Sahib


ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Sri Akal Takhat Sahib, Sri Amritsar Sahib


ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Sri Akal Takhat Sahib, Sri Amritsar Sahib

## ਗੁਰਦੁਆਰਾ ਨਾਨਕਸਰ ਠਾਠ ਛਾਂਗਾ ਖੁਰਦ ਵਿਖੇ

# ਸਾਲਾਨਾ ਮਹਾਨ ਗੁਰਮਤਿ ਜਪ ਤਪ ਸਮਾਗਮ ਸ਼ਰਧਾ ਨਾਲ ਸੰਪੰਨ

### ਗੁਰੂ ਰਾਮਦਾਸ ਜੀ ਦੇ ਗੁਰਿਆਈ ਗੱਦੀ ਦਿਵਸ ਅਤੇ ਬਾਬਾ ਨੰਦ ਸਿੰਘ ਜੀ ਦੀ ਬਰਸੀ ਨੂੰ ਸਮਰਪਿਤ ਸਮਾਗਮ, ਵੱਡੀ ਗਿਣਤੀ 'ਚ ਸੰਗਤ ਨੇ ਭਰੀ ਹਾਜ਼ਰੀ

**ਫਿਰੋਜ਼ਪੁਰ 20 ਸਤੰਬਰ (ਮਨੋਹਰ ਲਾਲ)**-ਗੁਰਦੁਆਰਾ ਨਾਨਕਸਰ ਠਾਠ ਛਾਂਗਾ ਖੁਰਦ ਚੱਕ ਘੁਬਾਈ ਵਿਖੇ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਧੰਨ-ਧੰਨ ਸ੍ਰੀ ਗੁਰੂ ਰਾਮਦਾਸ ਜੀ ਦੇ ਗੁਰਿਆਈ ਗੱਦੀ ਦਿਵਸ ਅਤੇ ਧੰਨ-ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਦੀ ਮਿੱਠੀ ਯਾਦ ਨੂੰ ਸਮਰਪਿਤ ਸਾਲਾਨਾ ਮਹਾਨ ਗੁਰਮਤਿ ਜਪ ਤਪ ਸਮਾਗਮ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।











ਸਮਾਗਮ ਦੌਰਾਨ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ ਅਤੇ ਸ੍ਰੀ ਮਹਾ ਸੰਪਟ ਅਖੰਡ ਪਾਠ ਸਾਹਿਬਾਨ ਦੇ ਭੋਗ ਪਾਏ ਗਏ। ਭੋਗ ਉਪਰੰਤ ਵਿਸ਼ਾਲ ਕੀਰਤਨ ਦਰਬਾਰ ਸਜਾਇਆ ਗਿਆ, ਜਿਸ ਵਿੱਚ ਸਿੱਖ ਪੰਥ ਦੇ ਪ੍ਰਸਿੱਧ ਰਾਗੀ, ਕਥਾਵਾਚਕ ਅਤੇ ਢਾਡੀ ਜਥਿਆਂ ਨੇ ਗੁਰਬਾਣੀ ਕੀਰਤਨ ਅਤੇ ਗੁਰ ਇਤਿਹਾਸ ਦੀ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਬੁਲਾਰਿਆਂ ਨੇ ਸੰਗਤ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ 'ਤੇ ਚੱਲਣ ਅਤੇ ਗੁਰਮਤਿ ਮਾਰਗ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਮੌਜੂਦਾ ਮਹਾਂਪੁਰਖ ਸ਼੍ਰੀਮਾਨ ਸੰਤ ਬਾਬਾ ਗੁਰਜੀਤ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਨੇ ਹਾਜ਼ਰੀ ਭਰੀ। ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ, ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਨੇ ਵੀ ਪਹੁੰਚ ਕੇ ਕਥਾ ਅਤੇ ਕੀਰਤਨ ਰਾਹੀਂ ਸੰਗਤ ਨੂੰ ਗੁਰਬਾਣੀ ਨਾਲ ਜੋੜਿਆ। ਇਸ ਮੌਕੇ ਭਾਈ ਸਾਹਿਬ ਭਾਈ ਹਰਿੰਦਰ ਸਿੰਘ ਜੀ ਯੂ.ਕੇ ਵਾਲੇ ਨਿਰਵੈਰ ਖਾਲਸਾ ਜੱਥਾ ਵਿਸ਼ੇਸ਼ ਤੌਰ 'ਤੇ ਪਹੁੰਚਿਆ ਅਤੇ ਕਥਾ ਕੀਰਤਨ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ। ਇਸ ਤੋਂ ਇਲਾਵਾ ਸੰਤ ਬਾਬਾ ਗੁਰਚਰਨ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ, ਸੰਤ ਬਾਬਾ ਹਰੀ ਸਿੰਘ ਜੀ ਜੀਰੇ ਵਾਲੇ, ਭਾਈ ਸਾਹਿਬ ਭਾਈ ਹਰਿੰਦਰ ਸਿੰਘ ਜੀ ਯੂਕੇ ਵਾਲੇ, ਜਥੇਦਾਰ ਗਿਆਨੀ ਸੁਖਦੇਵ ਸਿੰਘ ਜੀ ਖਾਲਸਾ, ਮੁੱਖ ਬੁਲਾਰਾ ਦਮਦਮੀ ਟਕਸਾਲ, ਬਾਬਾ ਤਜਿੰਦਰ ਸਿੰਘ ਜੀ ਜਿੰਦੂ ਨਾਨਕਸਰ ਕਲੇਰਾਂ ਵਾਲੇ, ਬਾਬਾ ਬਲਜੀਤ ਸਿੰਘ ਜੀ ਗੁਰਦੁਆਰਾ ਠਾਠ ਸ਼ੇਰ ਮੁਹੰਮਦ ਕਲੇਰਾਂ ਵਾਲੇ ਸਮੇਤ ਕਈ ਸੰਤ-ਮਹਾਂਪੁਰਖਾਂ ਅਤੇ ਧਾਰਮਿਕ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ। ਸਮਾਗਮ ਵਿੱਚ ਮਾਤਾ ਵਿਪਨ ਪ੍ਰੀਤ ਕੌਰ ਜੀ ਦਾ ਕੀਰਤਨੀ ਜਥਾ ਲੁਧਿਆਣੇ ਵਾਲੇ, ਸੰਤ ਬਾਬਾ ਭਗਤ ਮਿਲਖਾ ਸਿੰਘ ਜੀ ਅਰਮਾਨਪੁਰਾ ਵਾਲੇ, ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ, ਬਾਬਾ ਸਤਨਾਮ ਸਿੰਘ ਜੀ ਵੱਲੀਆ, ਢਾਡੀ ਜਥਾ ਭਾਈ ਬੋਹੜ ਸਿੰਘ ਜੀ ਬਾਰੇ ਕੇ, ਭਾਈ ਸਰਬਜੀਤ ਸਿੰਘ ਜੀ ਗੁਰਦੁਆਰਾ ਜਾਮਨੀ ਸਾਹਿਬ ਵਜੀਦਪੁਰ ਵਾਲੇ, ਹਜ਼ੂਰੀ ਰਾਗੀ ਭਾਈ ਗੁਰਮੇਲ ਸਿੰਘ ਅਰਜਨ, ਭਾਈ ਗੁਰਬਖਸ਼ ਸਿੰਘ ਜੀ, ਭਾਈ ਹਰਨਾਮ ਸਿੰਘ ਜੀ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਦਵਿੰਦਰ ਸਿੰਘ ਸੋਢੀ ਅਤੇ ਭਾਈ ਬਲਜੀਤ ਸਿੰਘ ਬੱਬੂ ਸਮੇਤ ਹੋਰ ਜਥਿਆਂ ਅਤੇ ਸੇਵਾਦਾਰਾਂ ਨੇ ਵੀ ਹਾਜ਼ਰੀ ਲਵਾਈ। ਇਸ ਮੌਕੇ ਗੁਰੂ ਘਰ ਵੱਲੋਂ ਵੱਖ-ਵੱਖ ਮੈਡੀਕਲ ਕੈਂਪ ਵੀ ਲਗਾਏ ਗਏ। ਅੱਖਾਂ ਦੇ ਮੁਫ਼ਤ ਜਾਂਚ ਕੈਂਪ ਅਤੇ ਮੈਡੀਕਲ ਕੈਂਪਾਂ ਦੌਰਾਨ ਮਰੀਜ਼ਾਂ ਦੀ ਜਾਂਚ ਕਰਕੇ ਲੋੜ ਅਨੁਸਾਰ ਮੁਫ਼ਤ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ। ਸਮਾਗਮ ਦੌਰਾਨ ਵਿਸ਼ਾਲ ਅੰਮ੍ਰਿਤ ਸੰਚਾਰ ਵੀ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਦਾ ਪ੍ਰਣ ਲਿਆ। ਸੇਵਾਦਾਰ ਭਾਈ ਲੱਖਾ ਸਿੰਘ ਜੀ ਅਤੇ ਭਾਈ ਜਸਬੀਰ ਸਿੰਘ ਜੱਸੂ ਨੇ ਸੰਗਤ ਦੀ ਹੱਥੀਂ ਸੇਵਾ ਕੀਤੀ। ਸਟੇਜ ਦੀ ਸੇਵਾ ਭਾਈ ਹਰਨਾਮ ਸਿੰਘ ਜੀ ਨੇ ਸੁਚੱਜੇ ਢੰਗ ਨਾਲ ਨਿਭਾਈ। ਸਮਾਗਮ ਦੇ ਅੰਤ ਵਿੱਚ ਗੁਰੂ ਕਾ ਅਤੁੱਟ ਲੰਗਰ, ਮਿਠਾਈਆਂ ਅਤੇ ਹੋਰ ਪ੍ਰਸਾਦਿਆਂ ਦੇ ਲੰਗਰ ਵਰਤਾਏ ਗਏ। ਸਮਾਗਮ ਦੌਰਾਨ ਸੰਗਤ ਨੇ ਸ਼ਰਧਾ ਨਾਲ ਸੇਵਾ ਨਿਭਾਉਂਦਿਆਂ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

## ਤਲਵੰਡੀ ਸਾਬੋ ਦੇ ਗੁਰਦੁਆਰਾ ਲਿਖਣਸਰ ਸਾਹਿਬ ਸਰੋਵਰ ਤੋਂ

# ਗਾਰ ਕੱਢਣ ਦੀ ਸੇਵਾ ਸ਼ੁਰੂ, ਸੇਵਾਦਾਰਾਂ ਵਿੱਚ ਭਾਰੀ ਉਤਸ਼ਾਹ







ਤਲਵੰਡੀ ਸਾਬੋ, 20 ਸਤੰਬਰ (ਗੁਰਜੰਟ ਸਿੰਘ ਨਥੇਹਾ)- ਇਲਾਕੇ ਵਿੱਚ ਸ਼ਰਧਾਲੂਆਂ ਦੀ ਆਸਥਾ ਦੇ ਕੇਂਦਰ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਇਤਿਹਾਸਕ ਗੁਰਦੁਆਰਾ ਲਿਖਣਸਰ ਸਾਹਿਬ ਦੇ ਪਵਿੱਤਰ ਸਰੋਵਰ ਵਿੱਚੋਂ ਅੱਜ ਐਤਵਾਰ ਨੂੰ ਗਾਰ ਕੱਢਣ ਦੀ ਸੇਵਾ ਮਰਿਆਦਾ ਅਨੁਸਾਰ ਅਰਦਾਸ ਬੇਨਤੀ ਕਰਨ ਤੋਂ ਬਾਅਦ ਸ਼ੁਰੂ ਹੋਈ। ਇਸ ਪਵਿੱਤਰ ਸੇਵਾ ਵਿੱਚ ਪੰਜਾਬ ਹਰਿਆਣਾ ਤੋਂ ਸੈਂਕੜੇ ਸੇਵਾਦਾਰ ਪਹੁੰਚੇ ਹੋਏ ਹਨ। ਸਰੋਵਰ ਸਾਹਿਬ ਦੇ ਅੰਦਰ ਅਤੇ ਬਾਹਰ ਸੇਵਾਦਾਰਾਂ ਦੀਆਂ ਕਤਾਰਾਂ ਲੱਗੀਆਂ ਹੋਈਆਂ ਹਨ, ਜੋ ਟੋਕਰੀਆਂ ਰਾਹੀਂ ਗਾਰ ਨੂੰ ਬਾਹਰ ਕੱਢਣ ਦੀ ਸੇਵਾ ਨਿਭਾ ਰਹੇ ਹਨ। ਸੰਗਤਾਂ ਵਿੱਚ ਸੇਵਾ ਨੂੰ ਲੈ ਕੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਦੱਸਣਯੋਗ ਹੈ ਕਿ ਗੁਰਦੁਆਰਾ ਲਿਖਣਸਰ ਸਾਹਿਬ ਦਾ ਸਰੋਵਰ ਇਤਿਹਾਸਕ ਮਹੱਤਤਾ ਰੱਖਦਾ ਹੈ ਅਤੇ ਹਰ ਸਾਲ ਸੰਗਤਾਂ ਵੱਲੋਂ ਇੱਥੇ ਸੇਵਾ ਕੀਤੀ ਜਾਂਦੀ ਹੈ। ਇਹ ਸੇਵਾ ਅਗਲੇ ਕਈ ਦਿਨਾਂ ਤੱਕ ਜਾਰੀ ਰਹੇਗੀ।

## ਸ਼੍ਰੋਮਣੀ ਅਕਾਲੀ ਦਲ ਵੱਲੋਂ ਮੰਤਰੀ ਸੌਂਦ ਖਿਲਾਫ ਕੀਤੀ ਕਥਿਤ ਵਿਵਾਦਿਤ ਭਾਸ਼ਣਬਾਜੀ ਅਤੀ ਨਿੰਦਣਯੋਗ- ਰਾਮਗੜ੍ਹੀਆਂ ਬਿਰਾਦਰੀ 'ਚ ਰੋਸ ਦੀ ਲਹਿਰ

# ਧਰਨੇ ਵਿੱਚ ਬੈਠੇ ਸ਼੍ਰੋਮਣੀ ਅਕਾਲੀ ਦਲ ਸੀਨੀਅਰ ਆਗੂਆਂ 'ਤੇ ਹੋਵੇ ਕਾਰਵਾਈ

**ਫਿਰੋਜ਼ਪੁਰ, 20 ਸਤੰਬਰ (ਮਨੋਹਰ ਲਾਲ)**-ਬੀਤੇ ਦਿਨੀ ਅਕਾਲੀ ਆਗੂ ਬਲਵਿੰਦਰ ਸ਼ਰਮਾ ਫੌਜੀ ਵੱਲੋਂ ਬਿਜਲੀ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਖਿਲਾਫ ਧਰਨੇ ਦੌਰਾਨ ਕੀਤੀ ਕਥਿਤ ਵਿਵਾਦਿਤ ਬਿਆਨਬਾਜੀ ਅਤੇ ਵਰਤੀ ਜਾਤੀਵਾਦੀ ਟਿੱਪਣੀ ਦਾ ਮਾਮਲਾ ਦਿਨੋ ਦਿਨ ਗਰਮਾ ਰਿਹਾ ਹੈ ਜਿਸਦਾ ਦੇਸ਼ ਵਿਦੇਸ਼ਾਂ ਵਿੱਚ ਬੈਠੇ ਰਾਮਗੜ੍ਹੀਆ ਭਾਈਚਾਰੇ ਵਿੱਚ ਰੋਸ ਦੀ ਲਹਿਰ ਹੈ। ਪ੍ਰੈਸ ਨਾਲ ਗੱਲਬਾਤ ਕਰਦਿਆਂ ਮਨਜੀਤ ਸਿੰਘ ਔਲਖ ਚੈਅਰਮੈਨ ਰਾਮਗੜ੍ਹੀਆ ਬੋਰਡ ਜ਼ਿਲ੍ਹਾ ਫਿਰੋਜ਼ਪੁਰ ਪੰਜਾਬ ਸਰਕਾਰ ਤੇ ਸਰਪ੍ਰਸਤ ਜੱਸਾ ਸਿੰਘ ਰਾਮਗੜ੍ਹੀਆ ਵੈਲ ਸੁਸਾ ਰਜਿ ਪੰਜਾਬ ਭਾਰਤ ਨੇ ਦੱਸਿਆ ਪਿਛਲੇ ਦਿਨੀਂ ਧਰਨੇ ਦੌਰਾਨ ਅਕਾਲੀ ਦਲ ਦੇ ਆਗੂ ਬਲਵਿੰਦਰ ਸ਼ਰਮਾ ਫੌਜੀ ਵੱਲੋਂ ਮੰਤਰੀ ਸੌਂਦ ਖਿਲਾਫ ਵਰਤੀ ਭੱਦੀ ਸ਼ਬਦਾਵਲੀ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਅਕਾਲੀ ਦਲ ਨੇ ਪੂਰੇ ਰਾਮਗੜ੍ਹੀਆ ਭਾਈਚਾਰੇ ਨੂੰ ਬਦਨਾਮ ਅਤੇ ਮਾੜਾ ਵਿਖਾਉਣ ਦੀ ਕੋਸ਼ਿਸ਼ ਕੀਤੀ। ਧਰਨੇ ਵਿੱਚ ਅਕਾਲੀਆ ਦੇ ਸੀਨੀਅਰ ਆਗੂਆਂ ਨੇ ਰੋਕ ਟੋਕ ਕਰਨ ਦੀ ਬਜਾਏ ਹੱਸ ਹੱਸ ਕੇ ਉਸ ਦਾ ਹੌਂਸਲਾ ਅਫਜ਼ਾਈ ਕੀਤੀ, ਜਿਸ ਨੂੰ ਪੂਰੀ ਦੁਨੀਆ ਨੇ ਨੋਟਿਸ ਕੀਤਾ। ਅੱਗੇ ਬੋਲਦਿਆਂ ਔਲਖ ਨੇ ਕਿਹਾ ਅਕਾਲੀ ਦਲ ਵੱਲੋਂ ਬਲਵਿੰਦਰ ਸ਼ਰਮਾ ਦੇ ਬਿਆਨ ਦੀ ਨਿਖੇਧੀ ਨਾ ਕਰਨ 'ਤੇ ਉਸਦਾ ਬਿਰਾਦਰੀ ਖਿਲਾਫ ਚਿਹਰਾ ਜੱਗ ਜਾਹਰ ਹੋਇਆ ਹੈ, ਜਿਸ ਦੇ ਸਿੱਟੇ ਵਜੋਂ ਬਿਰਾਦਰੀ ਵਿਚ ਭਾਰੀ ਰੋਸ ਹੈ। ਉਨ੍ਹਾਂ ਅਕਾਲੀ ਦਲ ਦੇ ਧਰਨੇ ਦੌਰਾਨ ਧਰਨਾ ਪ੍ਰਬੰਧਕਾਂ ਅਤੇ ਸਟੇਜ ਸੈਕਟਰੀ ਅਤੇ ਅਕਾਲੀ ਆਗੂਆਂ 'ਤੇ ਵੀ ਸਖਤ ਕਾਰਵਾਈ ਕਰਨ ਦੀ ਪੰਜਾਬ ਸਰਕਾਰ ਮੰਗ ਕੀਤੀ। ਉਨ੍ਹਾਂ ਕਿਹਾ ਕਿ ਕਿਸੇ ਵੀ ਵਿਅਕਤੀ ਵਿਸ਼ੇਸ਼ ਵੱਲੋਂ ਕਿਸੇ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਣਾ ਅਤੇ ਜਾਤੀ ਪ੍ਰਤੀ ਅਪਸ਼ਬਦਾਂ ਦੀ ਵਰਤੋਂ ਕਰਨਾ ਉਸ ਪਾਰਟੀ ਅਤੇ ਆਗੂਆਂ ਦੀ ਸੌੜੀ ਸੋਚ ਨੂੰ ਦਰਸਾਉਂਦਾ ਹੈ। ਅੱਗੇ ਬੋਲਦਿਆਂ ਸਰਬਜੀਤ ਸਿੰਘ ਜੱਬਲ ਚੈਅਰਮੈਨ ਪੰਜਾਬ ਸਰਕਾਰ ਰਾਮਗੜ੍ਹੀਆ ਵੈਲ ਬੋਰਡ ਹਲਕਾ ਫਿਰੋਜ਼ਪੁਰ ਨੇ ਕਿਹਾ ਕਿ ਇਸ ਘਟਨਾ ਸਬੰਧੀ ਜੱਥੇਦਾਰ ਅਕਾਲ ਤਖ਼ਤ ਸਾਹਿਬ ਵੀ ਗੰਭੀਰਤਾ ਨਾਲ ਕਾਰਵਾਈ ਕਰਨਾ ਅਤੇ ਰਾਮਗੜ੍ਹੀਆ ਭਾਈਚਾਰੇ ਖਿਲਾਫ ਬੋਲੀ ਭੱਦੀ ਸ਼ਬਦਾਵਲੀ ਦੇ ਸਬੰਧ ਧਰਨਕਾਰੀਆਂ ਨੂੰ ਅਕਾਲ ਤਖ਼ਤ ਤਲਬ ਕਰਕੇ ਤਨਖਾਹ ਲਗਾਉਣ ਅਤੇ ਇਸ ਮੌਕੇ ਅਸੀ ਪ੍ਰਸਾਸ਼ਨ ਤੋਂ ਵੀ ਮੰਗ ਕਰਦੇ ਹਾਂ ਧਰਨਾ ਕਾਰੀਆਂ ਦੇ ਖਿਲਾਫ ਕਾਰਵਾਈ ਕੀਤੀ ਜਾਵੇ ਤਾਂ ਕਿ ਕੋਈ ਕਿਸੇ ਬਰਾਦਰੀਆਂ ਕੋਈ ਮਾੜਾ ਵਿਖਾਉਣ ਦੀ ਕੋਸ਼ਿਸ਼ ਨਾ ਕਰੇ। ਇਸ ਮੌਕੇ ਹਰਨੇਕ ਸਿੰਘ ਮਠਾੜੂ, ਸ਼ਮਸ਼ੇਰ ਸਿੰਘ ਕਲਸੀ, ਵਿਰਸਾ ਸਿੰਘ, ਹਰਭਜਨ ਸਿੰਘ, ਅੰਗਰੇਜ ਸਿੰਘ ਫੌਜੀ, ਅਮਨਦੀਪ ਸਿੰਘ ਜੱਬਲ, ਭੁਪਿੰਦਰ ਸਿੰਘ, ਸੁਖਵਿੰਦਰ ਸਿੰਘ ਚਾਨਾ, ਸਤਨਾਮ ਸਿੰਘ, ਗੁਰਪ੍ਰੀਤ ਸਿੰਘ ਆਦਿ ਆਗੂ ਸਰਕਾਰ ਤੋਂ ਕਾਰਵਾਈ ਦੀ ਮੰਗ ਕੀਤੀ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਜੱਥੇਬੰਦੀ ਦੀ ਸਰਬਸੰਮਤੀ ਨਾਲ ਹੋਈ ਚੋਣ ਵਿਚ

# ਸੰਦੀਪ ਸਿੰਘ ਦੀਦਾਰਗੜ੍ਹ ਬਣੇ ਪ੍ਰਧਾਨ - ਕਹੇਰੂ



**ਧੂਰੀ (ਰਣਜੀਤ ਸਿੰਘ ਪੇਧਨੀ)**-ਪਾਵਰਕਾਮ ਦੀ ਪ੍ਰਮੁੱਖ ਜੱਥੇਬੰਦੀ ਆਈ ਟੀ ਆਈ ਇੰਪਲਾਈਜ ਐਸੋਸੀਏਸ਼ਨ ਪੰਜਬ ਦੇ ਸੱਦੇ ਤੇ ਜੁਝਾਰੂ ਸਾਥੀਆਂ ਅੰਦਰ ਚੇਤਨਾ ਸਰਗਰਮੀਆਂ ਤਹਿਤ ਮੰਡਲ ਧੂਰੀ ਦੇ ਪ੍ਰਧਾਨ ਗੁਰਪਿੰਦਰ ਸਿੰਘ ਕਹੇਰੂ ਦੀ ਪ੍ਰਧਾਨਗੀ ਹੇਠ ਇੱਕ ਅਹਿਮ ਮੀਟਿੰਗ ਸਵ ਡਵੀਜ਼ਨ ਸ਼ੇਰਪੁਰ 1 ਦੇ ਕੰਪਲੇਟ ਸੈਂਟਰ ਕਾਤਰੋਂ ਵਿਖੇ ਹੋਈ। ਇਸ ਮੌਕੇ ਆਈ ਟੀ ਆਈ ਇੰਪਲਾਈਜ ਐਸੋਸੀਏਸ਼ਨ ਮੰਡਲ ਧੂਰੀ ਦੇ ਅਧੀਨ ਸਵ ਡਵੀਜ਼ਨ ਸ਼ੇਰਪੁਰ 1ਦੇ ਸਰਗਰਮ ਆਗੂਆਂ ਅਤੇ ਜੁਝਾਰੂ ਸਾਥੀਆਂ ਨੂੰ ਸੰਬੋਧਨ ਕਰਦਿਆਂ ਸਰਕਲ ਮੀਤ ਪ੍ਰਧਾਨ ਪੂਰਨ ਸਿੰਘ ਖੇੜੀ ਨੇ ਦੱਸਿਆ ਕਿ ਅੱਜ ਪੰਜਾਬ ਦਾ ਸਮੁੱਚਾ ਮੁਲਾਜਮ ਵਰਗ ਆਪਣੀਆਂ ਜਾਇਜ ਅਤੇ ਹੱਕੀ ਮੰਗਾਂ ਲਈ ਸਾਂਝੇ ਸੰਘਰਸ਼ ਪ੍ਰੋਗਰਾਮਾਂ ਵਿੱਚ ਵੱਡੇ ਪੱਧਰ ਤੇ ਸ਼ਮੂਲੀਅਤ ਕਰ ਰਿਹਾ ਹੈ। ਪਾਵਰਕੌਮ ਮੇਂਨਜਮੇਂਟ ਵੀ ਮੁਲਾਜਮਾਂ ਨੂੰ ਸੇਫਟੀ ਕਿੱਟਾਂ ਦੇਣ ਤੋਂ ਨਾਂਹ ਕਰ ਰਹੀ, ਇਸ ਨਾਲ ਬਿਜਲੀ ਮੁਲਾਜਮ ਹਾਦਸਿਆਂ ਦਾ ਸ਼ਿਕਾਰ ਹੋ ਰਹੇ ਹਨ ਅਤੇ ਸਮੁੱਚੇ ਮੁਲਾਜਮ ਵਰਗ ਦੇ ਵੱਖ ਵੱਖ ਕੇਡਰ ਦੀਆਂ ਤਰੱਕੀਆਂ ਵਿੱਚ ਖੜੋਤ ਨੂੰ ਦੂਰ ਕਰਨ ਵਿੱਚ ਅਸਫਲ ਰਹੀ ਹੈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਪਿੰਦਰ ਸਿੰਘ ਕਹੇਰੂ ਨੇ ਦੱਸਿਆ ਕਿ ਆਈ ਟੀ ਆਈ ਇੰਪਲਾਈਜ ਐਸੋਸੀਏਸ਼ਨ ਹਮੇਸ਼ਾਂ ਸਮੁੱਚੇ ਮੁਲਾਜਮ ਵਰਗ ਦੀਆਂ ਮੁਸਕਲਾਂ ਦੇ ਹੱਲ ਲਈ ਤੱਤਪਰ ਰਹਿੰਦੀਆਂ ਹਨ ਉਹਨਾਂ ਵੱਲੋਂ ਦੱਸਿਆ ਗਿਆ ਹੈ ਕਿ ਐਕਸ਼ਨ ਧੂਰੀ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਕਿਸਾਨਾਂ ਨੂੰ ਅਪੀਲ ਕਰਨ ਲਈ ਟੈਕਨੀਕਲ ਕਰਮਚਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ ਜਿਸ ਨਾਲ ਖਪਤਕਾਰਾਂ ਨੂੰ ਸੰਚਾਰੂ ਢੰਗ ਨਾਲ ਬਿਜਲੀ ਸਪਲਾਈ ਬਹਾਲ ਕਰਨ ਵਿੱਚ ਵੱਡੀ ਖੜੋਤ ਪੈਦਾ ਹੁੰਦੀ ਹੈ ਐਕਸਨ ਧੂਰੀ ਵੱਲੋਂ ਇਸ ਮਸਲੇ ਨੂੰ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ। ਅੱਜ ਉਪ ਮੰਡਲ ਸ਼ੇਰਪੁਰ 1 ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ । ਪ੍ਰਧਾਨ ਸੰਦੀਪ ਸਿੰਘ ਦੀਦਾਰਗੜ੍ਹ, ਸੀਨੀਅਰ ਮੀਤ ਪ੍ਰਧਾਨ ਸਤਨਾਮ ਸਿੰਘ , ਮੀਤ ਪ੍ਰਧਾਨ ਸੁਖਦੀਪ ਸਿੰਘ ਭਸੌੜ , ਜਰਨਲ ਸਕੱਤਰ ਗੁਰਦੀਪ ਸਿੰਘ ਸਲੇਮਪੁਰ , ਖਜ਼ਾਨਚੀ ਰੁਪਿੰਦਰ ਸਿੰਘ ਘਨੌਰੀ , ਸਹਾਇਕ ਖਜ਼ਾਨਚੀ ਲਵਪ੍ਰੀਤ ਸਿੰਘ ਟਿੱਬਾ , ਪ੍ਰੈਸ ਸਕੱਤਰ ਕੇਸ਼ਰ ਸਿੰਘ, ਸਹਾਇਕ ਪ੍ਰੈਸ ਸਕੱਤਰ ਅਮਨਪ੍ਰੀਤ ਸਿੰਘ ਕਾਲਾਬੂਲਾ । ਇਸ ਮੌਕੇ ਅੰਮ੍ਰਿਤਪਾਲ ਸਿੰਘ ਅਲਾਲ , ਹਰਦੀਪ ਕੁਮਾਰ, ਇੰਦਰਜੀਤ ਕੁਮਾਰ,ਸਮਨਦੀਪ ਸਿੰਘ,ਗਗਨਦੀਪ ਸਿੰਘ, ਸਤਨਾਮ ਸਿੰਘ, ਕੇਸ਼ਰ ਸਿੰਘ, ਲਖਵਿੰਦਰ ਸਿੰਘ ਆਦਿ ਸਾਥੀ ਹਾਜ਼ਰ ਸਨ।

### ਭ੍ਰਿਸ਼ਟਾਚਾਰ ਦੇ ਸਾਰੇ ਦਰਵਾਜ਼ੇ ਬੰਦ ਕਰਕੇ ਲੋਕਾਂ ਦਾ ਪੈਸਾ

# ਲੋਕ ਭਲਾਈ ਲਈ ਖਰਚਿਆ ਜਾ ਰਿਹਾ ਹੈ: ਮੁੱਖ ਮੰਤਰੀ ਭਗਵੰਤ ਸਿੰਘ ਮਾਨ



**ਧੂਰੀ( ਰਣਜੀਤ ਸਿੰਘ ਪੇਧਨੀ)** -ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਉਨ੍ਹਾਂ ਦੀ ਸਰਕਾਰ ਔਰਤਾਂ ਅਤੇ ਆਮ ਪਰਿਵਾਰਾਂ ਨੂੰ ਸਿੱਧੇ ਲਾਭ ਪਹੁੰਚਾ ਰਹੀ ਹੈ, ਜਦੋਂ ਕਿ ਲੋਕਾਂ ਦਾ ਪੈਸਾ ਪੰਜਾਬ ਦੇ ਵਿਕਾਸ ਲਈ ਵਰਤਿਆ ਜਾ ਰਿਹਾ ਹੈ। ਬਾਲੀਆਂ ਵਿੱਚ ਇੱਕ ਲੋਕ ਮਿਲਣੀ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਔਰਤਾਂ ਨੂੰ ਇੱਕ ਅਕਤੂਬਰ ਨੂੰ ਉਨ੍ਹਾਂ ਦੇ ਫੋਨਾਂ 'ਤੇ ਸਨਮਾਨ ਰਾਸ਼ੀ ਪਹੁੰਚਣ ਦਾ 'ਟੂੰ-ਟੂੰ' ਦਾ ਸੰਦੇਸ਼ ਫਿਰ ਸੁਣਾਈ ਦੇਵੇਗਾ, ਜਿਸ ਵਿੱਚ ਦਲਿਤ ਔਰਤਾਂ ਨਾਲ ਕੀਤੇ 1,000 ਰੁਪਏ ਦੇ ਵਾਅਦੇ ਦੇ ਮੁਕਾਬਲੇ 1,500 ਰੁਪਏ ਪ੍ਰਤੀ ਮਹੀਨਾ ਮਿਲਣਗੇ।

ਪੰਜਾਬ ਵਿੱਚ ਵੋਟਾਂ ਮੰਗਣ ਆਈ ਭਾਜਪਾ 'ਤੇ ਸਵਾਲ ਚੁੱਕਦਿਆਂ, ਮੁੱਖ ਮੰਤਰੀ ਨੇ ਪੁੱਛਿਆ ਕਿ 750 ਕਿਸਾਨਾਂ ਦੀ ਮੌਤ ਤੋਂ ਬਾਅਦ ਭਾਜਪਾ ਲੋਕਾਂ ਦਾ ਸਮਰਥਨ ਕਿਵੇਂ ਮੰਗ ਸਕਦੀ ਹੈ। ਉਨ੍ਹਾਂ ਨੇ ਇਹ ਵੀ ਦਾਅਵਾ ਕੀਤਾ ਕਿ ਉਨ੍ਹਾਂ ਦੀ ਸਰਕਾਰ ਨੇ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਉੱਚਾ ਚੁੱਕ ਕੇ ਪੰਜਾਬ ਦੇ ਮਾਰੂਥਲ ਬਣਨ ਦੀ ਭਵਿੱਖਬਾਣੀ ਨੂੰ ਗਲਤ ਸਾਬਤ ਕਰ ਦਿੱਤਾ ਹੈ ਅਤੇ ਭ੍ਰਿਸ਼ਟਾਚਾਰ ਦੇ ਸਾਰੇ ਦਰਵਾਜ਼ੇ ਬੰਦ ਕਰ ਦਿੱਤੇ ਹਨ।

ਲੋਕ ਮਿਲਣੀ ਦੌਰਾਨ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਸ਼ਾਸਨ ਦਾ ਰੁਖ ਆਮ ਨਾਗਰਿਕਾਂ, ਕਿਸਾਨਾਂ, ਨੌਜਵਾਨਾਂ, ਔਰਤਾਂ ਅਤੇ ਵਿਦਿਆਰਥੀਆਂ ਦੀ ਭਲਾਈ ਵੱਲ ਮੋੜਿਆ ਹੈ। ਉਨ੍ਹਾਂ ਕਿਹਾ, "ਪੰਜਾਬ ਨੇ ਦਹਾਕਿਆਂ ਤੱਕ ਕੁਝ ਗਿਣਵੇਂ-ਚੁਣਵੇਂ ਪਰਿਵਾਰਾਂ ਦੁਆਲੇ ਘੁੰਮਦੀ ਰਾਜਨੀਤੀ ਦੇਖੀ ਹੈ। ਅੱਜ ਆਮ ਲੋਕਾਂ ਨੇ ਜਵਾਬਦੇਹੀ ਅਤੇ ਵਿਕਾਸ ਦੀ ਮੰਗ ਕਰਨੀ ਸ਼ੁਰੂ ਕਰ ਦਿੱਤੀ ਹੈ ਅਤੇ ਇਹ ਅਜਿਹੀ ਗੱਲ ਹੈ ਜਿਸ ਨੂੰ ਦਹਾਕਿਆਂ ਤੱਕ ਪੰਜਾਬ 'ਤੇ ਰਾਜ ਕਰਨ ਵਾਲੀਆਂ ਸਿਆਸੀ ਪਾਰਟੀਆਂ ਲਈ ਹਜ਼ਮ ਕਰਨਾ ਮੁਸ਼ਕਲ ਹੋ ਰਿਹਾ ਹੈ। ਵਿਰੋਧੀ ਧਿਰ ਮੁੱਖ ਤੌਰ 'ਤੇ ਸਾਡੀ ਸਰਕਾਰ ਅਤੇ ਸਾਡੇ ਲੋਕ ਪੱਖੀ ਉਪਰਾਲਿਆਂ ਦੇ ਵਿਰੋਧ ਕਾਰਨ ਇਕਜੁੱਟ ਹੈ।"

### ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੰਗਰੂਰ ਦੇ ਬਾਲੀਆਂ ਵਿਖੇ ਲੋਕ ਮਿਲਣੀ ਨੂੰ ਸੰਬੋਧਨ ਕੀਤਾ

ਉਨ੍ਹਾਂ ਅੱਗੇ ਕਿਹਾ, "ਰੋਜ਼ਗਾਰ ਮੁਹੱਈਆ ਕਰਵਾਉਣ ਦਾ ਉਦੇਸ਼ ਸਿਰਫ਼ ਨੌਕਰੀ ਦੇਣਾ ਹੀ ਨਹੀਂ ਹੈ। ਇਹ ਨੌਜਵਾਨਾਂ ਨੂੰ ਮਾਣ-ਸਤਿਕਾਰ, ਆਰਥਿਕ ਸੁਤੰਤਰਤਾ ਅਤੇ ਉਨ੍ਹਾਂ ਦੇ ਪਰਿਵਾਰਾਂ ਦੇ ਜੀਵਨ ਪੱਧਰ ਨੂੰ ਸੁਧਾਰਨ ਦਾ ਮੌਕਾ ਦੇਣ ਬਾਰੇ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਅਸੀਂ 2022 ਵਿੱਚ ਘਰੇਲੂ ਖਪਤਕਾਰਾਂ ਲਈ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ ਦਾ ਐਲਾਨ ਕੀਤਾ ਸੀ ਅਤੇ ਇਹ ਸਕੀਮ ਘਰਾਂ ਨੂੰ ਕਾਫ਼ੀ ਰਾਹਤ ਪ੍ਰਦਾਨ ਕਰ ਰਹੀ ਹੈ। ਜਨਤਕ ਸਰੋਤਾਂ ਦੀ ਵਰਤੋਂ ਨਾਗਰਿਕਾਂ ਨੂੰ ਸਿੱਧਾ ਲਾਭ ਪਹੁੰਚਾਉਣ ਲਈ ਕੀਤੀ ਜਾਣੀ ਚਾਹੀਦੀ ਹੈ। ਊਰਜਾ ਸੁਰੱਖਿਆ ਨੂੰ ਯਕੀਨੀ ਬਣਾਉਣ ਅਤੇ ਸੂਬੇ ਦੀਆਂ ਲੋੜਾਂ ਪੂਰੀਆਂ ਕਰਨ ਲਈ ਪੰਜਾਬ ਦੇ ਆਪਣੇ ਬਿਜਲੀ ਢਾਂਚੇ ਨੂੰ ਮਜ਼ਬੂਤ ਕਰਨਾ ਜ਼ਰੂਰੀ ਹੈ। ਲਹਿਰਾ ਮੁਹੱਬਤ ਵਿਖੇ ਗੁਰੂ ਗੋਬਿੰਦ ਸਿੰਘ ਸੁਪਰ ਥਰਮਲ ਪਾਵਰ ਪਲਾਂਟ ਪੰਜਾਬ ਦੇ ਬਿਜਲੀ ਬੁਨਿਆਦੀ ਢਾਂਚੇ ਦਾ ਅਹਿਮ ਹਿੱਸਾ ਹੈ।"

ਮੁੱਖ ਮੰਤਰੀ ਨੇ ਕਿਹਾ, "ਅਸੀਂ ਲੋਕਾਂ ਦੇ ਪੈਸੇ ਦੀ ਵਰਤੋਂ ਸਮਝਦਾਰੀ ਨਾਲ ਕਰ ਰਹੇ ਹਾਂ। ਜਦੋਂ ਲੋਕਾਂ ਦਾ ਪੈਸਾ ਵਿੱਤੀ ਲੀਕੇਜ ਰਾਹੀਂ ਬਰਬਾਦ ਹੋਣ ਦੀ ਬਜਾਏ ਲੋਕਾਂ ਤੱਕ ਪਹੁੰਚਦਾ ਹੈ ਤਾਂ ਸੜਕਾਂ, ਸਕੂਲ, ਹਸਪਤਾਲ ਅਤੇ ਹੋਰ ਜਨਤਕ ਕੰਮ ਕੀਤੇ ਜਾ ਸਕਦੇ ਹਨ। ਸਰਕਾਰੀ ਪ੍ਰੋਗਰਾਮ ਤਾਂ ਹੀ ਸਾਰਥਕ ਹੁੰਦੇ ਹਨ ਜਦੋਂ ਉਨ੍ਹਾਂ ਦਾ ਲਾਭ ਆਮ ਪਰਿਵਾਰਾਂ ਤੱਕ ਪਹੁੰਚਦਾ ਹੈ।"

ਉਨ੍ਹਾਂ ਕਿਹਾ, "ਮਾਵਾਂ ਨੇ ਮੈਨੂੰ ਦੱਸਿਆ ਹੈ ਕਿ ਉਨ੍ਹਾਂ ਨੂੰ ਦਿੱਤੀ ਜਾ ਰਹੀ ਵਿੱਤੀ ਸਹਾਇਤਾ ਦੀ ਵਰਤੋਂ ਉਨ੍ਹਾਂ ਦੇ ਬੱਚਿਆਂ ਦੀ ਪੜ੍ਹਾਈ ਦੀ ਫੀਸ, ਘਰੇਲੂ ਲੋੜਾਂ ਅਤੇ ਹੋਰ ਜ਼ਰੂਰੀ ਖਰਚਿਆਂ ਲਈ ਕੀਤੀ ਜਾ ਰਹੀ ਹੈ। ਭਲਾਈ ਪ੍ਰੋਗਰਾਮਾਂ ਦਾ ਇਹੀ ਉਦੇਸ਼ ਹੁੰਦਾ ਹੈ, ਪਰਿਵਾਰਾਂ ਨੂੰ ਸਿੱਧੀ ਸਹਾਇਤਾ ਪ੍ਰਦਾਨ ਕਰਨਾ।"

ਮੁੱਖ ਮੰਤਰੀ ਨੇ ਐਲਾਨ ਕੀਤਾ, "1 ਅਕਤੂਬਰ ਨੂੰ ਔਰਤਾਂ ਦੇ ਫੋਨਾਂ 'ਤੇ ਨੋਟੀਫਿਕੇਸ਼ਨ ਦੀ ਟੂੰ-ਟੂੰ ਫਿਰ ਵੱਜੇਗੀ ਅਤੇ 'ਮਾਵਾਂ ਧੀਆਂ ਸਤਿਕਾਰ ਯੋਜਨਾ' ਦਾ ਲਾਭ ਮਿਲੇਗਾ।" ਉਨ੍ਹਾਂ ਦੱਸਿਆ, "ਕਾਂਗਰਸ ਅਤੇ ਅਕਾਲੀ ਦਲ ਸਾਡੀ ਸਰਕਾਰ ਵੱਲੋਂ ਐਲਾਨੀਆਂ ਕਈ ਸਕੀਮਾਂ ਦਾ ਵਿਰੋਧ ਕਰ ਰਹੇ ਹਨ। ਵਿਰੋਧੀ ਧਿਰ ਦੇ ਕੁਝ ਆਗੂਆਂ ਨੇ ਸੱਤਾ ਵਿੱਚ ਵਾਪਸ ਆਉਣ 'ਤੇ ਸਰਕਾਰੀ ਸਕੀਮਾਂ ਨੂੰ ਬੰਦ ਕਰਨ ਦੀ ਗੱਲ ਕਹੀ ਹੈ। ਸਿਆਸੀ ਪਾਰਟੀਆਂ ਨੂੰ ਸਿਰਫ ਮੌਜੂਦਾ ਪ੍ਰੋਗਰਾਮਾਂ ਦੀ ਆਲੋਚਨਾ ਕਰਨ ਦੀ ਬਜਾਏ ਲੋਕਾਂ ਨੂੰ ਇਹ ਦੱਸਣਾ ਚਾਹੀਦਾ ਹੈ ਕਿ ਉਹ ਪੰਜਾਬ ਲਈ ਕੀ ਕਰਨਾ ਚਾਹੁੰਦੇ ਹਨ।" ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪੰਜਾਬ ਦੇ ਪਾਣੀ ਦਾ ਸੰਕਟ ਸਾਡੇ ਭਵਿੱਖ ਦਾ ਸਵਾਲ ਹੈ। ਅਸੀਂ ਖੇਤੀਬਾੜੀ ਨੂੰ ਨਹਿਰੀ ਸਿੰਚਾਈ ਵੱਲ ਤਬਦੀਲ ਕਰਨ ਅਤੇ ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਘਟਾਉਣ ਲਈ ਵੱਡੇ ਕੰਮ ਕੀਤੇ ਹਨ। ਇਸ ਸਿੰਚਾਈ ਮੁਹਿੰਮ ਦੇ ਹਿੱਸੇ ਵਜੋਂ ਲਗਭਗ 14,000 ਕਿਲੋਮੀਟਰ ਪਾਈਪਲਾਈਨਾਂ ਵਿਛਾਈਆਂ ਗਈਆਂ ਹਨ ਅਤੇ ਨਹਿਰੀ ਪਾਣੀ ਦੀ ਵਰਤੋਂ ਵਿੱਚ ਕਾਫ਼ੀ ਵਾਧਾ ਹੋਇਆ ਹੈ। ਇਸ ਮੌਕੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਦਲਵੀਰ ਸਿੰਘ ਢਿੱਲੋ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਜਸਵੀਰ ਸਿੰਘ ਜੱਸੀ ਸੇਖੋਂ, ਚੇਅਰਮੈਨ ਰਛਪਾਲ ਸਿੰਘ ਭੁੱਲਰ,ਅਮਰਜੋਤ ਕੌਰ ਪ੍ਰਧਾਨ ਮਿਉਂਸਪਲ ਕਮੇਟੀ ਧੂਰੀ, ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਡਾਇਰੈਕਟਰ ਵੇਰਕਾ ਮਿਲਕ ਪਲਾਂਟ, ਚੇਅਰਮੈਨ ਰਣਜੋਧ ਸਿੰਘ ਕਾਂਝਲਾ, ਗਗਨ ਜਵੰਦਾ ਪ੍ਰਧਾਨ ਟਰੱਕ ਯੂਨੀਅਨ, ਸਰਪੰਚ ਅੰਮ੍ਰਿਤ ਚਹਿਲ ਮੈਬਰ ਜਿਲ੍ਹਾ ਪ੍ਰੀਸ਼ਦ, ਸਰਪੰਚ ਕੁਲਦੀਪ ਸਿੰਘ ਬਾਲੀਆਂ, ਸਰਪੰਚ ਰਾਜ ਸਿੰਘ ਮਾਨਵਾਲਾ, ਕਰਮਜੀਤ ਸਿੰਘ ਕਾਂਝਲਾ, ਪਰਮਜੀਤ ਸਿੰਘ ਕਾਂਝਲਾ, ਸਤਿਨਾਮ ਸਿੰਘ ਢਢੋਗਲ, ਮਾਣਾ ਗਰੇਵਾਲ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਸਿਮਰਨਜੀਤ ਸਿੰਘ ਬਟੂਹਾ, ਸਰਪੰਚ ਰਾਜੂ ਬਰੜਵਾਲ, ਸਰਪੰਚ ਮਨਪ੍ਰੀਤ ਸ਼ਰਮਾ ਜਹਾਂਗੀਰ, ਸਰਪੰਚ ਸੁਖਚੈਨ ਸਿੰਘ ਮੂਲੋਵਾਲ, ਸਰਪੰਚ ਰਿੰਕਾ ਹਸਨਪੁਰ, ਕੁਲਵਿੰਦਰ ਸਿੰਘ ਬੌਗੜ, ਸੰਦੀਪ ਸਿੰਘ ਹਸਨਪੁਰ ਹਾਜ਼ਰ ਸਨ।

# ਮਹਿੰਗਾਈ ਦੀ ਮਾਰ ਹੇਠ ਲੋੜਵੰਦ ਪਰਿਵਾਰਾਂ ਲਈ ਨੈਸ਼ਨਲ ਅਕਾਲੀ ਦਲ ਬਣਿਆ ਸਹਾਰਾ, ਤਿਲਕ ਨਗਰ ਦੇ ਸੰਤ ਨਗਰ 'ਚ ਰਾਸ਼ਨ, ਸਬਜ਼ੀਆਂ, ਖੰਡ ਤੇ ਹੋਰ ਜ਼ਰੂਰੀ ਸਮਾਨ ਵੰਡਿਆ

### ਪਰਮਜੀਤ ਸਿੰਘ ਪੰਮਾ ਤੇ ਰਸ਼ਮੀਤ ਕੌਰ ਬਿੰਦਰਾ ਵੱਲੋਂ ਸਮਾਜ ਨੂੰ ਸੇਵਾ ਲਈ ਅੱਗੇ ਆਉਣ ਦੀ ਅਪੀਲ





**ਨਵੀਂ ਦਿੱਲੀ, 20 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- ਮਹਿੰਗਾਈ ਦੇ ਲਗਾਤਾਰ ਵੱਧ ਰਹੇ ਬੋਝ ਕਾਰਨ ਆਰਥਿਕ ਤੰਗੀ ਦਾ ਸਾਹਮਣਾ ਕਰ ਰਹੇ ਲੋੜਵੰਦ ਪਰਿਵਾਰਾਂ ਦੀ ਮਦਦ ਲਈ ਨੈਸ਼ਨਲ ਅਕਾਲੀ ਦਲ ਵੱਲੋਂ ਸੇਵਾ ਦਾ ਉਪਰਾਲਾ ਕੀਤਾ ਗਿਆ। ਪੱਛਮੀ ਦਿੱਲੀ ਦੇ ਤਿਲਕ ਨਗਰ ਸਥਿਤ ਸੰਤ ਨਗਰ ਵਿਖੇ ਨੈਸ਼ਨਲ ਅਕਾਲੀ ਦਲ ਦੀ ਸੋਸ਼ਲ ਵਿੰਗ ਦੀ ਕੌਮੀ ਪ੍ਰਧਾਨ ਰਸ਼ਮੀਤ ਕੌਰ ਬਿੰਦਰਾ ਦੀ ਅਗਵਾਈ ਹੇਠ ਕਰਵਾਏ ਗਏ ਪ੍ਰੋਗਰਾਮ ਦੌਰਾਨ ਲੋੜਵੰਦ ਪਰਿਵਾਰਾਂ ਅਤੇ ਬੱਚਿਆਂ ਨੂੰ ਰਾਸ਼ਨ, ਸਬਜ਼ੀਆਂ, ਖੰਡ ਸਮੇਤ ਰੋਜ਼ਾਨਾ ਵਰਤੋਂ ਦੀਆਂ ਹੋਰ ਜ਼ਰੂਰੀ ਵਸਤਾਂ ਵੰਡੀਆਂ ਗਈਆਂ। ਪ੍ਰੋਗਰਾਮ ਦੇ ਮੁੱਖ ਮਹਿਮਾਨ ਅਤੇ ਨੈਸ਼ਨਲ ਅਕਾਲੀ ਦਲ ਦੇ ਕੌਮੀ ਪ੍ਰਧਾਨ ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਲਗਾਤਾਰ ਵੱਧ ਰਹੀ ਮਹਿੰਗਾਈ ਨੇ ਆਮ ਪਰਿਵਾਰਾਂ ਦੇ ਘਰੇਲੂ ਬਜਟ 'ਤੇ ਭਾਰੀ ਬੋਝ ਪਾਇਆ ਹੈ। ਸੀਮਤ ਆਮਦਨ ਵਾਲੇ ਪਰਿਵਾਰਾਂ ਲਈ ਬੱਚਿਆਂ ਦੀਆਂ ਲੋੜਾਂ ਪੂਰੀਆਂ ਕਰਨ ਦੇ ਨਾਲ-ਨਾਲ ਰੋਜ਼ਾਨਾ ਦੀਆਂ ਮੁੱਢਲੀਆਂ ਜ਼ਰੂਰਤਾਂ ਪੂਰੀਆਂ ਕਰਨਾ ਵੀ ਮੁਸ਼ਕਲ ਹੁੰਦਾ ਜਾ ਰਿਹਾ ਹੈ। ਪਰਮਜੀਤ ਸਿੰਘ ਪੰਮਾ ਅਤੇ ਰਸ਼ਮੀਤ ਕੌਰ ਬਿੰਦਰਾ ਨੇ ਕਿਹਾ ਕਿ ਸਮਾਜ ਸੇਵਾ ਸਿਰਫ਼ ਬਿਆਨਾਂ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ, ਸਗੋਂ ਲੋੜਵੰਦ ਪਰਿਵਾਰਾਂ ਤੱਕ ਮਦਦ ਪਹੁੰਚਾਉਣਾ ਹੀ ਮਨੁੱਖਤਾ ਦੀ ਅਸਲ ਸੇਵਾ ਹੈ। ਉਨ੍ਹਾਂ ਕਿਹਾ ਕਿ ਨੈਸ਼ਨਲ ਅਕਾਲੀ ਦਲ ਆਮ ਲੋਕਾਂ ਦੇ ਮੁੱਦੇ ਉਠਾਉਣ ਦੇ ਨਾਲ-ਨਾਲ ਲੋੜਵੰਦਾਂ ਦੀ ਮਦਦ ਲਈ ਵੀ ਆਪਣੀ ਸਮਾਜਿਕ ਜ਼ਿੰਮੇਵਾਰੀ ਨਿਭਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਹਿੰਗਾਈ ਦਾ ਸਭ ਤੋਂ ਵੱਧ ਅਸਰ ਘੱਟ ਆਮਦਨ ਵਾਲੇ ਪਰਿਵਾਰਾਂ 'ਤੇ ਪੈਂਦਾ ਹੈ। ਖਾਸ ਕਰਕੇ ਬੱਚਿਆਂ ਵਾਲੇ ਪਰਿਵਾਰਾਂ ਦੀਆਂ ਮੁੱਢਲੀਆਂ ਜ਼ਰੂਰਤਾਂ ਨੂੰ ਧਿਆਨ ਵਿਚ ਰੱਖਦਿਆਂ ਇਹ ਸੇਵਾ ਪ੍ਰੋਗਰਾਮ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਨੈਸ਼ਨਲ ਅਕਾਲੀ ਦਲ ਦੀ ਸੋਸ਼ਲ ਵਿੰਗ ਵੱਲੋਂ ਭਵਿੱਖ ਵਿਚ ਵੀ ਲੋੜਵੰਦ ਲੋਕਾਂ ਦੀ ਸਹਾਇਤਾ ਲਈ ਅਜਿਹੇ ਉਪਰਾਲੇ ਜਾਰੀ ਰੱਖੇ ਜਾਣਗੇ।ਸਹਾਇਤਾ ਪ੍ਰਾਪਤ ਕਰਨ ਵਾਲੇ ਪਰਿਵਾਰਾਂ ਨੇ ਪਰਮਜੀਤ ਸਿੰਘ ਪੰਮਾ ਅਤੇ ਰਸ਼ਮੀਤ ਕੌਰ ਬਿੰਦਰਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਰਥਿਕ ਮੁਸ਼ਕਲਾਂ ਦੇ ਸਮੇਂ ਮਿਲੀ ਇਹ ਸਹਾਇਤਾ ਉਨ੍ਹਾਂ ਲਈ ਵੱਡਾ ਸਹਾਰਾ ਹੈ। ਇਸ ਮੌਕੇ ਪੰਮਾ ਅਤੇ ਬਿੰਦਰਾ ਨੇ ਸਮਾਜ ਦੇ ਸਮਰੱਥ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਲੇ-ਦੁਆਲੇ ਰਹਿੰਦੇ ਲੋੜਵੰਦ ਪਰਿਵਾਰਾਂ ਦੀ ਪਛਾਣ ਕਰਕੇ ਆਪਣੀ ਸਮਰੱਥਾ ਅਨੁਸਾਰ ਉਨ੍ਹਾਂ ਦੀ ਮਦਦ ਕਰਨ, ਤਾਂ ਜੋ ਕੋਈ ਵੀ ਪਰਿਵਾਰ ਆਰਥਿਕ ਤੰਗੀ ਕਾਰਨ ਮੁੱਢਲੀਆਂ ਜ਼ਰੂਰਤਾਂ ਤੋਂ ਵਾਂਝਾ ਨਾ ਰਹੇ। ਇਸ ਮੌਕੇ ਵਰੁਣ ਤਲਵਾਰ, ਵਰਿੰਦਰ ਆਰੀਆ, ਸੁਨੀਤਾ ਅਰੋੜਾ, ਰਿਧਮ ਚੱਢਾ ਸਮੇਤ ਕਈ ਹੋਰ ਸਮਾਜਿਕ ਮੈਂਬਰ ਹਾਜ਼ਰ ਸਨ।

# ਬਿੱਟੂ ਦੇ ਕਾਫ਼ਲੇ 'ਤੇ ਹੋਏ ਹਮਲੇ ਦੀ ਪ੍ਰੋ ਓਂਕਾਰ ਸਿੰਘ ਸਿੱਧੂ ਨੇ ਕੀਤੀ ਸਖ਼ਤ ਸ਼ਬਦਾਂ 'ਚ ਨਿੰਦਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਦੇਸ਼ ਦੇ ਸਾਬਕਾ ਕੇਂਦਰੀ ਰਾਜ ਮੰਤਰੀ ਅਤੇ ਸੀਨੀਅਰ ਭਾਜਪਾ ਆਗੂ ਰਵਨੀਤ ਸਿੰਘ ਬਿੱਟੂ ਦੇ ਕਾਫ਼ਲੇ ਨਾਲ ਬਟਾਲਾ ਨੇੜੇ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਬੀਜੇਪੀ ਦੇ ਸੀਨੀਅਰ ਆਗੂ ਪ੍ਰੋ ਓਂਕਾਰ ਸਿੰਘ ਸਿੱਧੂ ਨੇ ਕਿਹਾ ਕਿ ਲੋਕਤੰਤਰ ਵਿੱਚ ਹਰ ਸਿਆਸੀ ਪਾਰਟੀ ਅਤੇ ਆਗੂ ਨੂੰ ਆਪਣੀ ਗੱਲ ਲੋਕਾਂ ਤੱਕ ਪਹੁੰਚਾਉਣ ਅਤੇ ਸੰਵਿਧਾਨਕ ਢੰਗ ਨਾਲ ਆਪਣੀਆਂ ਗਤੀਵਿਧੀਆਂ ਕਰਨ ਦਾ ਅਧਿਕਾਰ ਹੈ। ਸਿਆਸੀ ਵਿਰੋਧ ਦੇ ਨਾਮ 'ਤੇ ਕਿਸੇ ਆਗੂ ਜਾਂ ਉਸ ਦੇ ਕਾਫ਼ਲੇ ਨੂੰ ਨਿਸ਼ਾਨਾ ਬਣਾਉਣਾ ਲੋਕਤੰਤਰਿਕ ਮਾਹੌਲ ਲਈ ਚਿੰਤਾਜਨਕ ਹੈ। ਉਨਾ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਨਿਡਰਤਾ ਨਾਲ ਲੋਕਤੰਤਰਿਕ ਢੰਗ ਨਾਲ ਕੰਮ ਕਰ ਰਹੀ ਹੈ। ਅਜਿਹੇ ਪ੍ਰੋਗਰਾਮਾਂ ਦੌਰਾਨ ਸ਼ਾਂਤੀ ਅਤੇ ਸੁਰੱਖਿਆ ਦਾ ਮਾਹੌਲ ਬਣਾਈ ਰੱਖਣਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ ਉਨ੍ਹਾਂ ਕਿਹਾ ਕਿ ਜਨਤਕ ਪ੍ਰਤੀਨਿਧੀਆਂ ਅਤੇ ਸਿਆਸੀ ਆਗੂਆਂ ਦੀ ਸੁਰੱਖਿਆ ਯਕੀਨੀ ਬਣਾਉਣਾ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ। ਇਸ ਘਟਨਾ ਦੀ ਨਿਰਪੱਖ ਅਤੇ ਪੂਰੀ ਜਾਂਚ ਕਰਕੇ ਜੇਕਰ ਕਿਸੇ ਵਿਅਕਤੀ ਵੱਲੋਂ ਕੋਈ ਵਿਵਾਦਿਤ ਕਾਨੂੰਨ ਤੋੜਵੀਂ ਦੋਸ਼ੀ ਪਾਇਆ ਜਾਂਦਾ ਹੈ ਤਾਂ ਉਸਦੇ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ। ਇਸ ਮੌਕੇ ਪਰਦੀਪ ਗਰਗ, ਬੀਜੇਪੀ ਦੇ ਜਿਲ੍ਹਾ ਜਨਰਲ ਸਕੱਤਰ ਪਰਮਜੀਤ ਸਿੰਘ ਭਿੰਦੀ, ਗੋਰਾ ਐਮਸੀ ਧੂਰੀ, ਭੁਪੇਸ਼ ਜਿੰਦਲ, ਜਗਦੇਵ ਜਿੰਦਲ ਜੱਗਾ, ਕੰਵਲਜੀਤ ਗਰਗ, ਗੁਰਮੇਲ ਸਿੰਘ ਘਨੌਰੀ, ਗੁਰਜੀਤ ਸਿੰਘ ਘਨੌਰੀ, ਸੁਖਪਾਲ ਸ਼ਰਮਾ ਹਾਜ਼ਰ ਸਨ।

## ਨਸ਼ਿਆਂ ਵਿਰੁੱਧ ਲੜਾਈ ਨੂੰ ਲੋਕ ਅੰਦੋਲਨ ਬਣਾਉਣ ਦਾ ਸਮਾਂ: ਇਕਬਾਲ ਸਿੰਘ ਲਾਲਪੁਰਾ

# ਜੇਲ੍ਹਾਂ ਸੁਧਾਰ ਘਰ ਬਣਨ ਦੀ ਥਾਂ ਨਸ਼ਾ ਤਸਕਰੀ ਦੇ ਅੱਡੇ ਬਣੀਆਂ: ਰਵੀਕਰਨ ਸਿੰਘ ਕਾਹਲੋਂ





ਆਵਾਜ਼ਿ ਕੌਮ AWAZE QAUM International Newspaper & WEB TV

**ਗੁਰਦਾਸਪੁਰ 20 ਸਤੰਬਰ (ਆਵਾਜ਼ਿ ਕੌਮ ਬਿਊਰੋ)**- ਭਾਰਤੀ ਜਨਤਾ ਪਾਰਟੀ ਵੱਲੋਂ ਪ੍ਰਦੇਸ਼ ਪ੍ਰਧਾਨ ਸ. ਕੇਵਲ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਸ਼ੁਰੂ ਕੀਤੀ ਗਈ 'ਪੰਜਾਬ ਨਸ਼ਾ ਮੁਕਤ ਯਾਤਰਾ' ਦੌਰਾਨ ਅੱਜ ਤੀਜੇ ਦਿਨ ਗੁਰਦਾਸਪੁਰ ਦੇ ਹਨੂਮਾਨ ਚੌਂਕ ਵਿਖੇ ਇੱਕ ਪ੍ਰਭਾਵਸ਼ਾਲੀ ਰੈਲੀ ਦੌਰਾਨ ਭਾਜਪਾ ਸੰਸਦੀ ਬੋਰਡ ਅਤੇ ਚੋਣ ਕਮੇਟੀ ਦੇ ਮੈਂਬਰ ਅਤੇ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਸ. ਇਕਬਾਲ ਸਿੰਘ ਲਾਲਪੁਰਾ ਨੇ ਪੰਜਾਬ ਨੂੰ ਨਸ਼ਿਆਂ ਦੀ ਗੁਲਾਮੀ ਤੋਂ ਆਜ਼ਾਦ ਕਰਾਉਣ ਦਾ ਸੰਕਲਪ ਦੁਹਰਾਇਆ ਅਤੇ ਨਸ਼ਿਆਂ ਵਿਰੁੱਧ ਫ਼ੈਸਲਾਕੁੰਨ ਲੜਾਈ ਨੂੰ ਲੋਕ ਅੰਦੋਲਨ ਬਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਭਾਜਪਾ ਦੀ ਨਸ਼ਾ ਮੁਕਤ ਯਾਤਰਾ ਨੂੰ ਆਮ ਲੋਕਾਂ ਵੱਲੋਂ ਆਪਮੁਹਾਰੇ ਮਿਲ ਰਹੇ ਭਰਵੇਂ ਹੁੰਗਾਰੇ ਨੇ ਮਾਨ ਸਰਕਾਰ ਅਤੇ ਆਮ ਆਦਮੀ ਪਾਰਟੀ ਵਿੱਚ ਇੰਨੀ ਬੁਖਲਾਹਟ ਪੈਦਾ ਕਰ ਦਿੱਤੀ ਹੈ ਕਿ ਉਹ ਇਸ ਨਸ਼ਾ ਵਿਰੋਧੀ ਯਾਤਰਾ ਨੂੰ ਕਾਲੀਆਂ ਝੰਡੀਆਂ ਵਿਖਾਉਣ ਸਮੇਂ ਇਹ ਭੁੱਲ ਗਏ ਕਿ ਇਹ ਕੋਈ ਰਾਜਸੀ ਪ੍ਰੋਗਰਾਮ ਨਹੀਂ, ਸਗੋਂ ਨਸ਼ਿਆਂ ਦੀ ਸਮਾਜਿਕ ਬੁਰਾਈ ਦੇ ਵਿਰੁੱਧ ਲੋਕਾਂ ਵਿੱਚ ਜਾਗਰੂਕਤਾ ਮੁਹਿੰਮ ਹੈ। 'ਆਪ' ਪਾਰਟੀ ਵੱਲੋਂ ਯਾਤਰਾ ਨੂੰ ਕਾਲੀਆਂ ਝੰਡੀਆਂ ਦਿਖਾਉਣ ਦੀਆਂ ਹਰਕਤਾਂ ਤੋਂ ਇਹ ਸਾਫ਼ ਹੋ ਗਿਆ ਹੈ ਕਿ ਮਾਨ ਸਰਕਾਰ ਨਸ਼ਿਆਂ ਦਾ ਖ਼ਾਤਮਾ ਨਹੀਂ ਚਾਹੁੰਦੀ ਅਤੇ ਨਸ਼ਿਆਂ ਦੇ ਸੌਦਾਗਰਾਂ ਦੇ ਹੱਕ ਵਿੱਚ ਖੜ੍ਹੀ ਹੈ। ਸ. ਲਾਲਪੁਰਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਤਿੰਨ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦਾ ਵਾਅਦਾ ਕੀਤਾ ਸੀ, ਪਰ ਸਾਢੇ ਚਾਰ ਸਾਲ ਬਾਅਦ ਵੀ ਪੰਜਾਬ ਵਿੱਚ ਨਸ਼ਾ ਗਲੀਆਂ ਤੱਕ ਪਹੁੰਚਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੇ ਆਪਣੇ ਸਪੀਕਰ ਵੱਲੋਂ ਵੀ ਨਸ਼ਾ ਖ਼ਤਮ ਕਰਨ ਵਿੱਚ ਅਸਫ਼ਲਤਾ ਮੰਨਣੀ ਸਰਕਾਰ ਦੇ ਦਾਅਵਿਆਂ 'ਤੇ ਸਵਾਲ ਖੜ੍ਹੇ ਕਰਦੀ ਹੈ। ਸ. ਲਾਲਪੁਰਾ ਨੇ ਕਿਹਾ ਕਿ ਨਸ਼ਿਆਂ ਨੇ ਪੰਜਾਬ ਦੇ ਘਰ-ਘਰ ਨੂੰ ਪ੍ਰਭਾਵਿਤ ਕੀਤਾ ਹੈ। ਮਾਵਾਂ-ਭੈਣਾਂ ਆਪਣੇ ਪੁੱਤਰਾਂ ਨੂੰ ਨਸ਼ੇ ਤੋਂ ਬਚਾਉਣ ਲਈ ਸਰਕਾਰ ਤੋਂ ਜਵਾਬ ਮੰਗ ਰਹੀਆਂ ਹਨ। ਉਨ੍ਹਾਂ ਕਿਹਾ ਕਿ ਗ.ਰੀਬ ਪਰਿਵਾਰਾਂ ਦੇ ਘਰ, ਸਾਮਾਨ ਅਤੇ ਰੋਜ਼ੀ-ਰੋਟੀ ਤੱਕ ਨਸ਼ੇ ਦੀ ਮਾਰ ਹੇਠ ਆ ਗਏ ਹਨ। ਸ. ਲਾਲਪੁਰਾ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦੇ ਨਾਲ-ਨਾਲ ਗੈਂਗਸਟਰਵਾਦ, ਅਪਰਾਧ ਅਤੇ ਵੱਖ-ਵੱਖ ਵਰਗਾਂ ਦੀਆਂ ਸਮੱਸਿਆਵਾਂ ਵੀ ਗੰਭੀਰ ਚੁਣੌਤੀਆਂ ਬਣੀਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਨੂੰ ਸੁਰੱਖਿਅਤ, ਨਸ਼ਾ ਮੁਕਤ ਅਤੇ ਵਿਕਸਤ ਬਣਾਉਣ ਲਈ ਡਬਲ ਇੰਜਣ ਸਰਕਾਰ ਦਾ ਸੰਕਲਪ ਲੈ ਕੇ ਅੱਗੇ ਵੱਧ ਰਹੀ ਹੈ। ਉਨ੍ਹਾਂ ਪੰਜਾਬ ਦੇ ਲੋਕਾਂ, ਖ਼ਾਸ ਕਰਕੇ ਮਾਵਾਂ-ਭੈਣਾਂ ਅਤੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ 'ਨਸ਼ਾ ਮੁਕਤ ਪੰਜਾਬ ਯਾਤਰਾ' ਦਾ ਹਿੱਸਾ ਬਣਨ ਅਤੇ ਇਸ ਨੂੰ ਇੱਕ ਵਿਆਪਕ ਜਨ ਅੰਦੋਲਨ ਬਣਾਉਣ। ਉਨ੍ਹਾਂ ਕਿਹਾ ਕਿ "ਨਸ਼ਿਆਂ ਵਿਰੁੱਧ ਇਹ ਲੜਾਈ ਸਿਰਫ਼ ਭਾਜਪਾ ਦੀ ਨਹੀਂ, ਪੰਜਾਬ ਦੇ ਹਰ ਪਰਿਵਾਰ ਦੀ ਲੜਾਈ ਹੈ।" ਇਸ ਮੌਕੇ ਯਾਤਰਾ ਦੇ ਕੋਆਰਡੀਨੇਟਰ ਤੇ ਭਾਜਪਾ ਪੰਜਾਬ ਦੇ ਮੀਤ ਪ੍ਰਧਾਨ ਰਵੀਕਰਨ ਸਿੰਘ ਕਾਹਲੋਂ ਨੇ ਕਿਹਾ ਕਿ ਇਹ ਯਾਤਰਾ ਕੇਵਲ ਯਾਤਰਾ ਨਹੀਂ, ਇਹ ਭਵਿੱਖ ਲਈ ਸਮਾਜ ਅਤੇ ਨੌਜਵਾਨਾਂ ਨੂੰ ਬਚਾਉਣ ਦੀ ਮੁਹਿੰਮ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੰਕਲਪ ਨੂੰ ਸਾਂਝਾ ਕਰਦਿਆਂ ਉਨ੍ਹਾਂ ਕਿਹਾ ਕਿ ਜੋ ਅਸੀਂ ਕਹਿੰਦੇ ਹਾਂ ਉਹ ਕਰਕੇ ਵਿਖਾਉਂਦੇ ਹਾਂ, ਜਿੱਥੇ ਅਸੰਭਵ ਸਮਝਿਆ ਜਾਂਦਾ ਸੀ ਉੱਥੇ ਵੀ ਭਾਜਪਾ ਸਰਕਾਰ ਨੇ ਸੰਭਵ ਕਰਕੇ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਨਸ਼ਾ ਪੰਜਾਬ ਲਈ ਗੰਭੀਰ ਸਮੱਸਿਆ ਹੈ; ਇੱਥੇ ਪੁਰਸ਼ ਹੀ ਨਹੀਂ ਸਗੋਂ ਔਰਤਾਂ ਵੀ ਨਸ਼ਾ ਕਰਨ ਲੱਗ ਪਈਆਂ ਹਨ। ਉਨ੍ਹਾਂ ਕਿਹਾ ਕਿ ਅੱਜ ਜੇਲ੍ਹਾਂ ਸੁਧਾਰ ਕੇਂਦਰ ਬਣਨ ਦੀ ਥਾਂ ਸੱਤਾ ਦੀ ਸਰਪ੍ਰਸਤੀ ਨਾਲ ਨਸ਼ੇ ਦੇ ਵਪਾਰ ਦਾ ਕੇਂਦਰ ਬਣ ਚੁੱਕੀਆਂ ਹਨ। ਨਸ਼ਾ ਵਿਰੋਧੀ ਯਾਤਰਾ ਨੂੰ ਕਾਲੇ ਝੰਡੇ ਦਿਖਾਉਣ ਵਾਲੇ ਲੋਕਾਂ ਨੂੰ ਉਨ੍ਹਾਂ ਸਵਾਲ ਕੀਤਾ ਕਿ ਤੁਸੀਂ ਨਸ਼ੇ ਦੇ ਕਾਰੋਬਾਰੀਆਂ ਦਾ ਸਾਥ ਕਿਉਂ ਦੇ ਰਹੇ ਹੋ ? ਜੇਕਰ ਤੁਸੀਂ ਵਾਕਈ ਨਸ਼ਾ ਵਿਰੋਧੀ ਹੋ ਤਾਂ ਸਾਡੇ ਨਾਲ ਆਓ, ਸਾਡੇ ਨਾਲ ਤੁਰੋ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਭਾਜਪਾ ਵੱਲ ਦੇਖ ਰਹੇ ਹਨ, ਨਸ਼ੇ ਨੂੰ ਜੇ ਕੋਈ ਖ਼ਤਮ ਕਰ ਸਕਦਾ ਹੈ ਤਾਂ ਉਹ ਭਾਜਪਾ ਹੀ ਹੈ। ਉਨ੍ਹਾਂ ਲੋਕਾਂ ਨੂੰ ਇਸ ਮੁਹਿੰਮ ਵਿੱਚ ਸਾਥ ਦੇਣ ਅਤੇ ਇਸ ਨੂੰ ਪਿੰਡ-ਪਿੰਡ ਲੈ ਕੇ ਜਾਣ ਦਾ ਸੱਦਾ ਦਿੱਤਾ। ਭਾਜਪਾ ਦੇ ਜ਼ਿਲ੍ਹਾ ਗੁਰਦਾਸਪੁਰ ਪ੍ਰਧਾਨ ਸ. ਬਘੇਲ ਸਿੰਘ ਨੇ ਕਿਹਾ ਕਿ ਨਸ਼ੇ ਨੂੰ ਖ਼ਤਮ ਕਰਨ ਲਈ ਇਸ ਦੀ ਜੜ੍ਹ ਤੱਕ ਪਹੁੰਚਣਾ ਹੋਵੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਚਾਹੇ ਮੁਸ਼ਿਕਲ ਹੈ ਪਰ ਅਸੰਭਵ ਨਹੀਂ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤ ਕਰਨ ਦੀ ਇਹ ਮੋਦੀ ਦੀ ਗਾਰੰਟੀ ਹੈ; ਮੋਦੀ ਦੀ ਗਾਰੰਟੀ ਹੈ ਕਿ ਦੇਸ਼ ਨੂੰ ਨਸ਼ੇ ਦਾ ਗੁਲਾਮ ਨਹੀਂ ਹੋਣ ਦੇਵਾਂਗੇ ਅਤੇ ਇਸ ਨੂੰ ਖ਼ਤਮ ਕਰਕੇ ਹੀ ਸਾਹ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਜਿਸ ਪੰਜਾਬ ਨੇ ਭਾਰਤ ਨੂੰ ਅਨਾਜ ਪੱਖੋਂ ਆਤਮ-ਨਿਰਭਰ ਬਣਾਇਆ ਅਤੇ ਸੀਮਾਵਾਂ ਦੀ ਰਾਖੀ ਲਈ ਖ਼ੂਨ ਡੋਲ੍ਹਿਆ, ਅੱਜ ਉਹ ਨਸ਼ਿਆਂ ਵਿੱਚ ਡੁੱਬ ਚੁੱਕਿਆ ਹੈ, ਜੋ ਕਿ ਚਿੰਤਾ ਅਤੇ ਚਿੰਤਨ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਜੋ ਨਾਮ ਦੀ ਖ਼ੁਮਾਰੀ ਵਾਲਾ ਸੀ, ਅੱਜ ਨਸ਼ਿਆਂ ਵੱਲ ਕਿਵੇਂ ਵਧ ਗਿਆ ? ਉਨ੍ਹਾਂ ਆਮ ਆਦਮੀ ਪਾਰਟੀ ਅਤੇ ਸਰਕਾਰ 'ਤੇ ਤਨਜ਼ ਕਸਦਿਆਂ ਕਿਹਾ ਕਿ ਮੁੱਖ ਮੰਤਰੀ ਮਾਨ ਨੇ ਨਸ਼ੇ ਨੂੰ ਤਾਂ ਕੀ ਖ਼ਤਮ ਕਰਨਾ ਸੀ, ਸਗੋਂ ਗੈਂਗਸਟਰਾਂ ਨੂੰ ਵੀ ਪਾਰਟੀ ਵਿੱਚ ਸ਼ਾਮਲ ਕਰਕੇ ਮੌਕਾ ਦੇ ਰਹੇ ਹਨ। ਉਨ੍ਹਾਂ ਨਸ਼ਾ ਖ਼ਤਮ ਕਰਨ ਦੇ ਲਾਰੇ ਲਾਉਣ ਵਾਲੀ ਆਮ ਆਦਮੀ ਪਾਰਟੀ ਨੂੰ ਸਵਾਲ ਕੀਤਾ ਕਿ ਜਿਸ ਪਾਰਟੀ ਦੀ ਸਰਕਾਰ ਆਪਣੇ ਮੁੱਖ ਮੰਤਰੀ ਨੂੰ ਨਸ਼ਿਆਂ ਤੋਂ ਨਹੀਂ ਬਚਾ ਸਕੀ, ਉਹ ਪੰਜਾਬ ਨੂੰ ਕੀ ਬਚਾਏਗੀ ? ਉਨ੍ਹਾਂ ਕਿਹਾ ਕਿ ਭਾਜਪਾ ਨੇ ਜੋ ਨਸ਼ਾ ਮੁਕਤੀ ਦਾ ਸੰਕਲਪ ਲਿਆ ਹੈ, ਉਸ ਨੂੰ ਜ਼ਰੂਰ ਪੂਰਾ ਕੀਤਾ ਜਾਵੇਗਾ। ਉਨ੍ਹਾਂ ਲੋਕਾਂ ਨੂੰ ਭਾਜਪਾ ਨਾਲ ਕਦਮ ਨਾਲ ਕਦਮ ਮਿਲਾ ਕੇ ਇਸ ਸੰਤਾਪ ਤੋਂ ਮੁਕਤੀ ਪਾਉਣ ਦਾ ਸੱਦਾ ਦਿੱਤਾ। ਨਸ਼ਾ ਮੁਕਤ ਯਾਤਰਾ ਟਿੱਬਰ, ਲੱਖ ਦਾਤਾ ਦਰਬਾਰ ਕਾਦੀਆਂ, ਹਰਚੋਵਾਲ, ਸ੍ਰੀ ਹਰਗੋਬਿੰਦ ਪੁਰ , ਅਚਲ ਸਾਹਿਬ ,ਹੁਦਾ ਹੋਇਆ ਸ਼ਾਮ ਨੂੰ ਬਟਾਲਾ ਵਿਖੇ ਵਿਸ਼ਰਾਮ ਕਰੇਗੀ , ਇਸ ਮੌਕੇ ਰੈਲੀ ਵਿੱਚ ਪੰਜਾਬ ਭਾਜਪਾ ਦੇ ਸਕੱਤਰ ਸੂਰਜ ਭਾਰਦਵਾਜ, ਅੰਕੁਸ਼ ਮਹਾਜਨ, ਰਾਜੇਸ਼ ਹਨੀ, ਰਿੱਕੀ, ਰੋਹਿਤ ਮਹਾਜਨ ਅਤੇ ਪ੍ਰਵੀਨ ਕੁਮਾਰ ਵੀ ਮੌਜੂਦ ਸਨ। ਇਕਬਾਲ ਸਿੰਘ ਲਾਲਪੁਰਾ ਅਤੇ ਰਵੀ ਕਾਹਲੋਂ ਨੇ ਨਸ਼ਿਆਂ ਦੀ ਮਾਰ ਝੱਲ ਰਹੇ ਪਰਿਵਾਰਾਂ ਨਾਲ ਕੀਤੀ ਮੁਲਾਕਾਤ ਇਸ ਤੋਂ ਪਹਿਲਾਂ ਸ. ਇਕਬਾਲ ਸਿੰਘ ਲਾਲਪੁਰਾ ਅਤੇ ਇਸ ਯਾਤਰਾ ਦੇ ਕੋਆਰਡੀਨੇਟਰ ਤੇ ਭਾਜਪਾ ਪੰਜਾਬ ਦੇ ਮੀਤ ਪ੍ਰਧਾਨ ਰਵੀਕਰਨ ਸਿੰਘ ਕਾਹਲੋਂ ਨੇ ਨਸ਼ਾ ਪੀੜਤ ਅਤੇ ਇਸ ਦੀ ਮਾਰ ਝੱਲ ਰਹੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ। ਪਰਿਵਾਰਾਂ ਦੀ ਦਰਦਭਰੀ ਦਾਸਤਾਨ ਸੁਣਦਿਆਂ ਮਾਹੌਲ ਭਾਵੁਕ ਹੋ ਗਿਆ। ਮਾਵਾਂ ਦੀਆਂ ਅੱਖਾਂ ਵਿੱਚ ਹੰਝੂ ਸਨ, ਪਰ ਬੋਲਾਂ ਵਿੱਚ ਇੱਕੋ ਪੁਕਾਰ ਸੀ— "ਜੇ ਪੰਜਾਬ ਨੂੰ ਬਚਾ ਸਕਦੇ ਹੋ ਤਾਂ ਬਚਾ ਲਓ।" ਇੱਕ ਦੁਖੀ ਮਾਂ ਨੇ ਆਪਣੀ ਦਰਦਨਾਕ ਵਿਥਿਆ ਸੁਣਾਉਂਦਿਆਂ ਕਿਹਾ ਕਿ "ਮੇਰੇ ਤਿੰਨ ਪੁੱਤਰਾਂ ਵਿੱਚੋਂ ਦੋ ਨਸ਼ੇ ਕਾਰਨ ਮਰ ਚੁੱਕੇ ਹਨ ਅਤੇ ਤੀਜਾ ਮੌਤ ਦੀ ਕਗਾਰ 'ਤੇ ਹੈ।" ਇਹ ਸਿਰਫ਼ ਇੱਕ ਮਾਂ ਦੀ ਪੁਕਾਰ ਨਹੀਂ, ਸਗੋਂ ਅੱਜ ਪੰਜਾਬ ਦੀਆਂ ਅਨੇਕਾਂ ਮਾਵਾਂ ਦੇ ਦਿਲ ਦੀ ਚੀਸ ਬਣ ਚੁੱਕੀ ਹੈ। ਪੀੜਤ ਪਰਿਵਾਰਾਂ ਨੇ ਸਾਫ਼ ਕਿਹਾ ਕਿ "ਸਾਨੂੰ ਮੁਫ਼ਤ ਦੀਆਂ ਸਹੂਲਤਾਂ ਨਹੀਂ ਚਾਹੀਦੀਆਂ, ਸਾਨੂੰ ਆਪਣਾ ਪੰਜਾਬ ਅਤੇ ਆਪਣੇ ਬੱਚੇ ਬਚਾਉਣੇ ਹਨ। ਨਸ਼ਾ ਬੰਦ ਹੋਣਾ ਚਾਹੀਦਾ ਹੈ।" ਪਰਿਵਾਰਾਂ ਦਾ ਦਰਦ ਸੁਣ ਕੇ ਭਾਵੁਕ ਹੋਏ ਸ. ਲਾਲਪੁਰਾ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਭਾਜਪਾ ਪੰਜਾਬ ਦੇ ਇਨ੍ਹਾਂ ਪਰਿਵਾਰਾਂ ਦੇ ਦਰਦ ਵਿੱਚ ਉਨ੍ਹਾਂ ਦੇ ਨਾਲ ਖੜ੍ਹੀ ਹੈ ਅਤੇ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹੋਂ ਖ਼ਤਮ ਕਰਨ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਯਾਤਰਾ ਸਿਰਫ਼ ਸੜਕਾਂ 'ਤੇ ਚੱਲਣ ਵਾਲੀ ਯਾਤਰਾ ਨਹੀਂ, ਸਗੋਂ ਪੰਜਾਬ ਦੀ ਜਵਾਨੀ ਨੂੰ ਬਚਾਉਣ, ਮਾਵਾਂ ਦੇ ਹੰਝੂ ਪੂੰਝਣ ਅਤੇ ਨਸ਼ਿਆਂ ਵਿਰੁੱਧ ਪੰਜਾਬ ਦੀ ਸਾਂਝੀ ਆਵਾਜ਼ ਨੂੰ ਲੋਕ ਅੰਦੋਲਨ ਵਿੱਚ ਬਦਲਣ ਦਾ ਸੰਕਲਪ ਹੈ।

### ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਤੀਜੇ ਦਿਨ ਗੁਰਦਾਸਪੁਰ ਵਿਖੇ ਪ੍ਰਭਾਵਸ਼ਾਲੀ ਰੈਲੀ; ਲਾਲਪੁਰਾ ਵੱਲੋਂ ਸਰਕਾਰ 'ਤੇ ਤਿੱਖੇ ਹਮਲੇ

## ਚਾਵਲਾ ਮਾਮਲੇ 'ਚ ਉੱਠੇ ਸਵਾਲਾਂ 'ਤੇ ਸੁਖਬੀਰ ਬਾਦਲ ਅਤੇ ਐਸ.ਜੀ.ਪੀ.ਸੀ ਜਵਾਬ ਦੇਵੇ: ਬੀਬੀ ਸਰਨਜੀਤ ਕੌਰ ਕਿਲਾ ਹਕੀਮਾਂ , ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ



**ਧੂਰੀ ( ਰਣਜੀਤ ਸਿੰਘ ਪੇਧਨੀ )**-ਅਮਰਜੀਤ ਸਿੰਘ ਚਾਵਲਾ ਖ਼ਿਲਾਫ਼ ਦਰਜ ਜਬਰ-ਜਨਾਹ ਮਾਮਲੇ ਸਬੰਧੀ ਕਿਹਾ ਹੈ ਕਿ ਪੁਲਿਸ ਜਾਂਚ ਨੂੰ ਸਿਰਫ਼ ਕਥਿਤ ਘਟਨਾ ਤੱਕ ਸੀਮਤ ਨਾ ਰੱਖਦਿਆਂ ਸ਼ਿਕਾਇਤਕਰਤਾ ਵੱਲੋਂ ਪਹਿਲਾਂ ਕੀਤੀਆਂ ਗਈਆਂ ਸ਼ਿਕਾਇਤਾਂ ਅਤੇ ਉਨ੍ਹਾਂ 'ਤੇ ਹੋਈ ਕਾਰਵਾਈ ਦੀ ਵੀ ਜਾਂਚ ਕੀਤੀ ਜਾਣੀ ਚਾਹੀਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਸਰਨਜੀਤ ਕੌਰ ਕਿਲਾ ਹਕੀਮਾਂ , ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ ਨੇ ਕੀਤਾ। ਉਨ੍ਹਾਂ ਕਿਹਾ ਕਿ ਜੇ ਜਾਂਚ ਜਾਂ ਐਫ.ਆਈ.ਆਰ ਦੇ ਰਿਕਾਰਡ ਵਿੱਚ ਇਹ ਸਾਹਮਣੇ ਆਉਂਦਾ ਹੋ ਕਿ ਸ਼ਿਕਾਇਤਕਰਤਾ ਨੇ ਸ਼੍ਰੋਮਣੀ ਅਕਾਲੀ ਦਲ ਜਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸਬੰਧਤ ਕਿਸੇ ਉੱਚ ਅਹੁਦੇਦਾਰ ਤੱਕ ਆਪਣੀ ਫਰਿਆਦ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਸੀ ਤਾਂ ਇਸ ਗੱਲ ਦੀ ਵੀ ਜਾਂਚ ਹੋਣੀ ਚਾਹੀਦੀ ਹੈ ਕਿ ਸ਼ਿਕਾਇਤ ਕਿਸ ਤੱਕ ਪਹੁੰਚੀ ਅਤੇ ਉਸ ਤੋਂ ਬਾਅਦ ਕੀ ਕਾਰਵਾਈ ਕੀਤੀ ਗਈ। ਉਨ੍ਹਾਂ ਕਿਹਾ ਕਿ ਜੇਕਰ ਸ਼ਿਕਾਇਤ ਵਿੱਚ ਕਿਸੇ ਸਿਆਸੀ ਆਗੂ, ਧਾਰਮਿਕ ਅਹੁਦੇਦਾਰ, ਐਸ.ਜੀ.ਪੀ.ਸੀ ਅਧਿਕਾਰੀ, ਮੁਲਾਜ਼ਮ ਜਾਂ ਹੋਰ ਵਿਅਕਤੀ ਦੀ ਭੂਮਿਕਾ ਦਾ ਜ਼ਿਕਰ ਹੈ ਤਾਂ ਸਿਰਫ਼ ਨਾਮ ਆਉਣ ਨਾਲ ਕਿਸੇ ਨੂੰ ਦੋਸ਼ੀ ਨਹੀਂ ਮੰਨਿਆ ਜਾ ਸਕਦਾ, ਪਰ ਹਰੇਕ ਦਾਅਵੇ ਦੀ ਤੱਥਾਂ ਅਤੇ ਸਬੂਤਾਂ ਦੇ ਆਧਾਰ 'ਤੇ ਜਾਂਚ ਜ਼ਰੂਰੀ ਹੈ। ਉਨ੍ਹਾਂ ਸੁਖਬੀਰ ਸਿੰਘ ਬਾਦਲ ਅਤੇ ਐਸ.ਜੀ.ਪੀ.ਸੀ ਲੀਡਰਸ਼ਿਪ ਤੋਂ ਮੰਗ ਕੀਤੀ ਕਿ ਉਹ ਸੰਗਤ ਸਾਹਮਣੇ ਸਪਸ਼ਟ ਕਰਨ ਕਿ ਕੀ ਉਨ੍ਹਾਂ ਦੇ ਦਫ਼ਤਰਾਂ ਜਾਂ ਅਹੁਦੇਦਾਰਾਂ ਤੱਕ ਇਸ ਮਾਮਲੇ ਸਬੰਧੀ ਪਹਿਲਾਂ ਕੋਈ ਸ਼ਿਕਾਇਤ ਜਾਂ ਜਾਣਕਾਰੀ ਪਹੁੰਚੀ ਸੀ। ਜੇ ਪਹੁੰਚੀ ਸੀ ਤਾਂ ਉਸ 'ਤੇ ਕੀ ਕਾਰਵਾਈ ਕੀਤੀ ਗਈ ਅਤੇ ਜੇ ਨਹੀਂ ਪਹੁੰਚੀ ਤਾਂ ਇਹ ਵੀ ਸਪਸ਼ਟ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਯਾਤਰੀ ਨਿਵਾਸ ਦਾ ਨਾਮ ਕਥਿਤ ਘਟਨਾਕ੍ਰਮ ਵਿੱਚ ਆਉਣਾ ਸੰਵੇਦਨਸ਼ੀਲ ਮਾਮਲਾ ਹੈ। ਉਨ੍ਹਾਂ ਪੁਲਿਸ ਤੋਂ ਮੰਗ ਕੀਤੀ ਕਿ ਫੋਨ ਕਾਲ ਰਿਕਾਰਡ, ਸੁਨੇਹੇ, ਡਿਜ਼ੀਟਲ ਸੰਚਾਰ, ਸੀ.ਸੀ.ਟੀ.ਵੀ, ਯਾਤਰੀ ਨਿਵਾਸ ਦੇ ਰਿਕਾਰਡ ਅਤੇ ਹੋਰ ਉਪਲਬਧ ਸਬੂਤਾਂ ਦੀ ਕਾਨੂੰਨ ਅਨੁਸਾਰ ਜਾਂਚ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਅਮਰਜੀਤ ਸਿੰਘ ਚਾਵਲਾ ਨੇ ਦੋਸ਼ਾਂ ਤੋਂ ਇਨਕਾਰ ਕਰਦਿਆਂ ਮਾਮਲੇ ਨੂੰ ਝੂਠਾ ਅਤੇ ਸਾਜ਼ਿਸ਼ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਜਾਂਚ ਪੂਰੀ ਹੋਣ ਤੋਂ ਪਹਿਲਾਂ ਕਿਸੇ ਨੂੰ ਦੋਸ਼ੀ ਨਹੀਂ ਮੰਨਿਆ ਜਾਣਾ ਚਾਹੀਦਾ, ਪਰ ਕਿਸੇ ਅਹੁਦੇ ਜਾਂ ਪ੍ਰਭਾਵ ਕਾਰਨ ਜਾਂਚ ਤੋਂ ਬਚਾਉਣਾ ਵੀ ਠੀਕ ਨਹੀਂ। ਸੱਚਾਈ ਸਿਰਫ਼ ਸਬੂਤਾਂ ਅਤੇ ਨਿਰਪੱਖ ਜਾਂਚ ਰਾਹੀਂ ਸਾਹਮਣੇ ਆਉਣੀ ਚਾਹੀਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਹਰਪਾਲ ਸਿੰਘ ਭੁੱਲਰ ਦੀ ਦੂਜੀ ਬਰਸੀ ਤੇ ਸੋਸਾਇਟੀ ਵੱਲੋਂ ਸ਼ਰਧਾਂਜਲੀ ਭੇਟ -ਦੜਿਆਲਾ



**ਫਿਰੋਜ਼ਪੁਰ 20 ਸਤੰਬਰ (ਮਨੋਹਰ ਲਾਲ)**-ਪੰਜਾਬ ਦੇ ਹਰਿਆਵਲ ਦਸਤੇ ਵਜੋਂ ਜਾਣੀ ਜਾਂਦੀ ਜੱਥੇਬੰਦੀ ਸ੍ ਜੱਸਾ ਸਿੰਘ ਰਾਮਗੜ੍ਹੀਆ ਵੈਲਫੇਅਰ ਸੋਸਾਇਟੀ ਰਜਿ 140 ਪੰਜਾਬ ਵੱਲੋਂ ਹਰਪਾਲ ਸਿੰਘ ਭੁੱਲਰ ਦੀ ਦੂਜੀ ਬਰਸੀ ਮੌਕੇ ਉਨ੍ਹਾਂ ਨੂੰ ਸ਼ਰਧਾ ਅਤੇ ਸਤਿਕਾਰ ਨਾਲ ਯਾਦ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਰਾਮਗੜ੍ਹੀਆ ਸੋਸਾਇਟੀ ਦੇ ਪੰਜਾਬ ਪ੍ਰਧਾਨ ਹਰਭਜਨ ਸਿੰਘ ਦੜਿਆਲਾ ਨੇ ਜ਼ਿਕਰ ਕਰਦਿਆਂ ਦੱਸਿਆ ਕਿ ਹਰਪਾਲ ਸਿੰਘ ਭੁੱਲਰ ਇਕ ਨੇਕਦਿਲ ਇਮਾਨਦਾਰ ਸਮਾਜ਼ ਸੇਵੀ ਅਤੇ ਦੂਰਅੰਦੇਸ਼ੀ ਸ਼ਖ਼ਸੀਅਤ ਦੇ ਮਾਲਕ ਸਨ ਉਨ੍ਹਾਂ ਨੇ ਆਪਣਾ ਪੂਰਾ ਜੀਵਨ ਲੋਕ ਭਲਾਈ ਸਮਾਜਿਕ ਭਾਈਚਾਰੇ ਅਤੇ ਲੋੜਵੰਦਾਂ ਦੀ ਮਦਦ ਲਈ ਸਮਰਪਿਤ ਕੀਤਾ।ਉਨ੍ਹਾਂ ਦਾ ਮਿਲਾਪੜਾ ਸੁਭਾਅ ਅਤੇ ਸਮਾਜ ਪ੍ਰਤੀ ਨਿਰਸਵਾਰਥ ਸੇਵਾ ਭਾਵਨਾ ਹਮੇਸ਼ਾ ਪ੍ਰੇਰਨਾ ਸਰੋਤ ਬਣੀਂ ਰਹੇਗੀ, ਉਨ੍ਹਾਂ ਦੇ ਅਕਾਲ ਚਲਾਣੇ ਨਾਲ ਪਰਿਵਾਰ ਅਤੇ ਸਮਾਜ ਨੂੰ ਜੋ ਅਪੂਰਣ ਘਾਟਾ ਪਿਆ ਹੈ ਉਸ ਨੂੰ ਕਦੇ ਵੀ ਪੂਰਾ ਨਹੀਂ ਕੀਤਾ ਜਾ ਸਕਦਾ। ਇਸ ਮੌਕੇ ਸੋਸਾਇਟੀ ਵੱਲੋਂ ਅਕਾਲ ਪੁਰਖ ਦੇ ਚਰਨਾਂ ਵਿੱਚ ਅਰਦਾਸ ਕੀਤੀ ਗਈ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ। ਸਮਾਗਮ ਦੌਰਾਨ ਵਿਸ਼ਵ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਦੇ ਪ੍ਰਧਾਨ ਜੱਗਜੀਤ ਸਿੰਘ ਭੁੱਲਰ ਨੇ ਰਾਮਗੜ੍ਹੀਆ ਸੋਸਾਇਟੀ ਦੇ ਅਹੁਦੇਦਾਰ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਭਗਵਾਨ ਸਿੰਘ ਦੜਿਆਲਾ, ਸੁਖਮੰਦਰ ਸਿੰਘ ਜੱਬਲ, ਜਸਬੀਰ ਸਿੰਘ ਕਲਸੀ, ਸਤਨਾਮ ਸਿੰਘ ਹਰਿਆਨ, ਬੂਟਾ ਸਿੰਘ ਹਰਿਆਨ, ਬਲਵਿੰਦਰ ਸਿੰਘ ਕਲਸੀ, ਅੰਗਰੇਜ਼ ਸਿੰਘ ਕਲਸੀ, ਬਲਦੇਵ ਸਿੰਘ ਜੱਬਲ, ਰਾਜਦੀਪ ਸਿੰਘ ਅਰਸ਼ੀ, ਜਸਵਿੰਦਰ ਸਿੰਘ ਸੰਧੂ, ਅਨੋਖ ਸਿੰਘ ਹਰਿਆਨ, ਸੁਖਚੈਨ ਸਿੰਘ ਨਾਗੀ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸੀਟੂ ਨੇ ਯੂ ਪੀ ਆਈ ਉੱਤੇ ਪ੍ਰਸਤਾਵਿਤ ਟੈਕਸ ਨੂੰ ਵਾਪਿਸ ਲੈਣ ਦੀ ਕੀਤੀ ਮੰਗ-: ਚੰਦਰ ਸ਼ੇਖਰ

**ਮਾਛੀਵਾੜਾ ਸਾਹਿਬ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸੀਟੂ-ਪੰਜਾਬ ਦੀ ਲੀਡਰਸ਼ਿਪ ਨੇ ਮੋਦੀ ਸਰਕਾਰ ਵੱਲੋਂ ਆਉਂਦੀ 15 ਅਕਤੂਬਰ ਤੋਂ ਯੂ ਪੀ ਆਈ ਰਾਹੀਂ 2000/- ਰੂਪਏ ਜਾਂ ਇਸ ਤੋਂ ਵੱਧ ਅਦਾਇਗੀ ਕਰਨ ਉੱਤੇ ਟੈਕਸ (ਸੈਸ) ਲਾਉਣ ਦੀ ਤਜਵੀਜ ਦੀ ਨਖੇਧੀ ਕੀਤੀ ਹੈ ।ਸੀਟੂ-ਪੰਜਾਬ ਦੇ ਮੁੱਖ ਅਹੁਦੇਦਾਰਾ ਨੇ ਕਿਹਾ ਹੈ ਕਿ ਇੱਕ ਪਾਸੇ ਦੇਸ਼ ਨੂੰ ਡਿਜੀਟਲ ਕਰਨ ਦੇ ਵੱਡੇ ਐਲਾਨ 'ਤੇ ਦੂੱਜੇ ਪਾਸੇ ਡਿਜੀਟਲ ਪੇਮੈਂਟ ਉੱਤੇ ਟੈਕਸ ਲਾਉਣ ਦਾ ਫੈਸਲਾ ਲੋਕ ਵਿਰੋਧੀ ਅਤੇ ਹਾਸੋਹੀਣਾ ਕਦਮ ਹੈ। ਅਸਲ ਵਿੱਚ ਇਹ ਮਾਰੂ ਕਦਮ ਅਮਰੀਕਨ ਸਾਮਰਾਜੀਆਂ ਨੂੰ ਖੁਸ਼ ਕਰਨ ਲਈ ਚੁੱਕਿਆ ਜਾ ਰਿਹਾ ਹੈ। ਜੇਕਰ ਇਹ ਫੈਸਲਾ ਲਾਗੂ ਹੋਣ ਦਿੱਤਾ ਗਿਆ ਤਾਂ ਛੋਟੇ-ਛੋਟੇ ਸਵੈ ਰੁਜ਼ਗਾਰ ਕਰਨ ਵਾਲੇ ਅਤੇ ਸਮਾਲ ਸਕੇਲ ਧੰਦਿਆਂ ਵਿੱਚ ਲੱਗੇ ਕਰੋੜਾਂ ਲੋਕਾ ਉਤੇ ਅਤੇ ਅੰਤਿਮ ਰੂਪ ਵਿੱਚ ਆਮ ਲੋਕਾ ਉੱਤੇ ਨਵਾਂ ਆਰਥਿਕ ਭਾਰ ਲੱਦਣ ਦੀ ਇਹ ਕੋਸ਼ਿਸ਼ ਵਾਪਿਸ ਲੈਣੀ ਬਣਦੀ ਹੈ। ਪਹਿਲਾ ਹੀ ਲੋਕ ਮਹਿੰਗਾਈ ਦੀ ਚੱਕੀ ਵਿੱਚ ਪਿਸ ਰਹੇ ਹਨ ਤਾਂ ਉਹਨਾਂ ਤੋਂ ਭਾਰ ਘਟਾਉਣ ਦੀ ਬਜਾਏ ਇਹ ਮੋਦੀ ਸਰਕਾਰ ਨਵਾਂ ਡਿਜੀਟਲ ਟੈਕਸ ਉਗਰਾਹੁਣ ਲਈ ਕਮਰਕੱਸੇ ਕਰ ਰਹੀ ਹੈ। ਇਸ ਨੂੰ ਹਰ ਹਿੱਲੇ ਰੋਕਿਆ ਜਾਣਾ ਬਣਦਾ ਹੈ। ਸੀਟੂ ਦੀ ਆਲ ਇੰਡੀਆ ਸਕੱਤਰ ਕਾਮਰੇਡ ਊਸ਼ਾ ਰਾਣੀ, ਸੂਬਾਈ ਪ੍ਰਧਾਨ ਕਾਮਰੇਡ ਚੰਦਰ ਸ਼ੇਖਰ, ਜਨਰਲ ਸਕੱਤਰ ਮਹਾਂਸਿੰਘ ਰੌੜੀ, ਸੂਬਾਈ ਮੀਤ ਪ੍ਰਧਾਨ ਸੁੱਚਾ ਸਿੰਘ ਅਜਨਾਲਾ,ਵਿੱਤ ਸਕੱਤਰ ਸੁਖਮਿੰਦਰ ਸਿੰਘ ਲੋਟੇ,ਸੂਬਾਈ ਸਕੱਤਰ ਅਮਰਨਾਥ ਕੂੰਮਕਲਾਂ ਨੇ ਆਮ ਲੋਕਾ ਨੂੰ ਅਪੀਲ ਕੀਤੀ ਹੈ ਕਿ ਉਹ ਅੱਗੇ ਵੱਧ ਕੇ ਮੋਦੀ ਸਰਕਾਰ ਦੇ ਇਸ ਲੋਕ ਵਿਰੋਧੀ ਫੈਸਲੇ ਨੂੰ ਵਾਪਿਸ ਕਰਵਾਉਣ ਲਈ ਅਪਣੀ ਆਵਾਜ ਬੁਲੰਦ ਕਰਨ।

### ‘ਨਮਸਤੇ ਕੈਨੇਡਾ’ ਪ੍ਰੋਗਰਾਮ ਦੌਰਾਨ ਪਾਇਆ ਰੰਗ ਵਿਚ ਭੰਗ

# ਵੈਨਕੂਵਰ ਆਰਟ ਗੈਲਰੀ ਦੇ ਵਿਹੜੇ ’ਚ ਗੂੰਜਿਆ ਸਿੱਖਾਂ ਦੇ ਰੋਸ ਦਾ ਖੜਕਾ




**ਨਵੀਂ ਦਿੱਲੀ 20 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):-** ਭਾਰਤੀ ਕੌਂਸਲੇਟ ਜਨਰਲ ਵੈਨਕੂਵਰ ਵੱਲੋਂ ਵੈਨਕੂਵਰ ਆਰਟ ਗੈਲਰੀ ਦੇ ਨੌਰਥ ਪਲਾਜ਼ਾ ਵਿਖੇ ਆਯੋਜਿਤ ਕੀਤੇ ਗਏ “ਨਮਸਤੇ ਕੈਨੇਡਾ 2026” ਪ੍ਰੋਗਰਾਮ ਦਾ ਖਾਲਿਸਤਾਨ ਪੱਖੀ ਸਿੱਖਾਂ ਨੇ ਜ਼ਬਰਦਸਤ ਤਰੀਕੇ ਨਾਲ ਘੇਰਾਓ ਕੀਤਾ। ਸ਼ਹੀਦ ਭਾਈ ਜਥੇਦਾਰ ਹਰਦੀਪ ਸਿੰਘ ਨਿੱਝਰ ਦੇ ਕਤਲ ਦੇ ਮਾਮਲੇ ਵਿੱਚ ਇਨਸਾਫ਼ ਅਤੇ ਜਵਾਬਦੇਹੀ ਦੀ ਪੁਰਜ਼ੋਰ ਮੰਗ ਨੂੰ ਲੈ ਕੇ ਸਵੇਰੇ 11:00 ਵਜੇ ਤੋਂ ਸ਼ਾਮ 6:00 ਵਜੇ ਤੱਕ ਚੱਲੇ ਇਸ ਬੇਬਾਕ ਪ੍ਰਦਰਸ਼ਨ ਨੇ ਸਮਾਗਮ ਦੇ ਰੰਗ ਵਿੱਚ ਭੰਗ ਪਾ ਦਿੱਤਾ। ਭਾਰਤ ਸਰਕਾਰ ਦੀਆਂ ਨੀਤੀਆਂ ਅਤੇ ਵਿਦੇਸ਼ਾਂ ਵਿੱਚ ਸਿੱਖਾਂ ’ਤੇ ਹੋ ਰਹੇ ਹਮਲਿਆਂ ਖ਼ਿਲਾਫ਼ ਪ੍ਰਦਰਸ਼ਨਕਾਰੀਆਂ ਦਾ ਗੁੱਸਾ ਪੂਰੇ ਜਲੌਅ ’ਚ ਦੇਖਣ ਨੂੰ ਮਿਲਿਆ। ਪ੍ਰਦਰਸ਼ਨ ਦੌਰਾਨ ਧਰਤੀ ਆਕਾਸ਼ ਗੂੰਜਾਊ ਨਾਅਰੇਬਾਜ਼ੀ ਕਰਦਿਆਂ ਹਜ਼ਾਰਾਂ ਦੀ ਗਿਣਤੀ ’ਚ ਇਕੱਠੇ ਹੋਏ ਪ੍ਰਦਰਸ਼ਨਕਾਰੀਆਂ ਨੇ “ਖਾਲਿਸਤਾਨ ਜ਼ਿੰਦਾਬਾਦ” ਅਤੇ “ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਜ਼ਿੰਦਾਬਾਦ” ਦੇ ਨਾਅਰਿਆਂ ਨਾਲ ਪੂਰਾ ਇਲਾਕਾ ਗੂੰਜਣ ਲਾ ਦਿੱਤਾ। ਪ੍ਰਦਰਸ਼ਨਕਾਰੀਆਂ ਨੇ ਸਾਰੀਆਂ ਹੱਦਾਂ ਪਾਰ ਕਰਦਿਆਂ ਮੁੱਖ ਸਟੇਜ ਦੇ ਬਿਲਕੁਲ ਸਾਹਮਣੇ ਪਹੁੰਚ ਕੇ ਭਾਰਤੀ ਕੌਂਸਲੇਟ ਦੇ ਅਧਿਕਾਰੀਆਂ ਦੀਆਂ ਅੱਖਾਂ ’ਚ ਅੱਖਾਂ ਪਾ ਕੇ ਆਪਣਾ ਪ੍ਰਚੰਡ ਵਿਰੋਧ ਦਰਜ ਕਰਵਾਇਆ। ਇਹ ਸਿੱਧਾ ਲਲਕਾਰਾ ਇਸ ਗੱਲ ਦਾ ਸਬੂਤ ਸੀ ਕਿ ਸਿੱਖ ਭਾਈਚਾਰਾ ਆਪਣੇ ਸ਼ਹੀਦਾਂ ਦੇ ਖ਼ੂਨ ਦਾ ਹਿਸਾਬ ਲਏ ਬਿਨਾਂ ਪਿੱਛੇ ਹਟਣ ਵਾਲਾ ਨਹੀਂ ਹੈ। ਕੈਨੇਡਾ ਸਰਕਾਰ ਵੱਲੋਂ 2023 ਵਿੱਚ ਭਾਰਤੀ ਏਜੰਟਾਂ ’ਤੇ ਲਾਏ ਗਏ “ਗੰਭੀਰ ਦੋਸ਼ਾਂ” ਅਤੇ ਆਰਸੀਐੱਮਪੀ ਦੀਆਂ ਜਾਂਚਾਂ ਦੇ ਹਵਾਲੇ ਨਾਲ ਪ੍ਰਦਰਸ਼ਨਕਾਰੀਆਂ ਨੇ ਸਪੱਸ਼ਟ ਕੀਤਾ ਕਿ ਭਾਈ ਨਿੱਝਰ ਦਾ ਬਲੀਦਾਨ ਅਜਾਈਂ ਨਹੀਂ ਜਾਣ ਦਿੱਤਾ ਜਾਵੇਗਾ। ’ਟੀਮ ਸ਼ਹੀਦ ਨਿੱਝਰ’ ਅਤੇ ਗੁਰੂ ਨਾਨਕ ਸਿੱਖ ਗੁਰਦੁਆਰਾ ਦੀ ਸਮੁੱਚੀ ਲੀਡਰਸ਼ਿਪ ਨੇ ਐਲਾਨ ਕੀਤਾ ਕਿ ਜਦੋਂ ਤੱਕ ਇਨਸਾਫ਼ ਨਹੀਂ ਮਿਲਦਾ, ਉਦੋਂ ਤੱਕ ਭਾਰਤੀ ਹਕੂਮਤ ਦਾ ਹਰ ਜਨਤਕ ਮੰਚ ’ਤੇ ਅਜਿਹਾ ਹੀ ਤਿੱਖਾ ਵਿਰੋਧ ਕੀਤਾ ਜਾਵੇਗਾ ਅਤੇ ਇਹ ਆਵਾਜ਼ ਵਿਸ਼ਵ ਪੱਧਰ ’ਤੇ ਗੂੰਜਦੀ ਰਹੇਗੀ। ਜਿਕਰਯੋਗ ਹੈ ਇਸ ਪ੍ਰਚੰਡ ਰੋਸ ਵਿਖਾਵੇ ਨੇ ਅਗਲੇ ਸੰਘਰਸ਼ ਦੀ ਰੂਪ-ਰੇਖਾ ਵੀ ਉਲੀਕ ਦਿੱਤੀ ਹੈ। ਟੀਮ ਸ਼ਹੀਦ ਨਿੱਝਰ ਵਲੋਂ 18 ਅਕਤੂਬਰ 2026 ਨੂੰ ਐਡਮੰਟਨ, ਅਲਬਰਟਾ ਵਿਖੇ ਹੋਣ ਜਾ ਰਹੀ ’ਖਾਲਿਸਤਾਨ ਰਿਫਰੈਂਡਮ’ ਦੀ ਵੋਟਿੰਗ ਲਈ ਸਮਰਥਕਾਂ ਨੂੰ ਡਟਣ ਦਾ ਸੱਦਾ ਦਿੱਤਾ ਗਿਆ ਹੈ। ਗੁਰੂ ਨਾਨਕ ਸਿੱਖ ਗੁਰਦੁਆਰਾ ਦੇ ਸਕੱਤਰ ਭਾਈ ਗੁਰਮੀਤ ਸਿੰਘ ਤੂਰ, ਰਿਕਾਰਡਿੰਗ ਸਕੱਤਰ ਭਾਈ ਨਰਿੰਦਰ ਸਿੰਘ ਰੰਧਾਵਾ, ਮਨਜਿੰਦਰ ਸਿੰਘ ਖਾਲਸਾ, ਭਾਈ ਗਗਨਦੀਪ ਸਿੰਘ, ਭਾਈ ਰਜਿੰਦਰ ਸਿੰਘ ਨਤ, ਵਾਹਿਗੁਰੂ ਕੌਰ ਸਮੇਤ ਵੱਡੀ ਗਿਣਤੀ ’ਚ ਬੀਬੀਆਂ ਤੇ ਬੱਚਿਆਂ ਦੀ ਸ਼ਮੂਲੀਅਤ ਨੇ ਇਹ ਸਾਫ਼ ਕਰ ਦਿੱਤਾ ਹੈ ਕਿ ਸਿੱਖ ਕੌਮ ਆਪਣੇ ਹੱਕਾਂ ਅਤੇ ਆਜ਼ਾਦੀ ਦੀ ਲੜਾਈ ਸ਼ਾਂਤਮਈ ਤੇ ਲੋਕਤੰਤਰਿਕ ਢੰਗ ਨਾਲ ਆਖ਼ਰੀ ਦਮ ਤੱਕ ਲੜਨ ਲਈ ਪੂਰੀ ਤਰ੍ਹਾਂ ਤਿਆਰ ਹੈ।

### ਯੂਕੇ ’ਚ ਪੈਟਰੋਲ-ਡੀਜ਼ਲ ਦੀਆਂ ਕੀਮਤਾਂ ’ਚ ਭਾਰੀ ਵਾਧਾ

# ‘ਕੌਸਟ ਆਫ਼ ਲਿਵਿੰਗ’ ਨੇ ਹਿਲਾਇਆ ਘਰੇਲੂ ਬਜਟ

**ਲੰਡਨ, 20 ਅਗਸਤ (ਸਰਬਜੀਤ ਸਿੰਘ ਬਨੂੜ)**-ਯੂਕੇ ਵਿੱਚ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਤੇਜ਼ੀ ਨਾਲ ਹੋ ਰਹੇ ਵਾਧੇ ਨੇ ਆਮ ਲੋਕਾਂ ਦੇ ਘਰੇਲੂ ਬਜਟ ’ਤੇ ਨਵਾਂ ਬੋਝ ਪਾ ਦਿੱਤਾ ਹੈ। ਸਤੰਬਰ ਮਹੀਨੇ ਦੌਰਾਨ ਤੇਲ ਦੀਆਂ ਕੀਮਤਾਂ ਵਿੱਚ ਵੱਡਾ ਉਛਾਲ ਦਰਜ ਕੀਤਾ ਗਿਆ ਹੈ ਅਤੇ ਕਈ ਪੈਟਰੋਲ ਪੰਪਾਂ ’ਤੇ ਡੀਜ਼ਲ ਦੀ ਕੀਮਤ 2 ਪੌਂਡ ਪ੍ਰਤੀ ਲੀਟਰ ਦੀ ਹੱਦ ਵੀ ਪਾਰ ਕਰ ਗਈ ਹੈ। ਵਧਦੀਆਂ ਤੇਲ ਅਤੇ ਜੀਵਨ-ਯਾਪਨ ਲਾਗਤਾਂ ਦਰਮਿਆਨ ‘ਕੌਸਟ ਆਫ਼ ਲਿਵਿੰਗ’ ਦਾ ਮੁੱਦਾ ਮੁੜ ਚਰਚਾ ਵਿੱਚ ਆ ਗਿਆ ਹੈ, ਜਦਕਿ ਪ੍ਰਧਾਨ ਮੰਤਰੀ ਐਂਡੀ ਬਰਨਹਮ ਦੀ ਸਰਕਾਰ ਸਾਹਮਣੇ ਮਹਿੰਗਾਈ ਵੱਡੀ ਆਰਥਿਕ ਚੁਣੌਤੀ ਬਣੀ ਹੋਈ ਹੈ।

> **ਕਈ ਪੰਪਾਂ ’ਤੇ ਡੀਜ਼ਲ £2 ਪ੍ਰਤੀ ਲੀਟਰ ਤੋਂ ਪਾਰ, ਸਤੰਬਰ ’ਚ ਤੇਜ਼ੀ ਨਾਲ ਵਧੀਆਂ ਕੀਮਤਾਂ**




ਲੰਡਨ ਇਲਾਕੇ ਦੇ ਕੁਝ ਪੈਟਰੋਲ ਪੰਪਾਂ ’ਤੇ ਰੈਗੂਲਰ ਅਨਲੀਡਿਡ ਪੈਟਰੋਲ 175.9 ਪੈਂਸ ਅਤੇ ਰੈਗੂਲਰ ਡੀਜ਼ਲ 201.9 ਪੈਂਸ ਪ੍ਰਤੀ ਲੀਟਰ ਤੱਕ ਵਿਕਦਾ ਦਿਖਾਈ ਦੇ ਰਿਹਾ ਹੈ। ਇੱਕ ਪੌਂਡ ਦੀ ਕੀਮਤ ਕਰੀਬ 128.57 ਰੁਪਏ ਦੇ ਹਿਸਾਬ ਨਾਲ ਇਹ ਪੈਟਰੋਲ ਲਗਭਗ 226 ਰੁਪਏ ਅਤੇ ਡੀਜ਼ਲ 260 ਰੁਪਏ ਪ੍ਰਤੀ ਲੀਟਰ ਬਣਦਾ ਹੈ। ਹਾਲਾਂਕਿ ਪੰਪ ਅਤੇ ਇਲਾਕੇ ਮੁਤਾਬਕ ਕੀਮਤਾਂ ਵਿੱਚ ਫਰਕ ਰਹਿੰਦਾ ਹੈ।

ਬ੍ਰਿਟਿਸ਼ ਸਰਕਾਰ ਦੇ ਹਫ਼ਤਾਵਾਰੀ ਅੰਕੜਿਆਂ ਮੁਤਾਬਕ 14 ਸਤੰਬਰ ਤੋਂ ਸ਼ੁਰੂ ਹੋਏ ਹਫ਼ਤੇ ਵਿੱਚ ਯੂਕੇ ਦੀ ਔਸਤ ਪੈਟਰੋਲ ਕੀਮਤ 168.14 ਪੈਂਸ ਅਤੇ ਡੀਜ਼ਲ 190.72 ਪੈਂਸ ਪ੍ਰਤੀ ਲੀਟਰ ਦਰਜ ਕੀਤੀ ਗਈ। 31 ਅਗਸਤ ਨੂੰ ਇਹ ਕੀਮਤਾਂ ਕ੍ਰਮਵਾਰ 161.61 ਅਤੇ 183.49 ਪੈਂਸ ਸਨ। ਇਸ ਤਰ੍ਹਾਂ ਸਿਰਫ਼ ਦੋ ਹਫ਼ਤਿਆਂ ਵਿੱਚ ਪੈਟਰੋਲ ਕਰੀਬ 6.5 ਪੈਂਸ ਅਤੇ ਡੀਜ਼ਲ 7.2 ਪੈਂਸ ਪ੍ਰਤੀ ਲੀਟਰ ਮਹਿੰਗਾ ਹੋ ਗਿਆ।

ਮਹਿੰਗੇ ਪੈਟਰੋਲ-ਡੀਜ਼ਲ ਦਾ ਅਸਰ ਮਹਿੰਗਾਈ ਦੇ ਸਰਕਾਰੀ ਅੰਕੜਿਆਂ ਵਿੱਚ ਵੀ ਸਾਫ਼ ਨਜ਼ਰ ਆ ਰਿਹਾ ਹੈ। Office for National Statistics (ONS) ਮੁਤਾਬਕ ਅਗਸਤ ਵਿੱਚ ਯੂਕੇ ਦੀ ਸਾਲਾਨਾ CPI ਮਹਿੰਗਾਈ ਦਰ 2.9 ਫੀਸਦੀ ਤੋਂ ਵਧ ਕੇ 3.1 ਫੀਸਦੀ ਹੋ ਗਈ। ਮਹਿੰਗਾਈ ਵਿੱਚ ਇਸ ਵਾਧੇ ਦਾ ਸਭ ਤੋਂ ਵੱਡਾ ਕਾਰਨ ਟਰਾਂਸਪੋਰਟ ਅਤੇ ਖਾਸ ਕਰਕੇ ਮੋਟਰ ਫਿਊਲ ਦੀਆਂ ਵਧੀਆਂ ਕੀਮਤਾਂ ਰਹੀਆਂ।

ਅਗਸਤ ਮਹੀਨੇ ਦੌਰਾਨ ਪੈਟਰੋਲ ਦੀ ਔਸਤ ਕੀਮਤ 9.1 ਪੈਂਸ ਪ੍ਰਤੀ ਲੀਟਰ ਵਧ ਕੇ 161.3 ਪੈਂਸ ਤੱਕ ਪਹੁੰਚ ਗਈ, ਜੋ ਨਵੰਬਰ 2022 ਤੋਂ ਬਾਅਦ ਸਭ ਤੋਂ ਉੱਚਾ ਪੱਧਰ ਸੀ। ਇਸੇ ਦੌਰਾਨ ਡੀਜ਼ਲ ਦੀ ਕੀਮਤ ਵਿੱਚ 14.2 ਪੈਂਸ ਪ੍ਰਤੀ ਲੀਟਰ ਦਾ ਵਾਧਾ ਹੋਇਆ ਅਤੇ ਔਸਤ ਕੀਮਤ 181.8 ਪੈਂਸ ਤੱਕ ਪਹੁੰਚ ਗਈ। ਪਿਛਲੇ ਸਾਲ ਦੇ ਮੁਕਾਬਲੇ ਮੋਟਰ ਫਿਊਲ ਦੀਆਂ ਕੀਮਤਾਂ ਵਿੱਚ ਕੁੱਲ 23 ਫੀਸਦੀ ਵਾਧਾ ਦਰਜ ਕੀਤਾ ਗਿਆ।

ਟਰਾਂਸਪੋਰਟ ਦੀ ਸਾਲਾਨਾ ਮਹਿੰਗਾਈ ਵੀ ਅਗਸਤ ਵਿੱਚ 4.6 ਫੀਸਦੀ ਤੱਕ ਪਹੁੰਚ ਗਈ। ਮਹਿੰਗੇ ਈਂਧਨ ਕਾਰਨ ਰੋਜ਼ਾਨਾ ਕੰਮ ’ਤੇ ਜਾਣ ਲਈ ਕਾਰ ਜਾਂ ਵੈਨ ਦੀ ਵਰਤੋਂ ਕਰਨ ਵਾਲੇ ਲੋਕਾਂ ਦੇ ਖਰਚੇ ਵਿੱਚ ਸਿੱਧਾ ਵਾਧਾ ਹੋਇਆ ਹੈ। ਕਾਰੋਬਾਰੀ ਪੱਧਰ ’ਤੇ ਵੀ ਵਧਦੀਆਂ ਕੀਮਤਾਂ ਦਾ ਦਬਾਅ ਸਾਹਮਣੇ ਆ ਰਿਹਾ ਹੈ। ONS ਮੁਤਾਬਕ ਅਗਸਤ ਵਿੱਚ ਬ੍ਰਿਟਿਸ਼ ਨਿਰਮਾਤਾਵਾਂ ਦੀਆਂ ਇਨਪੁੱਟ ਕੀਮਤਾਂ ਸਾਲਾਨਾ ਆਧਾਰ ’ਤੇ 6.1 ਫੀਸਦੀ ਅਤੇ ਫੈਕਟਰੀ ਗੇਟ ਕੀਮਤਾਂ 3.7 ਫੀਸਦੀ ਵਧੀਆਂ। ਰਿਫਾਇੰਡ ਪੈਟਰੋਲੀਅਮ ਉਤਪਾਦਾਂ ਦੀਆਂ ਵਧੀਆਂ ਕੀਮਤਾਂ ਨੇ ਵੀ ਇਸ ਵਾਧੇ ਵਿੱਚ ਅਹਿਮ ਭੂਮਿਕਾ ਨਿਭਾਈ।

ਮਹਿੰਗੇ ਡੀਜ਼ਲ ਦਾ ਅਸਰ ਸਿਰਫ਼ ਕਾਰ ਅਤੇ ਵੈਨ ਚਾਲਕਾਂ ਤੱਕ ਸੀਮਤ ਨਹੀਂ ਹੈ। ਯੂਕੇ ਵਿੱਚ ਟਰੱਕਾਂ ਰਾਹੀਂ ਵੱਡੇ ਪੱਧਰ ’ਤੇ ਮਾਲ ਦੀ ਢੋਆ-ਢੁਆਈ ਹੁੰਦੀ ਹੈ ਅਤੇ ਦੁਕਾਨਾਂ ਤੇ ਸੁਪਰਮਾਰਕੀਟਾਂ ਤੱਕ ਰੋਜ਼ਾਨਾ ਸਾਮਾਨ ਪਹੁੰਚਾਉਣ ਲਈ ਡੀਜ਼ਲ ਵਾਹਨਾਂ ਦੀ ਵਰਤੋਂ ਹੁੰਦੀ ਹੈ। ਇਸ ਕਾਰਨ ਡੀਜ਼ਲ ਦੀਆਂ ਵਧੀਆਂ ਕੀਮਤਾਂ ਟਰਾਂਸਪੋਰਟ ਅਤੇ ਸਪਲਾਈ ਨਾਲ ਜੁੜੇ ਕਾਰੋਬਾਰਾਂ ਦੀ ਲਾਗਤ ਨੂੰ ਵੀ ਪ੍ਰਭਾਵਿਤ ਕਰ ਰਹੀਆਂ ਹਨ।

ਤੇਲ ਦੀਆਂ ਵਧਦੀਆਂ ਕੀਮਤਾਂ ਨੇ ਯੂਕੇ ਵਿੱਚ ‘ਕੌਸਟ ਆਫ਼ ਲਿਵਿੰਗ’ ਨੂੰ ਮੁੜ ਵੱਡਾ ਮੁੱਦਾ ਬਣਾ ਦਿੱਤਾ ਹੈ। ਕੰਮ ’ਤੇ ਜਾਣ ਲਈ ਰੋਜ਼ਾਨਾ ਵਾਹਨ ਦੀ ਵਰਤੋਂ ਕਰਨ ਵਾਲੇ ਪਰਿਵਾਰਾਂ ਲਈ ਪੈਟਰੋਲ-ਡੀਜ਼ਲ ਦਾ ਵਧਦਾ ਬਿੱਲ ਘਰੇਲੂ ਖਰਚਿਆਂ ਵਿੱਚ ਵੱਡਾ ਹਿੱਸਾ ਜੋੜ ਰਿਹਾ ਹੈ। ਇਸ ਦੇ ਨਾਲ ਰਿਹਾਇਸ਼, ਟਰਾਂਸਪੋਰਟ ਅਤੇ ਹੋਰ ਸੇਵਾਵਾਂ ਦੀਆਂ ਕੀਮਤਾਂ ਕਾਰਨ ਪਰਿਵਾਰਾਂ ਦੇ ਬਜਟ ’ਤੇ ਆਰਥਿਕ ਦਬਾਅ ਬਣਿਆ ਹੋਇਆ ਹੈ।

# ਹਰਿਆਣਾ ਦੇ ਸਿੱਖਾਂ ਨੂੰ ਮੰਡੇਬਰ ਦੀ ਅਗਵਾਈ ਵਿੱਚ ਮਿਲੀ ਨਵੀਂ ਉਮੀਦ : ਤਾਲਬਪੁਰਾ



**ਰਮਦਾਸ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਵਿਧਾਨ ਸਭਾ ਹਲਕਾ ਅਜਨਾਲਾ ਤੋਂ ਸ. ਸੁਰਿੰਦਰਪਾਲ ਸਿੰਘ ਤਾਲਬਪੁਰਾ ਆਪਣੇ ਸਾਥੀਆਂ ਰਜਵੰਤ ਸਿੰਘ ਮਹਿਲਾਂ ਵਾਲਾ ਤੇ ਯੂਥ ਆਗੂ ਮਨਜੋਤ ਸਿੰਘ ਪੁਰੇਵਾਲ ਸਮੇਤ ਗੁਰਦੁਆਰਾ ਮੰਜੀ ਸਾਹਿਬ, ਅੰਬਾਲਾ ਵਿਖੇ ਵਿਸ਼ੇਸ਼ ਤੌਰ ’ਤੇ ਪਹੁੰਚੇ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੀ ਹਰਿਆਣਾ ਇਕਾਈ ਦੇ ਪ੍ਰਧਾਨ ਸ. ਸੁਖਵਿੰਦਰ ਸਿੰਘ ਮੰਡੇਬਰ ਸਮੇਤ ਸਮੁੱਚੀ ਟੀਮ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ। ਇਸ ਮੌਕੇ ਸ. ਤਾਲਬਪੁਰਾ ਨੇ ਕਿਹਾ ਕਿ ਸ. ਸੁਖਵਿੰਦਰ ਸਿੰਘ ਮੰਡੇਬਰ ਵਰਗੇ ਜੁਝਾਰੂ ਆਗੂ ਦੀ ਅਗਵਾਈ ਨਾਲ ਹਰਿਆਣਾ ਦੇ ਸਿੱਖਾਂ ਨੂੰ ਇੱਕ ਨਵੀਂ ਦਿਸ਼ਾ ਅਤੇ ਮਜ਼ਬੂਤ ਅਗਵਾਈ ਮਿਲੀ ਹੈ। ਉਨ੍ਹਾਂ ਕਿਹਾ ਕਿ ਜੋ ਸਿੱਖ ਆਪਣੇ ਆਪ ਨੂੰ ਆਗੂ-ਵਿਹੂਣੇ ਮਹਿਸੂਸ ਕਰ ਰਹੇ ਸਨ, ਉਨ੍ਹਾਂ ਵਿੱਚ ਹੁਣ ਨਵਾਂ ਉਤਸ਼ਾਹ ਪੈਦਾ ਹੋਇਆ ਹੈ। ਇਸ ਮੌਕੇ ਸ. ਸੁਰਿੰਦਰਪਾਲ ਸਿੰਘ ਤਾਲਬਪੁਰਾ ਅਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਸ. ਸੁਖਵਿੰਦਰ ਸਿੰਘ ਮੰਡੇਬਰ, ਸ. ਗੁਰਬੀਰ ਸਿੰਘ ਤਲਾਕੌਰ, ਸ. ਸੁਖਵਿੰਦਰ ਸਿੰਘ ਬਿੱਟਾ ਅੰਬਾਲਾ, ਸ. ਜਗਦੀਪ ਸਿੰਘ ਅਤੇ ਨੌਜਵਾਨ ਆਗੂ ਸ. ਹਰਸ਼ਪਾਲ ਸਿੰਘ ਸਿੰਘਾਪੁਰ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਸ. ਸੁਖਵਿੰਦਰ ਸਿੰਘ ਮੰਡੇਬਰ ਨੇ ਅਜਨਾਲਾ ਤੋਂ ਪਹੁੰਚੇ ਸ. ਤਾਲਬਪੁਰਾ ਅਤੇ ਉਨ੍ਹਾਂ ਦੇ ਸਾਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਨਮਾਨ ਅਤੇ ਪਿਆਰ ਟੀਮ ਦੀ ਜ਼ਿੰਮੇਵਾਰੀ ਨੂੰ ਹੋਰ ਵਧਾਉਂਦਾ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਵਿੱਚ ਸਿੱਖਾਂ ਦੀਆਂ ਭਾਵਨਾਵਾਂ ਅਤੇ ਹੱਕਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਉਣ ਲਈ ਟੀਮ ਪੂਰੀ ਤਨਦੇਹੀ ਨਾਲ ਕੰਮ ਕਰੇਗੀ।

# ਗਹਿਰੀ ਮੰਡੀ ਵਿਖੇ ਧੰਨ-ਧੰਨ ਬਾਬਾ ਨਿਹਾਲ ਦਾਸ ਜੀ ਯਾਦਗਾਰੀ ਗੇਟ ਦਾ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਨੇ ਕੀਤਾ ਉਦਘਾਟਨ

### ਸਾਢੇ ਚਾਰ ਸਾਲਾਂ ਦੌਰਾਨ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦਾ ਰਿਕਾਰਡਤੋੜ ਵਿਕਾਸ ਹੋਇਆ: ਹਰਭਜਨ ਸਿੰਘ ਈ.ਟੀ.ਓ.



**ਜੰਡਿਆਲਾ ਗੁਰੂ 20 ਸਤੰਬਰ ( ਕੁਲਵੰਤ ਸਿੰਘ ਵਿਰਦੀ )** — ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਕਸਬਾ ਗਹਿਰੀ ਮੰਡੀ ਵਿਖੇ ਧੰਨ-ਧੰਨ ਬਾਬਾ ਨਿਹਾਲ ਦਾਸ ਜੀ ਯਾਦਗਾਰੀ ਗੇਟ ਦਾ ਨਿਰਮਾਣ ਕਰਵਾਇਆ ਗਿਆ ਹੈ। ਇਸ ਗੇਟ ਦਾ ਉਦਘਾਟਨ ਅੱਜ ਸੂਬੇ ਦੇ ਲੋਕ ਨਿਰਮਾਣ ਮੰਤਰੀ ਅਤੇ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਕੀਤਾ ਗਿਆ।ਇਸ ਮੌਕੇ ਸ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਪੀ.ਆਈ.ਡੀ.ਬੀ. ਫੰਡ ਸਕੀਮ ਅਧੀਨ 30 ਲੱਖ ਰੁਪਏ ਦੀ ਲਾਗਤ ਨਾਲ ਇਸ ਯਾਦਗਾਰੀ ਗੇਟ ਦਾ ਨਿਰਮਾਣ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਗੇਟ ਨੂੰ ਵਿਰਾਸਤੀ ਦਿੱਖ ਦਿੱਤੀ ਗਈ ਹੈ, ਜੋ ਗਹਿਰੀ ਮੰਡੀ ਦੀ ਸ਼ਾਨ ਵਿੱਚ ਹੋਰ ਵਾਧਾ ਕਰੇਗੀ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨਾਲ-ਨਾਲ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਵਿੱਚ ਵੀ ਵੱਖ-ਵੱਖ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਹਲਕੇ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਨੂੰ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਸਰਕਾਰ ਵੱਲੋਂ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਦਾਅਵਾ ਕੀਤਾ ਕਿ ਸਾਢੇ ਚਾਰ ਸਾਲਾਂ ਦੌਰਾਨ ਹਲਕਾ ਜੰਡਿਆਲਾ ਗੁਰੂ ਵਿੱਚ ਜਿੰਨਾ ਵਿਕਾਸ ਹੋਇਆ ਹੈ, ਉਨਾ ਵਿਕਾਸ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਪਿਛਲੇ 75 ਸਾਲਾਂ ਦੌਰਾਨ ਵੀ ਨਹੀਂ ਕਰ ਸਕੀਆਂ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਦਿਆਂ ਵੱਖ-ਵੱਖ ਖੇਤਰਾਂ ਵਿੱਚ ਵਿਕਾਸ ਕਾਰਜਾਂ ਨੂੰ ਅੱਗੇ ਵਧਾਇਆ ਗਿਆ ਹੈ।ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਸੂਬੇ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਦਾ ਲਾਭ ਲੋਕਾਂ ਤੱਕ ਪਹੁੰਚ ਰਿਹਾ ਹੈ। ਉਨ੍ਹਾਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਮੁੜ ਸਰਕਾਰ ਬਣਾਕੇ ਸੂਬੇ ਦੀ ਸੇਵਾ ਕਰੇਗੀ।ਇਸ ਮੌਕੇ ਚੇਅਰਮੈਨ ਹਰਪਾਲ ਸਿੰਘ ਚੌਹਾਨ, ਚੇਅਰਮੈਨ ਅਮਰੀਕ ਸਿੰਘ ਸੋਢੀ, ਸਰਪੰਚ ਮਜਿੰਦਰ ਭੀਰੀ, ਪ੍ਰਧਾਨ ਸਤਿੰਦਰ ਸਿੰਘ, ਸਮੂਹ ਮੈਂਬਰ ਪੰਚਾਇਤ ਗਹਿਰੀ ਮੰਡੀ, ਬਾਬਾ ਕਸ਼ਮੀਰ ਸਿੰਘ, ਅਵਤਾਰ ਸਿੰਘ, ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਤੋਂ ਇਲਾਵਾ ਵੱਖ-ਵੱਖ ਪਿੰਡਾਂ ਦੇ ਸਰਪੰਚ, ਜ਼ਿਲ੍ਹਾ ਪਰਿਸ਼ਦ ਅਤੇ ਬਲਾਕ ਸੰਮਤੀ ਮੈਂਬਰ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੱਚਖੰਡ ਵਾਸੀ ਸੰਤ ਬਾਬਾ ਪ੍ਰੀਤਮ ਸਿੰਘ ਦੀ ਛੇਵੀਂ ਬਰਸੀ ਮੌਕੇ ਧਾਰਮਿਕ ਸਮਾਗਮ ਕਰਵਾਇਆ ਗਿਆ

# ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਭਰੀ ਹਾਜ਼ਰੀ



**ਜੰਡਿਆਲਾ ਗੁਰੂ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸੱਚਖੰਡ ਵਾਸੀ ਸੰਤ ਬਾਬਾ ਪ੍ਰੀਤਮ ਸਿੰਘ ਜੀ ਦੀ ਛੇਵੀਂ ਬਰਸੀ ਸਬੰਧੀ ਵਿਸ਼ੇਸ਼ ਧਾਰਮਿਕ ਸਮਾਗਮ ਗੁਰਦੁਆਰਾ ਭਗਤਾਂ ਦਾ ਡੇਰਾ, ਤਰਸਿੱਕਾ ਵਿਖੇ ਪੂਰੀ ਸ਼ਰਧਾ ਅਤੇ ਭਾਵਨਾ ਨਾਲ ਕਰਵਾਇਆ ਗਿਆ। ਇਸ ਮੌਕੇ ਪੰਜਾਬ ਦੇ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋ ਕੇ ਸੰਤ ਬਾਬਾ ਪ੍ਰੀਤਮ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਸੰਗਤ ਨੂੰ ਸੰਬੋਧਨ ਕਰਦਿਆਂ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਸੰਤ ਬਾਬਾ ਪ੍ਰੀਤਮ ਸਿੰਘ ਜੀ ਰੱਬੀ ਰੂਹ ਸਨ, ਜਿਨ੍ਹਾਂ ਨੇ ਆਪਣਾ ਜੀਵਨ ਲੋਕ ਸੇਵਾ ਅਤੇ ਧਾਰਮਿਕ ਕਾਰਜਾਂ ਨੂੰ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਸੰਤ ਬਾਬਾ ਪ੍ਰੀਤਮ ਸਿੰਘ ਜੀ ਵੱਲੋਂ ਇਲਾਕੇ ਦੀ ਸੰਗਤ ਨੂੰ ਗੁਰੂ ਸ਼ਬਦ ਨਾਲ ਜੋੜਨ ਅਤੇ ਧਾਰਮਿਕ ਕਦਰਾਂ-ਕੀਮਤਾਂ ਨੂੰ ਪ੍ਰਫੁੱਲਤ ਕਰਨ ਲਈ ਨਿਭਾਈਆਂ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਉਨ੍ਹਾਂ ਕਿਹਾ ਕਿ ਸੰਤ ਬਾਬਾ ਪ੍ਰੀਤਮ ਸਿੰਘ ਜੀ ਦੀ ਸਾਦਗੀ, ਸੇਵਾ ਭਾਵਨਾ ਅਤੇ ਲੋਕਾਂ ਨੂੰ ਸਹੀ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਨ ਵਾਲੀ ਸੋਚ ਸਮਾਜ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਕਿਹਾ ਕਿ ਅਜਿਹੇ ਮਹਾਨ ਸੰਤਾਂ ਦੀਆਂ ਸਿੱਖਿਆਵਾਂ ਅਤੇ ਸੇਵਾ ਭਾਵਨਾ ਨੂੰ ਅੱਗੇ ਵਧਾਉਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ।ਇਸ ਉਪਰੰਤ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਤਰਸਿੱਕਾ ਵਿਖੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ 'ਤੇ ਪੰਜਾਬ ਸਰਕਾਰ ਵੱਲੋਂ ਕਰੀਬ 3 ਕਰੋੜ ਰੁਪਏ ਦੀ ਲਾਗਤ ਨਾਲ 8 ਏਕੜ ਰਕਬੇ ਵਿੱਚ ਬਣਾਏ ਜਾ ਰਹੇ ਖੇਡ ਸਟੇਡੀਅਮ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਚੱਲ ਰਹੇ ਨਿਰਮਾਣ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਸਬੰਧਤ ਅਧਿਕਾਰੀਆਂ ਤੋਂ ਸਟੇਡੀਅਮ ਵਿੱਚ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਖੇਡ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ।ਇਸ ਖੇਡ ਸਟੇਡੀਅਮ ਵਿੱਚ ਹਾਕੀ ਗਰਾਊਂਡ, 400 ਮੀਟਰ ਅਥਲੈਟਿਕ ਟਰੈਕ, ਸਕੇਟਿੰਗ ਗਰਾਊਂਡ, ਕਬੱਡੀ ਗਰਾਊਂਡ ਅਤੇ ਵਾਲੀਬਾਲ ਗਰਾਊਂਡ ਸਮੇਤ ਹੋਰ ਖੇਡ ਸਹੂਲਤਾਂ ਵਿਕਸਿਤ ਕੀਤੀਆਂ ਜਾ ਰਹੀਆਂ ਹਨ। ਮੰਤਰੀ ਨੇ ਕਿਹਾ ਕਿ ਅਜਿਹੇ ਖੇਡ ਬੁਨਿਆਦੀ ਢਾਂਚੇ ਨਾਲ ਇਲਾਕੇ ਦੇ ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ ਬਿਹਤਰ ਮੌਕੇ ਮਿਲਣਗੇ ਅਤੇ ਉਹ ਵੱਖ-ਵੱਖ ਖੇਡਾਂ ਵਿੱਚ ਅੱਗੇ ਵਧ ਸਕਣਗੇ ਇਸ ਮੌਕੇ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਐਲਾਨ ਕੀਤਾ ਕਿ ਤਰਸਿੱਕਾ ਵਿਖੇ ਬਣ ਰਹੇ ਇਸ ਖੇਡ ਸਟੇਡੀਅਮ ਦਾ ਨਾਮ ਸੰਤ ਬਾਬਾ ਪ੍ਰੀਤਮ ਸਿੰਘ ਜੀ ਦੇ ਨਾਮ 'ਤੇ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਸਟੇਡੀਅਮ ਸੰਤ ਬਾਬਾ ਪ੍ਰੀਤਮ ਸਿੰਘ ਜੀ ਦੀਆਂ ਸੇਵਾਵਾਂ ਅਤੇ ਯਾਦ ਨੂੰ ਸਮਰਪਿਤ ਹੋਵੇਗਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਉਨ੍ਹਾਂ ਦੇ ਜੀਵਨ ਅਤੇ ਸੇਵਾ ਭਾਵਨਾ ਤੋਂ ਪ੍ਰੇਰਨਾ ਮਿਲਦੀ ਰਹੇਗੀ।ਇਸ ਮੌਕੇ ਮੁੱਖ ਸੇਵਾਦਾਰ ਬਾਬਾ ਗੁਰਦੇਵ ਸਿੰਘ ਅਤੇ ਪ੍ਰਬੰਧਕਾਂ ਵੱਲੋਂ ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ ਅਤੇ ਸੰਤ ਬਾਬਾ ਪ੍ਰੀਤਮ ਸਿੰਘ ਜੀ ਦੀ ਯਾਦ ਨੂੰ ਸ਼ਰਧਾ ਸਹਿਤ ਨਮਨ ਕੀਤਾ।

### ਤਰਸਿੱਕਾ ਵਿਖੇ ਬਣ ਰਹੇ ਖੇਡ ਸਟੇਡੀਅਮ ਦਾ ਨਾਮ ਸੰਤ ਬਾਬਾ ਪ੍ਰੀਤਮ ਸਿੰਘ ਜੀ ਦੇ ਨਾਮ 'ਤੇ ਰੱਖਣ ਦਾ ਐਲਾਨ

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਐਥਲੇਟਿਕਸ ਚੈਂਪੀਅਨਸ਼ਿਪ ਵਿੱਚ

# ਖਿਡਾਰੀਆਂ ਦੀ ਹੌਸਲਾ ਅਫ਼ਜਾਈ ਕਰਨ ਪੁੱਜੇ ਖਿਆਲਾ/ਮੱਟੂ/ਰਣਕੀਰਤ




**ਚੌਕ ਮਹਿਤਾ, 20 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜਿਲ੍ਹਾ ਐਥਲੇਟਿਕਸ ਐਸੋਸੀਏਸ਼ਨ ਤਰਨਤਾਰਨ ਦੇ ਪ੍ਰਧਾਨ ਸਰੂਪ ਸਿੰਘ ਢੋਟੀਆਂ, ਸੈਕਟਰੀ ਹਰਜੀਤ ਸਿੰਘ, ਬਲਜਿੰਦਰ ਸਿੰਘ ਮੰਡ ਅਤੇ ਪਰਮਜੀਤ ਸਿੰਘ ਦੀ ਯੋਗ ਅਗਵਾਈ ਹੇਠ ਸ਼੍ਰੀ ਗੁਰੂ ਅਰਜਨ ਦੇਵ ਜੀ ਸਟੇਡੀਅਮ ਵਿਖੇ ਅੰਡਰ-23 ਸਾਲ,ਮਰਦਾਂ ਅਤੇ ਪੁਰਸ਼ਾਂ ਦੀ ਦੋ ਦਿਨਾਂ ਪੰਜਾਬ ਐਥਲੇਟਿਕਸ ਚੈਮਪੀਅਨਸ਼ਿੱਪ-2026 ਕਰਵਾਈ ਗਈ ਇਸ ਮੌਕੇ ਜੇਤੂ ਐਥਲੀਟਾ ਨੂੰ ਮੈਡਲ ਅਤੇ ਸਰਟੀਫਿਕੇਟ ਦੇ ਸਨਮਾਨਿਤ ਕਰਨ ਲਈ ਕਰਨਲ ਹਰਸਿਮਰਨ ਸਿੰਘ,ਪ੍ਰਸਿੱਧ ਖੇਡ ਪ੍ਰੋਮੋਟਰ ਗੁਰਿੰਦਰ ਸਿੰਘ ਮੱਟੂ,ਪ੍ਰਭਜੋਤ ਸਿੰਘ ਪਹੂੰਵਿੰਡ,ਪੰਜਾਬ ਐਥਲੇਟਿਕਸ ਐਸੋਸੀਏਸਨ ਦੇ ਸੈਕਟਰੀ ਪ੍ਰੇਮ ਸਿੰਘ,ਜਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਕਸ਼ਮੀਰ ਸਿੰਘ ਖਿਆਲਾ, ਸੈਕਟਰੀ ਅੰਮ੍ਰਿਤਸਰ ਰਣਕੀਰਤ ਸਿੰਘ ਸੰਧੂ,ਜਸਦੀਪ ਸਿੰਘ ਸੋਨੂੰ ਸਰਪੰਚ ਨੇ ਵਿਸ਼ੇਸ ਤੌਰ ਤੇ ਸਿਰਕਤ ਕੀਤੀ 9 ਸੈਕਟਰੀ ਹਰਜੀਤ ਸਿੰਘ ਅਨੁਸਾਰ ਨਤੀਜੇ ਇਸ ਤਰਾਂ ਰਹੇ (ਅੰਡਰ-23 ਸਾਲ ਮਰਦਾਂ ਦੀ ਉੱਚੀ ਛਾਲ) ਵਿੱਚ ਰੋਬਿਨਪ੍ਰੀਤ ਸਿੰਘ ਜਲੰਧਰ,ਸਾਹਿਲਜੋਤ ਸਿੰਘ ਗਿੱਲ ਫਰੀਦਕੋਟ, ਨਿਰਵੈਰ ਸਿੰਘ ਤਰਨਤਾਰਨ,(ਓਪਨ ਮਰਦ ਉੱਚੀ ਛਾਲ) ਵਿੱਚ ਲਵਪ੍ਰੀਤ ਸਿੰਘ ਪੀਏਪੀ ਜਲੰਧਰ, ਆਦਰਸ਼ਪ੍ਰੀਤ ਸਿੰਘ ਜਲੰਧਰ ਅਤੇ ਸਾਹਿਲਪ੍ਰੀਤ ਸਿੰਘ ਤਰਨਤਾਰਨ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਸਰਾ ਸਥਾਨ ਪ੍ਰਾਪਤ ਕੀਤਾ 9 ਇਸ ਮੌਕੇ ਕੌਮਾਂਤਰੀ ਕੋਚ ਸਰਬਜੀਤ ਸਿੰਘ ਹੈਪੀ,ਕੋਚ ਬਲਦੇਵ ਸਿੰਘ ਪੰਜਾਬ ਪੁਲਿਸ,ਕੋਚ ਕੁਲਵੰਤ ਸਿੰਘ ਹੁਸ਼ਿਆਰਪੁਰ,ਡੀਐਸਪੀ ਤਰਸੇਮ ਮਸੀਹ, ਖੁਸਪਾਲ ਸਿੰਘ,ਪ੍ਰਕਾਸ਼ ਸਿੰਘ ਅਤੇ ਨਿਰਮਲ ਕੌਰ ਮੌਜੂਦ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ 'ਵਫਦ' ਨੇ ਚੇਅਰਮੈਨ ਥਿੰਦ ਨਾਲ ਕੀਤੀ ਮੁਲਾਕਾਤ

### ☛ ਪੱਛੜੀਆਂ ਸ਼੍ਰੇਣੀਆਂ ਦੀ ਸੁਣਵਾਈ ਸਥਾਨਕ ਪੱਧਰ ਤੇ ਵੀ ਕਰਨ ਬਾਰੇ ਬਣੀ ਸਹਿਮਤੀ ☛ ਰਾਮਗੜ੍ਹੀਆਂ ਭਾਈਚਾਰੇ ਚੋਂ ਗੁਰਨਾਮ ਸਿੰਘ ਨੇ ਰੱਖਿਆ ਆਪਣੇ ਲੋਕਾਂ ਦਾ ਪੱਖ



**ਚੌਕ ਮਹਿਤਾ, 20 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਸੁਬਾਈ ਚੇਅਰਮੈਂਨ (ਕੈਬਨਿਟ ਰੈਂਕ) ਸ: ਮਲਕੀਤ ਸਿੰਘ ਥਿੰਦ ਦੀ ਰਿਹਾਇਸ਼ ਵਿਖੇ ਘੱਟ ਗਿਣਤੀ ਲੋਕ ਭਲਾਈ ਸੰਸਥਾ ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਅਤੇ ਅੱਚਲ ਸਾਹਿਬ ਤੋਂ ਰਾਮਗੜ੍ਹੀਆਂ ਭਾਈਚਾਰੇ ਤਰਫੋਂ ਸ੍ਰ ਗੁਰਨਾਮ ਸਿੰਘ ਅਧਾਰਿਤ 2 ਮੈਂਬਰੀ 'ਵਫਦ' ਨੇ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਸੰਸਥਾ ਦੇ ਪ੍ਰਧਾਨ ਸ੍ਰ ਸਤਨਾਮ ਸਿੰਘ ਗਿੱਲ ਨੇ ਚੇਅਰਮੈਂਨ ਥਿੰਦ ਨੂੰ ਸੱਦਾ ਦਿੱਤਾ ਕਿ ਉਹ ਜ਼ਿਲਾ ਪੱਧਰ ਤੋਂ ਇਲਾਵਾ ਸਥਾਨਕ ਪੱਧਰ ਤੇ ਵੀ ਭਾਈਚਾਰੇ ਦੀ ਸੁਣਵਾਈ ਕਰਨ ਉਨ੍ਹਾ ਨੇ ਚੇਅਰਮੈਨ ਥਿੰਦ ਨੂੰ ਸੁਝਾਅ ਦਿੱਤਾ ਕਿ ਜ਼ਿਲਾ ਅਤੇ ਬਲਾਕ ਪੱਧਰ ਤੇ ਕਮਿਸ਼ਨ ਦਾ ਸਹਿਯੋਗ ਕਰਨ ਲਈ ਤਾਲਮੇਲ ਕਮੇਟੀਆਂ ਦੀ ਬਹਾਲੀ ਤੇ ਵਿਚਾਰ ਕਰਨ।ਚੇਅਰਮੈਨ ਸ: ਮਲਕੀਤ ਸਿੰਘ ਥਿੰਦ ਨੇ ਆਪਣੀ ਰਿਹਾਇਸ਼ ਤੇ ਰੱਖੀ ਪੱਤਰਕਾਰ ਮਿਲਣੀ ਮੌਕੇ ਦੱਸਿਆ ਕਿ ਬਿਆਸ ਤੋਂ ਸਤਨਾਮ ਸਿੰਘ ਗਿੱਲ ਅਤੇ ਸ੍ਰ ਗੁਰਨਾਮ ਸਿੰਘ ਅੱਜ ਮੈਨੂੰ ਮਿਲਣ ਲਈ ਮੇਰੇ ਕੋਲ ਆਏ ਹਨ।ਇੰਨ੍ਹਾਂ ਦੇ ਨਾਲ ਭਾਈਚਾਰੇ ਦੀਆਂ ਸ਼ਿਕਾਇਤਾਂ ਸੁਣਨ ਅਤੇ ਸ਼੍ਰੀਹਰਗੋਬਿੰਦਪੁਰ ਅਤੇ ਬਾਬਾ ਬਕਾਲਾ ਸਾਹਿਬ ਸਬ ਡਵੀਜਨ ਵਿੱਚ ਲੋਕਾਂ ਦੀ ਸੁਣਵਾਈ ਕਰ ਲਈ ਪ੍ਰੋਗਰਾਮ ਉਲੀਕਣ ਲਈ ਮੇਰੇ ਪਾਸ ਆਏ ਹਨ। ਪੁੱਛਣ ਤੇ ਉਨ੍ਹਾ ਨੇ ਕਿਹਾ ਕਿ ਅਜੇ ਬਾਬਾ ਬਕਾਲਾ ਅਤੇ ਸ਼੍ਰੀ ਹਰਗੋਬਿੰਪੁਰ ਪ੍ਰੋਗਰਾਮ ਰੱਖਣ ਬਾਰੇ ਤਰੀਕ ਤੈਅ ਨਹੀਂ ਹੋ ਸਕੀ ਹੈ ਓੁਨਾਂ ਨੇ ਦੱਸਿਆ ਕਿ ਕੰਬੋਜ਼ ਭਾਈਚਾਰੇ ਅਤੇ ਪੱਛੜੀਆਂ ਸ਼੍ਰੇਣੀਆਂ ਵਰਗ ਦੇ ਲੋਕਾਂ ਨਾਲ ਜ਼ਿਲਾ ਪੱਧਰ ਤੇ ਮੀਟਿੰਗਾਂ ਕਰਨ ਦਾ ਪ੍ਰੋਗਰਾਮ ਸ਼ੁਰੂ ਕਰਨ ਲਈ ਹਰ ਜ਼ਿਲੇ ਚੋਂ ਸੁਨੇਹੇ ਆ ਰਹੇ ਹਨ। ਪੰਜਾਬ ਰਾਜ ਪੱਛੜੀਆਂ ਸ਼੍ਰੇਣੀ ਕਮਿਸ਼ਨ ਦੇ ਸੂਬਾਈ ਚੇਅਰਮੈਂਨ ਸ੍ਰ ਮਲਕੀਤ ਸਿੰਘ ਥਿੰਦ ਨੇ ਕਿਹਾ ਕਿ ਘੱਟ ਗਿਣਤੀ ਲੋਕ ਭਲਾਈ ਸੰਸਥਾ ਸਾਰੇ ਹੀ ਕਮਿਸ਼ਨ ਨੂੰ ਐਸੋਸੀਏਟ ਕਰਨ ਵਾਲੀ ਇੱਕ ਅਜਿਹੀ ਸੰਸਥਾ ਹੈ ਜੋ ਕਿ ਹਰ ਵਰਗ ਅਤੇ ਹਰ ਭਾਈਚਾਰੇ ਦੇ ਲੋਕਾਂ ਦੀ ਪ੍ਰਤੀਨਿਧਤਾ ਕਰਦੀ ਹੈ।ਉਨ੍ਹਾ ਨੇ ਦੱਸਿਆ ਕਿ ਅਸੀਂ ਲੋਕ ਹਿੱਤ ਦੇ ਮੁੱਦੇ ਤੇ ਜਥੇਬੰਦੀਆਂ ਤੋਂ ਵੀ ਸੰਭਵ ਮਦਦ ਲਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਨਵੇਂ ਦਿਸਹੱਦੇ' ਰਾਜ ਪੱਧਰੀ ਮੁਕਾਬਲੇ ਵਿੱਚ ਬੇਰਿੰਗ ਸਕੂਲ ਜੰਡਿਆਲਾ ਗੁਰੂ ਦੇ ਵਿਦਿਆਰਥੀ ਨੇ ਕੀਤਾ ਸਾਨਦਾਰ ਪ੍ਰਦਰਸ਼ਨ

### ਹਰ ਮੰਜਿਲ ਨੂੰ ਸਰ ਕਰਨ ਲਈ ਮਨੋਬਲ ਦਾ ਹੋਣਾ ਜਰੂਰੀ ਸਤਨਾਮ ਸਿੰਘ ਖਾਲਸਾ



**ਜੰਡਿਆਲਾ ਗੁਰੂ 20 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਹਰ ਮੰਜਿਲ ਨੂੰ ਫਤਿਹ ਕਰਨ ਮਨੋਬਲ ਦਾ ਹੋਣਾ ਬਹੁਤ ਜਰੂਰੀ ਜਿਸ ਮਨੋਬਲ ਨਾਲ ਹਰ ਮੰਜਿਲ ਸਰ ਕੀਤੀ ਜਾ ਸਕਦੀ ਹੈ ਉਹ ਭਾਵੇਂ ਵਿਦਿਆ ਦੀ ਮੰਜਿਲ ਹੋਵੇ ਜਾਂ ਕਹਿ ਲਈਏ ਕਿ ਹੱਥ ਦੀ ਕਲਾ ਹੁਨਰ ਹੋਵੇ ਉਹ ਵਿਅਕਤੀ ਮਨੁੱਖ ਦੁਨੀਆਂ ਵਿੱਚ ਆਪਣਾ ਨਾਮ ਰੌਸ਼ਨ ਕਰਕੇ ਆਪਣੇ ਮਾਪਿਆਂ ਅਤੇ ਵਿਦਿਆ ਦੀ ਦਾਤ ਦੇਣ ਵਾਲੇ ਅਧਿਆਪਕ ਦੀ ਕੀਤੀ ਮਿਹਨਤ ਦੀ ਕਦਰ ਕਰਦਾ ਹੈ ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਅਲਫਾ ਲੈਬੋਰਟਰੀ ਜੰਡਿਆਲਾ ਗੁਰੂ ਦੇ ਸੰਚਾਲਕ ਸਤਨਾਮ ਸਿੰਘ ਖਾਲਸਾ ਪਿੰਡ ਮੱਲ੍ਹੀਆ ਨੇ ਦੱਸਿਆ ਕਿ ਬੀਤੇ ਦਿਨ ਸਿੱਖਿਆ ਅਤੇ ਕਲਾ ਮੰਚ ਵੱਲੋਂ ਕਰਵਾਏ ਗਏ 'ਨਵੇਂ ਦਿਸਹੱਦੇ' ਰਾਜ ਪੱਧਰੀ ਆਨਲਾਈਨ ਕਲਾ ਮੁਕਾਬਲੇ-2026 ਵਿੱਚ ਮੇਰਾ ਭਤੀਜਾ ਸ੍ਰ ਗੁਰਇਬਾਦਤ ਸਿੰਘ ਪੁਤਰ ਜਗਨਦੀਪ ਸਿੰਘ ਬੇਰਿੰਗ ਸਕੂਲ ਜੰਡਿਆਲਾ ਗੁਰੂ ਅੰਮ੍ਰਿਤਸਰ ਵਿੱਚ ਛੇਵੀਂ ਕਲਾਸ ਦਾ ਵਿਦਿਆਰਥੀ ਪੜ੍ਹਦਾ ਹੈ ਨੇ ਆਪਣੀ ਕਲਾ-ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਚਿੱਤਰਕਾਰੀ ਦੇ ਪ੍ਰਾਇਮਰੀ ਪ੍ਰਾਈਵੇਟ ਵਰਗ ਵਿੱਚੋਂ ਸਕੂਲ ਦੇ ਵਿਦਿਆਰਥੀ ਗੁਰਇਬਾਦਤ ਸਿੰਘ ਕਲਾਸ ਛੇਵੀਂ ਪੁੱਤਰ ਜਗਨਦੀਪ ਸਿੰਘ ਦੀ 'ਨਵੇਂ ਦਿਸਹੱਦੇ' ਰਾਜ ਪੱਧਰੀ ਆਫਲਾਈਨ ਕਲਾ ਮੁਕਾਬਲਾ-2026 ਲਈ ਚੋਣ ਹੋਈ। ਇਸ ਵਿਦਿਆਰਥੀ ਦੀ ਇਸ ਉਪਲੱਬਧੀ ਤੇ ਸਕੂਲ ਦੇ ਚੇਅਰਮੈਨ ਸ੍ਰੀ ਬਾਇਸ਼ੌਪ ਮਨੋਜ ਚਰਨ ਅਤੇ ਪ੍ਰਿੰਸੀਪਲ ਸੀਮਤੀ ਹੈਬਰੋਨਿਕਾ ਦਾਸ ਨੇ ਵਿਦਿਆਰਥੀ (ਗੁਰਇਬਾਦਤ ਸਿੰਘ) ਅਤੇ ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕ ਸ੍ਰੀਮਤੀ ਦਰਸ਼ਨ ਕੌਰ ਨੂੰ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀਆਂ ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀਆਂ ਕਲਾਤਮਕ ਪ੍ਰਤਿਭਾਵਾਂ ਨੂੰ ਮੰਚ ਪ੍ਰਦਾਨ ਕਰਨਾ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਬੇਹੱਦ ਮਹੱਤਵਪੂਰਨ ਹੈ। ਸਕੂਲ ਪਰਿਵਾਰ ਨੇ ਵਿਦਿਆਰਥੀ ਨੂੰ ਰਾਜ ਪੱਧਰੀ ਆਫਲਾਈਨ ਮੁਕਾਬਲੇ ਲਈ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਕੈਨੇਡਾ ਦੀ ਧਰਤੀ ਤੋਂ ਭਾਰਤ ਨੂੰ ਸਖ਼ਤ ਚੈਲੇਂਜ

# ਵੈਨਕੂਵਰ 'ਚ ਨਿੱਝਰ ਦੇ ਹੱਕ 'ਚ ਗਰਜੇ ਖਾਲਿਸਤਾਨੀ






**ਨਵੀਂ ਦਿੱਲੀ 20 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):-** ਵੈਨਕੂਵਰ ਵਿੱਚ ਭਾਰਤੀ ਕੌਂਸਲੇਟ ਜਨਰਲ ਦੇ ਬਾਹਰ ਖਾਲਿਸਤਾਨ-ਪੱਖੀ ਪ੍ਰਦਰਸ਼ਨਕਾਰੀਆਂ ਵੱਲੋਂ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਯਾਦ ਵਿੱਚ ਇੱਕ ਵਿਸ਼ਾਲ ਅਤੇ ਤਿੱਖੀ ਖਾਲਿਸਤਾਨ ਜਿੰਦਾਬਾਦ ਰੈਲੀ ਕੱਢੀ ਗਈ ਜਿਸ ਵਿੱਚ ਵੈਨਕੂਵਰ ਸਰੀ ਐਬਟਸਫੋਰਡ ਕੈਲਗਰੀ ਅਤੇ ਐਡਮੰਟਨ ਤੋਂ ਪਹੁੰਚੀ ਸਿੱਖ ਸੰਗਤ ਨੇ ਭਾਰਤ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਅੰਤਰਰਾਸ਼ਟਰੀ ਪੱਧਰ ਉੱਤੇ ਇਨਸਾਫ਼ ਅਤੇ ਜਵਾਬਦੇਹੀ ਦੀ ਮੰਗ ਦੁਹਰਾਈ ਹੈ। ਜਿਕਰਯੋਗ ਹੈ ਕਿ 18 ਸਤੰਬਰ 2023 ਨੂੰ ਕੈਨੇਡੀਅਨ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਹਾਊਸ ਆਫ਼ ਕਾਮਨਜ਼ ਵਿੱਚ ਭਾਰਤੀ ਏਜੰਟਾਂ ਦੀ ਸੰਭਾਵਿਤ ਸੰਨ੍ਹਮਾਰੀ ਬਾਰੇ ਦਿੱਤੇ ਇਤਿਹਾਸਕ ਬਿਆਨ ਅਤੇ ਅਕਤੂਬਰ 2024 ਵਿੱਚ ਆਰਸੀਐਮਪੀ ਵੱਲੋਂ ਛੇ ਭਾਰਤੀ ਡਿਪਲੋਮੈਟਾਂ ਨੂੰ ਸ਼ੱਕੀ ਘੇਰੇ ਵਿੱਚ ਲਿਆਉਣ ਦੇ ਘਟਨਾਕ੍ਰਮ ਨੂੰ ਯਾਦ ਕਰਦਿਆਂ ਪ੍ਰਦਰਸ਼ਨਕਾਰੀਆਂ ਨੇ ਭਾਰਤੀ ਹਕੂਮਤ ਉੱਤੇ ਮਨੁੱਖੀ ਅਧਿਕਾਰਾਂ ਦੇ ਘਾਣ ਅਤੇ ਵਿਦੇਸ਼ੀ ਧਰਤੀ ਉੱਤੇ ਗੈਰ-ਕਾਨੂੰਨੀ ਕਾਰਵਾਈਆਂ ਦੇ ਗੰਭੀਰ ਦੋਸ਼ ਲਗਾਏ ਹਨ। ਰੈਲੀ ਦੌਰਾਨ ਪ੍ਰਦਰਸ਼ਨਕਾਰੀਆਂ ਦਾ ਗੁੱਸਾ ਉਦੋਂ ਹੋਰ ਭੜਕ ਗਿਆ ਜਦੋਂ ਭਾਰਤੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 76ਵੇਂ ਜਨਮ ਦਿਨ ਨੂੰ ਮਰਨ ਦਿਵਸ ਵਜੋਂ ਮਨਾਉਂਦਿਆਂ ਇੱਕ ਬੇਹੱਦ ਵਿਵਾਦਤ ਡੈੱਥ-ਥੀਮ ਵਾਲਾ ਬੈਨਰ ਅਤੇ ਭਾਰਤੀ ਡਿਪਲੋਮੈਟਾਂ ਦੇ ਪੋਸਟਰ ਸ਼ਰੇਆਮ ਪ੍ਰਦਰਸ਼ਿਤ ਕੀਤੇ ਗਏ। ਰੈਲੀ ਵਿੱਚ ਹਾਜ਼ਿਰੀ ਭਰ ਰਹੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਸਕੱਤਰ ਗੁਰਮੀਤ ਸਿੰਘ ਤੂਰ, ਰਿਕਾਰਡਿੰਗ ਸਕੱਤਰ ਨਰਿੰਦਰ ਸਿੰਘ ਰੰਧਾਵਾ, ਅਵਤਾਰ ਸਿੰਘ ਖਹਿਰਾ ਅਤੇ ਟੀਮ ਸ਼ਹੀਦ ਨਿੱਝਰ ਵੱਲੋਂ ਮਨਜਿੰਦਰ ਸਿੰਘ ਖਾਲਸਾ ਭਾਈ ਜੈਕ ਸਿੰਘ ਸਿੱਧੂ ਭਾਈ ਰਜਿੰਦਰ ਸਿੰਘ, ਭਾਈ ਚਰਨਜੀਤ ਸਿੰਘ, ਭਾਈ ਗਗਨਦੀਪ ਸਿੰਘ ਸਿੱਧੂ, ਭਾਈ ਹਰਦੀਪ ਸਿੰਘ, ਨਿਰਭੈ ਸਿੰਘ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਭਾਈ ਹਰਦੀਪ ਸਿੰਘ ਖੰਡਾ ਕੈਲਕਰੀ, ਲਕਸ਼ਮਣ ਕੁਮਾਰ, ਭਾਈ ਜੋਗਾ ਸਿੰਘ ਨੇ ਆਉਣ ਵਾਲੀ 18 ਅਕਤੂਬਰ 2026 ਨੂੰ ਐਡਮੰਟਨ ਅਲਬਰਟਾ ਵਿੱਚ ਹੋਣ ਵਾਲੀ ਖਾਲਿਸਤਾਨ ਰੈਫਰੈਂਡਮ ਵੋਟਿੰਗ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦਾ ਐਲਾਨ ਕਰਦਿਆਂ ਸਾਫ਼ ਕਰ ਦਿੱਤਾ ਹੈ ਕਿ ਨਿੱਝਰ ਦੇ ਕਤਲ ਦਾ ਇਨਸਾਫ਼ ਮਿਲਣ ਤੱਕ ਭਾਰਤੀ ਹਕੂਮਤ ਵਿਰੁੱਧ ਇਹ ਸੰਘਰਸ਼ ਅਤੇ ਵਿਰੋਧ ਪ੍ਰਦਰਸ਼ਨ ਪੂਰੀ ਤਿੱਖਤ ਨਾਲ ਜਾਰੀ ਰਹਿਣਗੇ। ਇਸ ਦੌਰਾਨ ਪ੍ਰਬੰਧਕਾਂ ਨੇ ਭਾਰਤੀ ਹਕੂਮਤ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਆਖਿਆ ਕਿ ਸਿੱਖ ਕੌਮ ਉੱਤੇ ਜ਼ੁਲਮ ਕਰਨ ਵਾਲੇ ਅਤੇ ਵਿਦੇਸ਼ੀ ਧਰਤੀ ਉੱਤੇ ਸਰਕਾਰੀ ਦਹਿਸ਼ਤਗਰਦੀ ਫੈਲਾਉਣ ਵਾਲੇ ਇਸ ਭੁਲੇਖੇ ਵਿੱਚ ਨਾ ਰਹਿਣ ਕਿ ਉਹ ਬਚ ਨਿਕਲਣਗੇ। ਉਨ੍ਹਾਂ ਨੇ ਸਾਫ਼ ਕੀਤਾ ਕਿ ਭਾਰਤ ਸਰਕਾਰ ਦੀਆਂ ਅਜਿਹੀਆਂ ਗੈਰ-ਕਾਨੂੰਨੀ ਚਾਲਾਂ ਨਾਲ ਖਾਲਿਸਤਾਨੀ ਲਹਿਰ ਨੂੰ ਦਬਾਇਆ ਨਹੀਂ ਜਾ ਸਕਦਾ ਬਲਕਿ ਇਹ ਇਨਸਾਫ਼ ਦੀ ਆਵਾਜ਼ ਵਿਸ਼ਵ ਪੱਧਰ ਉੱਤੇ ਭਾਰਤੀ ਰਾਜਨੀਤਿਕ ਢਾਂਚੇ ਨੂੰ ਹੋਰ ਬੇਨਕਾਬ ਕਰੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

### ਮੋਦੀ ਸਰਕਾਰ ਵਿਰੁੱਧ ਕੱਢੀ ਭੜਾਸ ਤੇ ਦਿੱਤੀ ਸਿੱਧੀ ਚੇਤਾਵਨੀ

# ਅੰਮ੍ਰਿਤਸਰ ਹਰਿਆਵਲ ਮੰਚ ਵਲੋਂ ਸਾਲ 2026 ਦੌਰਾਨ ਲਗਾਏ ਮਿੰਨੀ ਜੰਗਲਾਂ/ਬਾਗਾਂ ਦੀ ਸਾਂਭ-ਸੰਭਾਲ ਲਈ ਲੋਕਾਂ ਨੂੰ ਅੱਗੇ ਆਉਣ ਦਾ ਸੱਦਾ:-ਇੰਜ: ਦਲਜੀਤ ਸਿੰਘ ਕੋਹਲੀ




ਚੌਕ ਮਹਿਤਾ,20 ਸਿਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)ਰਣਜੀਤ ਐਵੀਨਿਊ ਵਿਖੇ ਅੰਮ੍ਰਿਤਸਰ ਹਰਿਆਵਲ ਮੰਚ ਦੀ ਮਹੀਨਾਵਾਰ ਮੀਟਿੰਗ ਇੰਜ ਦਲਜੀਤ ਸਿੰਘ ਕੋਹਲੀ ਦੀ ਪ੍ਰਧਾਨਗੀ ਹੇਠ ਹੋਈ ਵਲੋ। ਇੰਜ ਦਲਜੀਤ ਸਿੰਘ ਕੋਹਲੀ ਨੇ ਮੰਚ ਦੀਆਂ ਅਪ੍ਰੈਲ ਤੋਂ ਅੱਜ ਤੱਕ ਕੀਤੀਆਂ ਗਤੀਵਿਧੀਆਂ ਅਤੇ ਭਵਿੱਖ ਦੀਆਂ ਯੋਜਨਾਵਾਂ ਬਾਰੇ ਮੀਡੀਆ ਅਤੇ ਮੈਂਬਰਾਂ ਨਾਲ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਇੰਜ. ਕੋਹਲੀ ਨੇ ਦੱਸਿਆ ਕਿ ਸਾਲ 2022 ਤੋਂ ਅੰਮ੍ਰਿਤਸਰ ਹਰਿਆਵਲ ਮੰਚ ਵਲੋਂ ਸ਼ਹਿਰ ਦੀ ਬਹੁਪੱਖੀ ਤਰੱਕੀ ਅਤੇ ਵਾਤਾਵਰਣ ਦੀ ਸੰਭਾਲ ਦੇ ਮਕਸਦ ਨਾਲ ਹੁਣ ਤੱਕ ਸ਼ਹਿਰ ਵਿੱਚ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ 37 ਮਿੰਨੀ ਜੰਗਲ/ ਬਾਗ. ਸਫਲਤਾਪੂਰਵਕ ਲਗਾਏ ਅਤੇ ਸੰਭਾਲੇ ਗਏ ਹਨ।ਇਹ ਕਾਰਜ ਜੰਗਲਾਤ ਵਿਭਾਗ, ਸੰਤ ਬਾਬਾ ਸੇਵਾ ਸਿੰਘ ਜੀ ਖਡੂਰ ਸਾਹਿਬ ਵਾਲਿਆਂ, ਇੰਡਸਟਰੀਅਲ ਯੂਨਿਟ ਐਸੋਸੀਏਸ਼ਨਾਂ ਅਤੇ ਹੋਰਾਂ ਦੇ ਸਹਿਯੋਗ ਅਤੇ ਸ੍ਰੀ ਰੋਹਿਤ ਮਹਿਰਾ ਜੀ ਦੀ ਰਹਿਨੁਮਾਈ ਹੇਠ ਨੇਪਰੇ ਚਾੜ੍ਹੇ ਗਏ ਹਨ। ਡਾ,ਨਿਰਮਲ ਸਿੰਘ ਆਨੰਦ ਨੇ ਮੀਟਿੰਗ ਵਿੱਚ ਦੱਸਿਆ ਗਿਆ ਕਿ ਇਹ ਮਿੰਨੀ ਜੰਗਲ ਸ਼ਹਿਰ ਲਈ 'ਆਕਸੀਜਨ ਹੱਬ' ਵਜੋਂ ਕੰਮ ਕਰ ਰਹੇ ਹਨ। ਇਹਨਾਂ ਵਿੱਚ ਪੰਜਾਬ ਦੀ ਆਬੋ-ਹਵਾ ਅਨੁਸਾਰ ਹਰ ਤਰ੍ਹਾਂ ਦੇ ਰਵਾਇਤੀ, ਛਾਂਦਾਰ ਅਤੇ ਕਈ ਥਾਵਾਂ 'ਤੇ ਫਲਦਾਰ ਪੌਦੇ ਲਗਾਏ ਗਏ ਹਨ। ਇੰਜ ਦਲਜੀਤ ਸਿੰਘ ਕੋਹਲੀ ਨੇ ਕਿਹਾ ਕਿ ਇਹ ਸੰਘਣੇ ਜੰਗਲ ਜਿੱਥੇ ਵੱਧ ਰਹੇ ਤਾਪਮਾਨ ਅਤੇ ਹਵਾ ਦੇ ਪ੍ਰਦੂਸ਼ਣ ਨੂੰ ਠੱਲ੍ਹ ਪਾਉਂਦੇ ਹਨ, ਉੱਥੇ ਹੀ ਧਰਤੀ ਹੇਠਲੇ ਪਾਣੀ ਨੂੰ ਰੀਚਾਰਜ ਕਰਨ ਅਤੇ ਜੈਵਿਕ ਵਿਭਿੰਨਤਾ (ਪੰਛੀਆਂ ਅਤੇ ਮਿੱਤਰ ਕੀੜਿਆਂ) ਨੂੰ ਬਚਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਵਾਤਾਵਰਣ ਵਿੱਚ ਆ ਰਹੀਆਂ ਭਿਆਨਕ ਤਬਦੀਲੀਆਂ ਨੂੰ ਰੋਕਣ ਲਈ ਅਜਿਹੇ ਜੰਗਲ ਸਮੇਂ ਦੀ ਮੁੱਖ ਲੋੜ ਹਨ। ਉਨ੍ਹਾਂ ਨੇ ਪੂਰੇ ਕੀਤੇ ਜਾ ਰਹੇ ਇਨ੍ਹਾਂ ਪ੍ਰੋਜੈਕਟਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਲਈ ਸ੍ਰੀ ਰੋਹਿਤ ਮੇਹਿਰਾ, ਸ੍ਰੀ ਕਮਲ ਡਾਲਮੀਆ, ਇੰਜ ਜਸਬੀਰ ਸਿੰਘ ਸੰਧੂ, ਸ੍ਰੀ ਪ੍ਰਵੀਨ ਕੁਮਾਰ, ਇੰਜ ਮਨਜੀਤ ਸਿੰਘ ਸੈਣੀ, ਸ੍ਰ ਕਿਰਪਾਲ ਸਿੰਘ ਬੱਬਰ, ਸ੍ਰ ਦਵਿੰਦਰ ਪਾਲ ਸਿੰਘ, ਸ੍ਰੀ ਪੁਨੀਤ ਇਸ਼ਾਰ, ਸ੍ਰੀ ਕ੍ਰਿਸ਼ਨ ਕੁਮਾਰ ਕੁਕੂ, ਸ਼੍ਰ ਕਿਰਪਾਲ ਸਿੰਘ ਬੱਬਰ, ਡਾ. ਨਿਰਮਲ ਸਿੰਘ ਆਨੰਦ, ਡਾ ਜਸਪ੍ਰੀਤ ਕੌਰ, ਇੰਜ ਜਤਿੰਦਰ ਲਖਨਪਾਲ, ਸ਼੍ਰ ਅਵਤਾਰ ਸਿੰਘ ਬੁੱਟਰ, ਸ੍ਰੀ ਮਨਦੀਪ ਸਿੰਘ, ਬਾਪੂ ਮੰਗਲ ਸਿੰਘ, ਸ੍ਰ ਗੁਰਜਿੰਦਰ ਸਿੰਘ, ਸ਼੍ਰ ਇਕਬਾਲ ਸਿੰਘ ਤੁੰਗ, ਇੰਜ ਕੁਲਦੀਪ ਸਿੰਘ ਬੋਪਾਰਾਏ,ਸ੍ਰ ਪਿੰਟੂ ਜਹਾਂਗੀਰ, ਸ੍ਰੀ ਵਿਨੈ ਮੇਹਰਾ ਅਤੇ ਹੋਰ ਮੈਂਬਰਾਂ ਦਾ ਵਿਸ਼ੇਸ਼ ਯੋਗਦਾਨ ਰਿਹਾ ਹੈ। ਇੰਜ ਦਲਜੀਤ ਸਿੰਘ ਕੋਹਲੀ ਨੇ ਖੁਸ਼ੀ ਜ਼ਾਹਰ ਕਰਦਿਆਂ ਦਸਿਆ ਕਿ ਟੋਏ ਪੁੱਟਣ ਵਾਲੀ ਪੈਟਰੋਲ ਮਸ਼ੀਨ ਪਹਿਲਾਂ ਮੰਚ ਦੇ ਜਨਰਲ ਸਕੱਤਰ ਸ੍ਰੀ ਮਨਜੀਤ ਸਿੰਘ ਸੈਣੀ ਅਤੇ ਇਸ ਸਾਲ ਸ੍ਰੀ ਪੁਨੀਤ ਇਸ਼ਾਰ ਜੀ ਦੇ ਰਿਸ਼ਤੇਦਾਰ ਵੱਲੋਂ ਭੇਟ ਕੀਤੀ ਗਈ। ਜੰਗਲੀ ਘਾਹ/ਬੂਟੀ ਕੱਟਣ ਵਾਲੀ ਮਸ਼ੀਨ ਸ੍ਰੀ ਕਿਰਪਾਲ ਸਿੰਘ ਬੱਬਰ ਵੱਲੋਂ ਮੰਚ ਨੂੰ ਸੌਂਪੀ ਗਈ। ਮੰਚ ਸੀਨੀ ਮੀਤ ਪ੍ਰਧਾਨ ਡਾ. ਨਿਰਮਲ ਸਿੰਘ ਆਨੰਦ ਨੇ ਦੱਸਿਆ ਕਿ ਸੰਸਥਾ ਦੇ ਵਿੱਤੀ ਲੈਣ-ਦੇਣ ਦਾ ਪੂਰਾ ਹਿਸਾਬ ਕੈਸ਼ੀਅਰ ਸ੍ਰੀ ਹਰਜੀਤ ਸਿੰਘ ਵੱਲੋਂ ਬੜੀ ਪਾਰਦਰਸ਼ਤਾ ਨਾਲ ਰੱਖਿਆ ਜਾਂਦਾ ਹੈ। ਸ੍ਰ ਅਵਤਾਰ ਸਿੰਘ ਬੁੱਟਰ ਨੇ ਦਾਨੀ ਸੱਜਣਾਂ ਦੀ ਸਹੂਲਤ ਲਈ ਕੇਨਰਾ ਬੈਂਕ ਕੋਲੋਂ ਪਿਛਲੇ ਹਫ਼ਤੇ ਇੱਕ 'ਸਕੈਨਰ' ਵੀ ਜਾਰੀ ਕਰਵਾ ਲਿਆ ਹੈ, ਤਾਂ ਜੋ ਕੋਈ ਵੀ ਮੈਂਬਰ ਜਾਂ ਵਾਤਾਵਰਣ ਪ੍ਰੇਮੀ ਘਰ ਬੈਠੇ ਹੀ ਆਪਣੀ ਮਾਇਕ ਯੋਗਦਾਨ ਪਾ ਕੇ ਇਸ ਮੁਹਿੰਮ ਦਾ ਹਿੱਸਾ ਬਣ ਸਕੇ। ਇਸ ਮੌਕੇ ਇੰਜ ਜਤਿੰਦਰ ਲਖਨਪਾਲ ਨੇ ਵਲੰਟੀਅਰਜ਼ ਨੂੰ ਬੇਨਤੀ ਕੀਤੀ ਕਿ ਪੌਦੇ ਲਗਾਉਣ ਦੇ ਨਾਲ-ਨਾਲ ਉਨ੍ਹਾਂ ਦਾ ਪਾਲਣ-ਪੋਸ਼ਣ ਕਰਨਾ ਵੀ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਇਸ ਸਾਲ ਐਸ ਟੀ ਪੀ ਖਾਪੜਖੇੜੀ, ਐਨੀਮਲਜ਼ ਹਸਬੈਂਡਰੀ ਕੇਂਦਰ ਵੇਰਕਾ, ਐਸ ਟੀ ਪੀ ਰਈਆ ਨਜ਼ਦੀਕ ਪਿੰਡ ਰੋਹੀ, ਗੁਰੂ ਨਾਨਕ ਯੂਨੀਵਰਸਿਟੀ ਕਾਲਜ ਐਟ ਵੇਰਕਾ, ਖਾਲਸਾ ਕਾਲਜ ਆਫ਼ ਇੰਜੀਨੀਅਰਿੰਗ ਐਂਡ ਟੈਕਨੋਲੋਜੀ ਰਣਜੀਤ ਐਵੀਨਿਊ ਅੰਮ੍ਰਿਤਸਰ, ਇਕ ਹੋਰ ਜਾਮਣਾਂ ਦੇ ਬਾਗ. ਐਸ ਟੀ ਪੀ ਖਾਪੜਖੇੜੀ ਅਤੇ ਗੁਰੂਦਵਾਰਾ ਬੋਹੜੀ ਸਾਹਿਬ, ਕੋਟ ਖਾਲਸਾ ਵਿਖੇ ,ਫਲਦਾਰ ਬੂਟਿਆਂ ਦੇ ਬਾਗ. ਲਗਾਏ ਗਏ ਨਵੇਂ ਜੰਗਲਾਂ ਦੀ ਸਾਂਭ-ਸੰਭਾਲ ਲਈ ਸ਼੍ਰ ਅਵਤਾਰ ਸਿੰਘ ਕਰਵੜ, ਡਾ. ਨਿਰਮਲ ਸਿੰਘ ਆਨੰਦ, ਸ਼੍ਰ ਕਿਰਪਾਲ ਸਿੰਘ ਬੱਬਰ ਅਤੇ ਸ.ਅਵਤਾਰ ਸਿੰਘ ਬੁੱਟਰ, ਸ਼੍ਰ ਮਨਦੀਪ ਸਿੰਘ, ਸ਼੍ਰ ਗੁਰਪ੍ਰੀਤ ਸਿੰਘ ਸ਼੍ਰ ਜਸਬੀਰ ਸਿੰਘ ਸੰਧੂ, ਸ਼੍ਰ ਗੁਰਮੀਤ ਸਿੰਘ ਭੱਟੀ, ਸ੍ਰੀ ਵਿਨੈ ਮੇਹਰਾ, ਅਤੇ ਹੋਰ ਸੱਜਣਾ ਵੱਲੋਂ ਵਲੰਟੀਅਰ ਵਜੋਂ ਡਿਊਟੀਆਂ ਸੰਭਾਲੀਆਂ ਗਈਆਂ ਹਨ। ਮੰਚ ਵੱਲੋਂ ਬਾਕੀ ਮੈਂਬਰਾਂ ਅਤੇ ਆਮ ਜਨਤਾ ਨੂੰ ਅਪੀਲ ਕੀਤੀ ਗਈ ਕਿ ਉਹ ਅੱਗੇ ਆਉਣ ਅਤੇ ਆਪਣੀ ਸਹੂਲਤ ਅਨੁਸਾਰ ਕੁਝ ਪੌਦਿਆਂ ਜਾਂ ਮਿੰਨੀ ਜੰਗਲਾਂ ਦੀ ਦੇਖਭਾਲ ਦੀ ਜ਼ਿੰਮੇਵਾਰੀ ਸੰਭਾਲਣ ਤਾਂ ਜੋ ਮਿਆਰੀ ਅਤੇ ਸੰਘਣੇ ਜੰਗਲਾਂ ਦੀਆਂ ਆਕਸੀਜਨ ਦੀਆਂ ਫੈਕਟਰੀਆਂ ਤਿਆਰ ਕੀਤੀਆਂ ਜਾ ਸਕਣ। ਅੰਤ ਵਿੱਚ ਇੰਜ ਕੁਲਦੀਪ ਸਿੰਘ ਬੋਪਾਰਾਏ ਵਲੋਂ ਇਸ ਸਾਲ ਜੰਗਲ ਲਗਾਉਣ ਅਤੇ ਵਾਤਾਵਰਣ ਸੈਮੀਨਾਰਾਂ ਵਿੱਚ ਵੱਧ-ਚੜ੍ਹ ਕੇ ਸੇਵਾ ਕਰਨ ਵਾਲੇ ਮੈਂਬਰਾ ਸ੍ਰੀ ਗੁਰਮੀਤ ਭੱਟੀ, ਲਖਬੀਰ ਘੁੰਮਣ, ਵਿਨੇ ਮਹਿਰਾ, ਇੰਜ. ਨਵਲ ਕਿਸ਼ੋਰ, ਇੰਜ ਸਹੋਤਾ ਅਤੇ ਮੈਡਮ ਜਨਕ ਜੋਸੀ ਦਾ ਉਚੇਚੇ ਤੌਰ 'ਤੇ ਧੰਨਵਾਦ ਕੀਤਾ ਗਿਆ। ਇਸ ਦੇ ਨਾਲ ਹੀ ਹਵਾ ਅਤੇ ਪਾਣੀ ਦੇ ਪ੍ਰਦੂਸ਼ਣ ਖਿਲਾਫ਼ ਪਬਲਿਕ ਨੂੰ ਹਮੇਸ਼ਾ ਸੁਚੇਤ ਕਰਨ ਵਾਲੇ ਸ਼੍ਰੀ ਡੀ.ਪੀ. ਸਿੰਘ ਅਤੇ ਸ੍ਰੀ ਪੁਨੀਤ ਈਸਰ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ। ਆਖਿਰ ਵਿੱਚ ਸ਼੍ਰ ਕਿਰਪਾਲ ਸਿੰਘ ਬੱਬਰ ਵਲੋਂ ਡਾ. ਨਿਰਮਲ ਸਿੰਘ ਆਨੰਦ ਦਾ ਚਾਹ ਪਾਣੀ ਦੇ ਪ੍ਰਬੰਧ ਲਈ ਅਤੇ ਸਾਰੇ ਮੈਂਬਰਾਂ ਦਾ ਮੀਟਿੰਗ ਵਿੱਚ ਸ਼ਾਮਲ ਹੋਣ ਲਈ ਤਹਿ ਦਿਲੋਂ ਧੰਨਵਾਦ ਕੀਤਾ ।

ਆਵਾਜ਼ਿ ਕੌਮ AWAZE QAUM International Newspaper & WEB TV

# ਅਮਨ ਕਾਨੂੰਨ ਦੀ ਹਾਲਤ ਨਾਜ਼ੁਕ, ਪੁਲਿਸ ਮੁਲਾਜ਼ਮਾਂ ਤੱਕ ਦਾ ਸੁਰੱਖਿਅਤ ਨਾ ਰਹਿਣਾ ਚਿੰਤਾ ਦਾ ਵਿਸ਼ਾ- ਗੁਰਬਾਜ਼ ਸਿੰਘ ਸਿੱਧੂ

ਤਲਵੰਡੀ ਸਾਬੋ, 20 ਸਤੰਬਰ (ਗੁਰਜੰਟ ਸਿੰਘ ਨਥੇਹਾ)- ਸੂਬੇ ਅੰਦਰ ਅਮਨ ਕਾਨੂੰਨ ਦੀ ਹਾਲਤ ਜਿਹੜੀ ਪਹਿਲਾਂ 'ਆਪ' ਸਰਕਾਰ ਦੀਆਂ ਨਾਕਾਮੀਆਂ ਕਾਰਨ ਬਦਤਰ ਬਣ ਗਈ ਸੀ ਹੁਣ ਅਤਿ ਨਾਜ਼ੁਕ ਦੌਰ ਚ ਪਹੁੰਚ ਗਈ ਹੈ ਤੇ ਹੁਣ ਪੁਲਿਸ ਮੁਲਾਜ਼ਮਾਂ ਤੱਕ ਦਾ ਸੁਰੱਖਿਅਤ ਨਾ ਰਹਿਣਾ ਚਿੰਤਾ ਦਾ ਵਿਸ਼ਾ ਬਣ ਗਿਆ ਹੈ ਉਕਤ ਵਿਚਾਰਾਂ ਦਾ ਪ੍ਰਗਟਾਵਾ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਪੁੱਤਰ ਤੇ ਹਲਕੇ ਤੋਂ ਕਾਂਗਰਸ ਪਾਰਟੀ ਵੱਲੋਂ ਸਰਗਰਮ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਕੀਤਾ। ਰਾਮਾਂ ਮੰਡੀ ਤੋਂ ਪੱਤਰਕਾਰ ਤਰਸੇਮ ਸਿੰਗਲਾ ਦੀ ਪਤਨੀ ਦੇ ਦੇਹਾਂਤ ਤੇ ਉਨਾਂ ਦੇ ਵਪਾਰਕ ਅਦਾਰੇ ਤੇ ਪਹੁੰਚਕੇ ਅਫਸੋਸ ਪ੍ਰਗਟ ਕਰਨ ਉਪਰੰਤ ਕਈ ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀ ਭਰਨ ਉਪਰੰਤ ਇੱਥੇ ਗੱਲਬਾਤ ਕਰਦਿਆਂ ਗੁਰਬਾਜ਼ ਸਿੰਘ ਸਿੱਧੂ ਨੇ ਕਿਹਾ ਕਿ ਥਾਣਿਆਂ ਤੇ ਗ੍ਰਨੇਡ ਹਮਲਿਆਂ ਉਪਰੰਤ ਹੁਣ ਪੁਲਿਸ ਮੁਲਾਜ਼ਮਾਂ ਦੇ ਕਤਲਾਂ ਦੇ ਮਾਮਲੇ ਨੇ ਹਰ ਸੁਚੇਤ ਨਾਗਰਿਕ ਨੂੰ ਸੋਚਣ ਲਈ ਮਜ਼ਬੂਰ ਕਰ ਦਿੱਤਾ ਹੈਕਿ ਅਗਰ ਪੁਲਿਸ ਮੁਲਾਜ਼ਮ ਸੁਰੱਖਿਅਤ ਨਹੀ ਤਾਂ ਫਿਰ ਉਨਾਂ ਦੀ ਸੁਰੱਖਿਆ ਦਾ ਕੀ ਬਣੇਗਾ ।ਸਿੱਧੂ ਨੇ ਸੂਬਾ ਸਰਕਾਰ ਤੋਂ ਮੰਗ ਕੀਤੀ ਕਿ ਪੁਲਿਸ ਮੁਲਾਜ਼ਮਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਉਨਾਂ ਮੁਲਾਜ਼ਮਾਂ ਦੇ ਵਿਸ਼ੇਸ ਤੌਰ ਤੇ ਅਸਲ੍ਹਾ ਲਾਇਸੰਸ ਬਣਾ ਕੇ ਦਿੱਤੇ ਜਾਣ ਜਿੰਨ੍ਹਾਂ ਦੇ ਲਾਇਸੰਸ ਨਹੀ ਬਣੇ ਤਾਂਕਿ ਜਦੋਂ ਉਹ ਡਿਊਟੀ ਤੇ ਨਾ ਹੋਣ ਤਾਂ ਵੀ ਆਪਣੀ ਸੁਰੱਖਿਆ ਲਈ ਉਨਾਂ ਕੋਲ ਲੋੜੀਂਦਾ ਹਥਿਆਰ ਹੋਵੇ ।ਸਿੱਧੂ ਨੇ ਢਾਣੀਆਂ ਚ ਰਹਿ ਰਹੇ ਲੋਕਾਂ ਲਈ ਵੀ ਅਸਲ੍ਹਾ ਲਾਇਸੰਸ ਬਣਾਉਣ ਚ ਵਿਸ਼ੇਸ ਛੋਟ ਦੀ ਮੰਗ ਕੀਤੀ ।ਉਨਾਂ ਕਿਹਾ ਕਿ ਸਰਕਾਰ ਸਿਰਫ ਬਿਆਨਬਾਜ਼ੀ ਨਾਲ ਬੁੱਤਾ ਸਾਰਣ ਦੀ ਵਜਾਏ ਅਮਨ ਕਾਨੂੰਨ ਦੀ ਬਹਾਲੀ ਲਈ ਠੋਸ ਕਦਮ ਚੁੱਕੇ। ਸਿੱਧੂ ਨਾਲ ਇਸ ਮੌਕੇ ਸੀ.ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਕ੍ਰਿਸ਼ਨ ਯਾਦਵ, ਗੁਰਜੰਟ ਸਿੰਘ ਫੁੱਲੋਖਾਰੀ, ਸੁਖਦੀਪ ਸਿੰਘ ਕਣਕਵਾਲ, ਹਰਪਾਲ ਪੰਚ ਗਾਟਵਾਲੀ, ਸੁਖਬੀਰ ਸਿੰਘ ਜਿਲ੍ਹਾ ਮੀਤ ਪ੍ਰਧਾਨ ਯੂਥ ਕਾਂਗਰਸ, ਗੁਰਾਦਿੱਤਾ ਸਿੰਘ ਸੀਂਗੋ ਆਦਿ ਆਗੂ ਮੌਜੂਦ ਸਨ।





ਆਵਾਜ਼ਿ ਕੌਮ AWAZE QAUM International Newspaper & WEB TV

### ਪਿੰਡ ਕਲਾਲਵਾਲਾ, ਰਾਈਆ ਤੇ ਫੱਤਾਬਾਲੂ ਵਿਖੇ

# ਰਵੀਪ੍ਰੀਤ ਸਿੰਘ ਸਿੱਧੂ ਨੇ ਵਰਕਰਾਂ ਨਾਲ ਕੀਤੀਆਂ ਮੀਟਿੰਗਾਂ





**ਤਲਵੰਡੀ ਸਾਬੋ, 20 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਤਲਵੰਡੀ ਸਾਬੋ ਦੇ ਇੰਚਾਰਜ ਸ੍ਰ. ਰਵੀਪ੍ਰੀਤ ਸਿੰਘ ਸਿੱਧੂ ਵੱਲੋਂ ਹਲਕੇ ਦੇ ਪਿੰਡ ਕਲਾਲਵਾਲਾ, ਰਾਈਆ ਅਤੇ ਫੱਤਾਬਾਲੂ ਵਿਖੇ ਪਾਰਟੀ ਦੇ ਆਗੂਆਂ ਅਤੇ ਸਮੂਹ ਵਰਕਰਾਂ ਨਾਲ ਮੁਲਾਕਾਤ ਕੀਤੀ ਗਈ। ਇਸ ਮੌਕੇ ਉਨ੍ਹਾਂ ਵੱਲੋਂ ਪਿੰਡਾਂ ਦੇ ਪਾਰਟੀ ਆਗੂਆਂ ਅਤੇ ਵਰਕਰਾਂ ਨਾਲ ਮੌਜੂਦਾ ਹਾਲਾਤਾਂ ਸਮੇਤ ਪਾਰਟੀ ਦੀ ਜਥੇਬੰਦਕ ਮਜ਼ਬੂਤੀ ਨੂੰ ਲੈ ਕੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗਾਂ ਦੌਰਾਨ ਸ੍ਰ. ਰਵੀਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਵਰਕਰਾਂ ਅਤੇ ਆਗੂਆਂ ਨਾਲ ਲਗਾਤਾਰ ਸੰਪਰਕ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪਿੰਡ ਪੱਧਰ 'ਤੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਸਰਗਰਮ ਕਰਨ ਅਤੇ ਲੋਕਾਂ ਨਾਲ ਸਿੱਧਾ ਰਾਬਤਾ ਵਧਾਉਣ ਸਬੰਧੀ ਵੀ ਵਿਚਾਰ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਪਾਰਟੀ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਵਰਕਰਾਂ ਦੇ ਸੁਝਾਵਾਂ ਨੂੰ ਅਹਿਮੀਅਤ ਦਿੱਤੀ ਜਾ ਰਹੀ ਹੈ ਅਤੇ ਇਸ ਸਬੰਧੀ ਅਗਲੇ ਪੜਾਅ ਦੀ ਰਣਨੀਤੀ ਤਿਆਰ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਜਥੇਬੰਦੀ ਦੀ ਮਜ਼ਬੂਤੀ ਉਸਦੇ ਮਿਹਨਤੀ ਵਰਕਰਾਂ ਅਤੇ ਆਗੂਆਂ ਨਾਲ ਹੁੰਦੀ ਹੈ, ਇਸ ਲਈ ਹਰ ਪੱਧਰ ਦੇ ਵਰਕਰ ਨੂੰ ਨਾਲ ਲੈ ਕੇ ਚੱਲਿਆ ਜਾਵੇਗਾ। ਸ੍ਰ. ਰਵੀਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਦਿੱਤੇ ਜਾ ਰਹੇ ਸੁਝਾਵਾਂ ਅਤੇ ਸਹਿਯੋਗ ਨਾਲ ਪਾਰਟੀ ਦੀ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਵਰਕਰਾਂ ਨੂੰ ਆਪਸੀ ਤਾਲਮੇਲ ਨਾਲ ਪਾਰਟੀ ਦੀਆਂ ਗਤੀਵਿਧੀਆਂ ਨੂੰ ਪਿੰਡ ਪੱਧਰ 'ਤੇ ਹੋਰ ਸਰਗਰਮ ਕਰਨ ਲਈ ਕਿਹਾ। ਇਸ ਮੌਕੇ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਸ੍ਰ. ਰਵੀਪ੍ਰੀਤ ਸਿੰਘ ਸਿੱਧੂ ਨੂੰ ਪਾਰਟੀ ਦੀ ਮਜ਼ਬੂਤੀ ਲਈ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ। ਮੀਟਿੰਗਾਂ ਦੌਰਾਨ ਵਰਕਰਾਂ ਵਿੱਚ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਤਾਬਲ ਸਿੰਘ ਸੁੱਖੀ ਪੀ.ਏ., ਜਸਵਿੰਦਰ ਸਿੰਘ ਜੈਲਦਾਰ ਸਮੇਤ ਪਾਰਟੀ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

### ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਮੋਗਾ ਦੀਆਂ ਫੁੱਟਬਾਲ ਅੰਡਰ 19 ਵਿਦਿਆਰਥਣਾਂ ਨੇ

# ਸਟੇਟ ਪੱਧਰ ਤੇ ਕੀਤਾ ਸ਼ਾਨਦਾਰ ਪ੍ਰਦਰਸ਼ਨ



**ਬਿਲਾਸਪੁਰ/ਮੋਗਾ (ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਦੀਆਂ ਅੰਡਰ 19 ਫੁੱਟਬਾਲ ਲੜਕੀਆਂ ਜੈਸਮੀਨ ਕੌਰ ਕਲਾਸ ਗਿਆਰਵੀਂ ਸਾਇੰਸ, ਜਸਪ੍ਰੀਤ ਕੌਰ ਕਲਾਸ ਗਿਆਰਵੀਂ ਸਾਇੰਸ, ਰਵਨੀਤ ਕੌਰ ਕਲਾਸ ਗਿਆਰਵੀਂ ਸਾਇੰਸ ਤੇ ਸਮਰਦੀਪ ਕੌਰ ਕਲਾਸ ਗਿਆਰਵੀਂ ਸਾਇੰਸ ਨੇ ਸਟੇਟ ਪੱਧਰ ਦੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ। ਟੀਮ ਦੀਆਂ ਖਿਡਾਰਨਾਂ ਨੇ ਪੂਰੇ ਜੋਸ਼ ਅਨੁਸ਼ਾਸਨ ਮਿਹਨਤ ਅਤੇ ਟੀਮ ਭਾਵਨਾ ਨਾਲ ਖੇਡਦਿਆਂ ਆਪਣੀ ਪ੍ਰਤਿਭਾ ਦਾ ਬਾਖੂਬੀ ਪ੍ਰਦਰਸ਼ਨ ਕੀਤਾ। ਸਟੇਟ ਪੱਧਰ ਤੇ ਪਹੁੰਚਣਾ ਆਪਣੇ ਆਪ ਵਿੱਚ ਇੱਕ ਵੱਡੀ ਉਪਲਬਧੀ ਹੈ। ਖਿਡਾਰਨਾਂ ਨੇ ਮਜਬੂਤ ਟੀਮਾਂ ਦੇ ਖਿਲਾਫ ਬੇਹੱਦ ਆਤਮ ਵਿਸ਼ਵਾਸ ਨਾਲ ਖੇਡਦਿਆਂ ਆਪਣੇ ਹੁਨਰ ਅਤੇ ਖੇਡ ਜਜ਼ਬੇ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਉਹਨਾਂ ਦੇ ਪ੍ਰਦਰਸ਼ਨ ਨੇ ਸਕੂਲ ਦੇ ਵਿਦਿਆਰਥੀਆਂ ਤੇ ਸਮੂਹ ਸਟਾਫ ਵਿੱਚ ਮਾਨ ਅਤੇ ਖੁਸ਼ੀ ਦੀ ਲਹਿਰ ਨੂੰ ਪੈਦਾ ਕੀਤਾ। ਇਸ ਮੌਕੇ ਤੇ ਸਕੂਲ ਪ੍ਰਧਾਨ ਸਮਾਜ ਸੇਵੀ ਸਰਦਾਰ ਚਰਨ ਸਿੰਘ, ਸਕੂਲ ਚੇਅਰਮੈਂਨ ਯੋਗਿੰਦਰ ਪ੍ਰਸਾਦ ਸ਼ਰਮਾ ਨੇ ਸਮੂਹ ਖਿਡਾਰਨਾਂ ਤੇ ਫੁਟਬਾਲ ਕੋਚ ਨੂੰ ਇਸ ਸ਼ਾਨਦਾਰ ਪ੍ਰਦਰਸ਼ਨ ਲਈ ਵਧਾਈ ਦਿੱਤੀ। ਉਹਨਾਂ ਕਿਹਾ ਕਿ ਸਕੂਲ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਖੇਡਾਂ ਵਿੱਚ ਵੀ ਅੱਗੇ ਵਧਣ ਲਈ ਹਰ ਸੰਭਵ ਸਹੂਲਤ ਤੇ ਉਤਸਾਹ ਪ੍ਰਦਾਨ ਕਰਦਾ ਰਹੇਗਾ। ਇਸ ਮੌਕੇ ਤੇ ਸਕੂਲ ਦੇ ਵਾਈਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਖਿਡਾਰਨਾਂ ਦੇ ਉਜਵਲ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਇਹ ਸਫਲਤਾ ਹੋਰ ਵਿਦਿਆਰਥੀਆਂ ਨੂੰ ਵੀ ਖੇਡਾਂ ਪ੍ਰਤੀ ਪ੍ਰੇਰਿਤ ਕਰੇਗੀ।

### 'ਨਸ਼ਾ ਮੁਕਤ ਪੰਜਾਬ' ਯਾਤਰਾ ਦੀਆਂ ਅੰਤਿਮ ਤਿਆਰੀਆਂ ਦਾ ਭਾਜਪਾ ਜਿਲ੍ਹਾ ਪ੍ਰਧਾਨ ਮਲੂਕਾ ਨੇ ਲਿਆ ਜਾਇਜ਼ਾ

## ਨਸ਼ਿਆਂ ਖਿਲਾਫ ਯਾਤਰਾ ਚ ਆਮ ਲੋਕਾਂ ਨੂੰ ਸ਼ਾਮਿਲ ਹੋਣ ਦੀ ਕੀਤੀ ਅਪੀਲ



**ਤਲਵੰਡੀ ਸਾਬੋ, 20 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਭਰ 'ਚ ਕੱਢੀਆਂ ਜਾਣ ਵਾਲੀਆਂ ਚਾਰ 'ਨਸ਼ਾ ਮੁਕਤ ਪੰਜਾਬ' ਯਾਤਰਾਵਾਂ ਦੀ ਲੜੀ 'ਚ ਦੂਜੀ ਯਾਤਰਾ ਦੇ 21 ਸਤੰਬਰ ਨੂੰ ਤਲਵੰਡੀ ਸਾਬੋ ਤੋਂ ਆਰੰਭਤਾ ਸਬੰਧੀ ਅਨਾਜ ਮੰਡੀ ਤਲਵੰਡੀ ਸਾਬੋ ਚ ਕੀਤੀਆਂ ਅੰਤਿਮ ਤਿਆਰੀਆਂ ਦਾ ਅੱਜ ਭਾਜਪਾ ਜਿਲ੍ਹਾ ਬਠਿੰਡਾ (ਦਿਹਾਤੀ) ਪ੍ਰਧਾਨ ਗੁਰਪ੍ਰੀਤ ਸਿੰਘ ਮਲੂਕਾ ਸਾਬਕਾ ਚੇਅਰਮੈਨ ਜਿਲ੍ਹਾ ਪ੍ਰੀਸ਼ਦ ਨੇ ਜਾਇਜ਼ਾ ਲਿਆ। ਜਾਇਜ਼ਾ ਲੈਣ ਉਪਰੰਤ ਗੱਲਬਾਤ ਕਰਦਿਆਂ ਗੁਰਪ੍ਰੀਤ ਸਿੰਘ ਮਲੂਕਾ ਨੇ ਦੱਸਿਆ ਕੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ, ਭਾਜਪਾ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਭਾਜਪਾ ਦੇ ਕੌਮੀ ਤੇ ਸੂਬਾਈ ਆਗੂ 21 ਸਤੰਬਰ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਓਟ ਆਸਰਾ ਲੈਣ ਉਪਰੰਤ ਅਨਾਜ ਮੰਡੀ ਚੋਂ 'ਪੰਜਾਬ ਨਸ਼ਾ ਮੁਕਤ' ਯਾਤਰਾ ਦੀ ਆਰੰਭਤਾ ਕਰਨਗੇ। ਮਲੂਕਾ ਨੇ ਕਿਹਾ ਕੇ ਯਾਤਰਾ ਦੀਆ ਸਾਰੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ। ਉਨਾਂ ਨੇ ਕਿਹਾ ਕਿ ਇਹ ਯਾਤਰਾ ਰਾਜਨੀਤੀ ਤੋਂ ਉੱਪਰ ਉੱਠ ਕੇ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਕੱਢੀ ਜਾ ਰਹੀ ਹੈ ਇਸਲਈ ਆਮ ਲੋਕਾਂ ਨੂੰ ਵੀ ਸਮਾਜਿਕ ਮੁਹਿੰਮ ਤਹਿਤ ਇਸ ਯਾਤਰਾ 'ਚ ਸ਼ਾਮਿਲ ਹੋਣਾ ਚਾਹੀਦਾ ਹੈ। ਉਧਰ ਸੂਬਾ ਮੀਤ ਪ੍ਰਧਾਨ ਨਵਜੋਤ ਸਿੰਘ ਗੁਣੀ ਨੇ ਕਿਹਾ ਕਿ ਹਲਕਾ ਤਲਵੰਡੀ ਸਾਬੋ ਤੋਂ ਵੱਡੀ ਗਿਣਤੀ ਭਾਜਪਾ ਵਰਕਰ ਤੇ ਆਮ ਲੋਕ ਯਾਤਰਾ ਚ ਸ਼ਮੂਲੀਅਤ ਕਰਨਗੇ। ਇਸ ਮੌਕੇ ਭਾਰਤੀ ਜਨਤਾ ਯੁਵਾ ਮੋਰਚਾ ਜਿਲ੍ਹਾ ਪ੍ਰਧਾਨ ਜਸਪ੍ਰੀਤ ਸਿੰਘ ਜੱਸਾ, ਜਿਲ੍ਹਾ ਮੀਡੀਆ ਕਨਵੀਨਰ ਰਤਨ ਸ਼ਰਮਾ ਮਲੂਕਾ, ਅਮਨ ਚੱਠਾ ਰਾਮਾਂ ਮੰਡੀ, ਗੁਰਜੀਤ ਸਿੰਘ ਗੋਰਾ ਦਿਉਣ ਤੋਂ ਇਲਾਵਾ ਵੱਖ ਵੱਖ ਵਿੰਗਾ ਦੇ ਪ੍ਰਧਾਨ ਤੇ ਹੋਰ ਅਹੁਦੇਦਾਰ ਮੌਜੂਦ ਸਨ।

## ਧੰਨ ਧੰਨ ਬਾਬਾ ਕਿਲਾ ਸਾਹਿਬ ਮੁਗਲ ਚੱਕ ਖਾਲੜਾ ਵਿਖੇ ਹਰ ਸਾਲ ਦੀ ਤਹ੍ਹਾਂ ਮੇਲਾ ਧੂਮ ਧਾਮ ਨਾਲ ਮਨਾਇਆ ਗਿਆ





**ਸਰਾਏ ਅਮਾਨਤ ਖਾਂ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਖਾਲੜਾ ਤੋਂ ਤਿੰਨ ਕਿਲੋਮੀਟਰ ਦੂਰ ਮੁਗਲ ਚੱਕ ਦੇ ਗੁਰਦੁਆਰਾ ਬਾਬਾ ਕਿਲਾ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ ਤਿੰਨ ਅਸੂ ਨੂੰ ਜੋੜ ਮੇਲਾ ਸੰਗਤਾਂ ਦੇ ਸਹਿਯੋਗ ਨਾਲ ਬੜੀ ਧੂਮਧਾਮ ਮਨਾਇਆ ਗਿਆ ਇਹ ਜਾਣਕਾਰੀ ਦਿੰਦੇ ਆਂ ਸੇਵਾਦਾਰ ਬਾਬਾ ਕੁਲਦੀਪ ਸਿੰਘ ਨੇ ਦੱਸਿਆ ਕਿ ਹਰ ਸਾਲ ਦੀ ਤਰਹਾਂ ਇਸ ਮੇਲੇ ਵਿੱਚ ਸ੍ਰੀ ਲੜੀਵਾਰ ਅਖੰਡ ਪਾਠਾਂ ਦੇ ਭੋਗ ਪਾਏ ਜਾਂਦੇ ਹਨ ਭੋਗ ਪੈਣ ਤੋਂ ਬਾਅਦ ਖੁੱਲੇ ਪੰਡਾਲ ਵਿੱਚ ਸੰਗਤਾਂ ਦੀ ਹਾਜਰੀ ਵਿੱਚ ਦੀਵਾਨ ਸਜਾਏ ਜਾਂਦੇ ਹਨ ਅਤੇ ਰਾਗੀ ਢਾਡੀ ਜਥੇ ਭਾਈ ਮਨਵੀਰ ਸਿੰਘ ਜੀ ਪਹੂਵਿੰਡ  ਢਾਡੀ ਗੁਰਸੇਵਕ ਸਿੰਘ ਕਲਾ ਨੌਰ ਕਵੀਸ਼ਰ ਗੁਰਚਰਨ ਸਿੰਘ ਚੰਨ ਨੇ ਗੁਰਬਾਣੀ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਨ ਦਾ ਉਪਦੇਸ਼ ਦਿੱਤਾ ਭੋਗ ਪੈਣ ਤੋਂ ਬਾਅਦ ਸਰਵਣ ਸਿੰਘ ਮਾਨ ਖਾਲੜਾ ਅਤੇ ਮਤਾਬ ਸਿੰਘ ਮੁਗਲ ਚੱਕ ਨੇ ਵੱਖ-ਵੱਖ ਤਰਹਾਂ ਦੇ ਠੰਡੇ ਕੋਲਡ ਰਿੰਕ ਜੂਸ ਆਈਸਕ੍ਰੀਮ ਨਿਊਡਲ ਤੇ ਕੀ ਕੁਲਫੀ ਅਤੇ ਜਲੇਬੀ ਪਕੌੜੇ ਦੇ ਆਦ ਲੰਗਰ ਲਗਾਏ ਗਏ ਸਰਵਣ ਸਿੰਘ ਮਾਨਾਂ ਵੱਲੋਂ ਲਗਾਏ ਗਏ ਲੰਗਰ ਸੰਗਤਾਂ ਨੇ ਛੱਕ ਕੇ ਆਨੰਦ ਮਾਨਿਆ ਸਮੂਹ ਨਗਰ ਵੱਲੋਂ ਮੁਗਲ ਚੱਕ ਦੀਆਂ ਸੰਗਤਾਂ ਵੱਲੋਂ ਖੀਰ ਛੋਲੇ ਪਨੀਰ ਕੜ੍ਹਾਹ ਆਦ ਦੇ ਲੰਗਰ ਲਗਾਏ ਗਏ ਇਸ ਮੌਕੇ ਸਰਪੰਚ ਮਹਿਲ ਸਿੰਘ ਧਨਵੰਤ ਸਿੰਘ ਐਮਡੀ ਬੈਂਕ ਚੇਅਰਮੈਨ ਸੁਖਵੰਤ ਸਿੰਘ ਸੰਧੂ ਮੁਗਲ ਚੱਕ ਸੁਰਜੀਤ ਸਿੰਘ ਸੰਧੂ ਆੜਤੀ ਮੁਗਲ ਚੱਕ ਤੇਜਿੰਦਰ ਸਿੰਘ ਰਣਜੋਤ ਸਿੰਘ ਜੋਧਾ ਗੁਰਦੀਪ ਸਿੰਘ ਸੰਧੂ ਮਨਜਿੰਦਰ ਸਿੰਘ ਜਸਵੰਤ ਸਿੰਘ ਮੈਂਬਰ ਸਰਵਨ ਸਿੰਘ ਭੱਟੀ ਸੁਖਰਾਜ ਸਿੰਘ ਨੰਬਰਦਾਰ ਮਾਸਟਰ ਜਤਿੰਦਰ ਸਿੰਘ ਹਰਜੀਤ ਸਿੰਘ ਗਿਆਨੀ ਸੁਰਿੰਦਰ ਸਿੰਘ ਆਸਟਰੇਲੀਆ ਬਲਵੰਤ ਸਿੰਘ ਮੈਂਬਰ ਜਗਜੀਤ ਸਿੰਘ ਪੰਚ ਸਰਵਣ ਸਿੰਘ ਮਾਨਾ ਖਾਲੜਾ ਅਕਾਸ਼ਦੀਪ ਫੌਜੀ  ਫੌਜੀ ਖਾਲੜਾ ਅਰਸ਼ਦੀਪ ਖਾਲੜਾ ਹਰਮਿੰਦਰ ਸਿੰਘ ਆਸਟਰੇਲੀਆ ਨੂੰ ਖਾਲੜਾ ਮਾਮਾ ਭੇਜਾ ਦੀਪੂ ਚੋਪੜਾ ਕਾਲੂ ਲਵਾਈ ਸਨੀ ਖਾਲੜਾ ਆਦਿ ਸਮੂਹ ਸੇਵਾਦਾਰਾਂ ਵੱਲੋਂ ਤਨ ਦੇਹੀ ਨਾਲ ਸੇਵਾ ਨਿਭਾਈ ਅਤੇ ਸਮੂਹ ਗੁਰਦੁਆਰਾ ਕਿਲਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਜਿਨਾਂ ਗੁਰੂ ਘਰ ਦੀ ਹਾਜਰੀ ਭਰੀ।

ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਅਗਵਾਈ 'ਚ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਜੱਲੂਪੁਰ ਖੈੜੇ ਵਿਖੇ

# ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਕਰਵਾਏ ਗਏ ਸਮੂਹਿਕ ਅਨੰਦ ਕਾਰਜ





**ਰਈਆ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**- ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੀ ਅਗਵਾਈ ਵਿੱਚ ਅੱਜ ਪਿੰਡ ਜੱਲੂਪੁਰ ਖੈੜਾ ਸਥਿਤ ਗੁਰਦੁਆਰਾ ਬਾਬਾ ਸ੍ਰੀ ਕਾਲਾ ਮਹਿਰ ਜੀ ਵਿਖੇ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਸਮੂਹਿਕ ਅਨੰਦ ਕਾਰਜ ਕਰਵਾਏ ਗਏ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਭਰਦਿਆਂ ਨਵ-ਵਿਆਹੇ ਜੋੜਿਆਂ ਨੂੰ ਅਸ਼ੀਰਵਾਦ ਦਿੱਤਾ। ਸਮਾਗਮ ਦੀ ਸ਼ੁਰੂਆਤ ਗੁਰਦੁਆਰਾ ਸਾਹਿਬ ਦੇ ਨਾਲ ਲਗਾਏ ਪੰਡਾਲ ਵਿੱਚ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਹੋਈ। ਇਸ ਉਪਰੰਤ ਹਜ਼ੂਰੀ ਰਾਗੀਆਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ ਗਿਆ। ਖੁੱਲ੍ਹੇ ਪੰਡਾਲ ਵਿੱਚ ਹੋਏ ਇਸ ਸਮਾਗਮ ਦੌਰਾਨ ਸਾਰੇ ਜੋੜਿਆਂ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਪੂਰਨ ਸਿੱਖ ਰਹਿਤ ਮਰਿਆਦਾ ਅਨੁਸਾਰ ਅਨੰਦ ਕਾਰਜ ਸੰਪੂਰਨ ਕਰਵਾਏ ਗਏ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਵੱਲੋਂ ਸਾਰੇ ਨਵ-ਵਿਆਹੇ ਪਰਿਵਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਉਨ੍ਹਾਂ ਦੇ ਸੁਖੀ ਵਿਆਹੁਤਾ ਜੀਵਨ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ। ਸੰਗਤ ਦੇ ਸਹਿਯੋਗ ਨਾਲ ਨਵ-ਵਿਆਹੇ ਜੋੜਿਆਂ ਨੂੰ ਨਵੇਂ ਜੀਵਨ ਦੀ ਸ਼ੁਰੂਆਤ ਲਈ ਘਰੇਲੂ ਲੋੜ ਅਨੁਸਾਰ ਜ਼ਰੂਰੀ ਸਮਾਨ ਵੀ ਮੁਹੱਈਆ ਕਰਵਾਇਆ ਗਿਆ। ਹਰੇਕ ਪਰਿਵਾਰ ਨੂੰ ਡਬਲ ਬੈੱਡ, ਅਲਮਾਰੀ, ਫਰਿੱਜ ਸਮੇਤ ਹੋਰ ਘਰੇਲੂ ਜ਼ਰੂਰਤ ਦਾ ਸਮਾਨ ਭੇਟ ਕੀਤਾ ਗਿਆ। ਇਸ ਉਪਰਾਲੇ ਦਾ ਮੰਤਵ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਮੌਕੇ ਉਨ੍ਹਾਂ ਦੀ ਸਹਾਇਤਾ ਕਰਨਾ ਅਤੇ ਉਨ੍ਹਾਂ ਨੂੰ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਲਈ ਸਹਾਰਾ ਦੇਣਾ ਸੀ। ਇਸ ਮੌਕੇ ਬਾਪੂ ਤਰਸੇਮ ਸਿੰਘ ਜੀ ਅਤੇ ਮਾਤਾ ਬਲਵਿੰਦਰ ਕੌਰ ਤੋਂ ਇਲਾਵਾ ਭਾਈ ਹਰਭਜਨ ਸਿੰਘ ਤੁੜ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਸੁਖਵਿੰਦਰ ਸਿੰਘ ਅਗਵਾਨ, ਭਾਈ ਪਰਮਜੀਤ ਸਿੰਘ ਜੌਹਲ, ਸ੍ਰ. ਪ੍ਰਗਟ ਸਿੰਘ ਸੰਧੂ, ਸ੍ਰ. ਬਾਬੂ ਸਿੰਘ ਬਰਾੜ, ਭਾਈ ਸਰਬਜੀਤ ਸਿੰਘ ਖ਼ਾਨਪੁਰ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਬੀਬੀ ਹਰਪ੍ਰੀਤ ਕੌਰ, ਅਮਨਦੀਪ ਸਿੰਘ ਡੱਡੂਆਣਾ, ਭਾਈ ਜਸਕਰਨ ਸਿੰਘ ਰਿਆੜ, ਸ੍ਰ. ਜੁਗਰਾਜ ਸਿੰਘ ਉਦੋਨੰਗਲ, ਸ੍ਰ. ਜਤਿੰਦਰ ਸਿੰਘ ਮਹਿਤਾ, ਭਾਈ ਦਲਜੀਤ ਸਿੰਘ ਜਵੰਦਾ, ਸ੍ਰ. ਦਲਜੀਤ ਸਿੰਘ ਮਿਆਦੀਆਂ, ਸ੍ਰ. ਇਕਬਾਲ ਸਿੰਘ ਸੰਧੂ, ਬਾਬਾ ਜਰਮਨਜੀਤ ਸਿੰਘ ਸਰਾਏਂ, ਬਾਬਾ ਬਿਬੇਕ ਸਿੰਘ ਜੀ, ਸ੍ਰ. ਸੁਖਬੀਰ ਸਿੰਘ ਵਲਟੋਹਾ, ਬਾਪੂ ਦਯਾ ਸਿੰਘ, ਸ੍ਰ. ਗੁਰਦੇਵ ਸਿੰਘ ਸੰਧੂ, ਭਾਈ ਗੁਰਪ੍ਰੀਤ ਸਿੰਘ ਕੰਮੋਕੇ, ਭਾਈ ਜੋਧਬੀਰ ਸਿੰਘ ਜੱਲੂਪੁਰ, ਸ੍ਰ. ਮਨਵਿੰਦਰ ਸਿੰਘ ਕਾਨੂੰਵਾਨ, ਸੁਖਰਾਜ ਸਿੰਘ ਸੁਲਤਾਨਵਿੰਡ, ਬਲਜੀਤ ਸਿੰਘ ਚਾਟੀਵਿੰਡ, ਗੁਰਮਿੰਦਰ ਸਿੰਘ ਚਾਵਲਾ, ਡਾ ਦਲਬੀਰ ਸਿੰਘ ਵੇਰਕਾ ਅਤੇ ਬਿਕਰਮਜੀਤ ਸਿੰਘ ਕੋਟਲਾ ਤੋਂ ਇਲਾਵਾ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਡੀ ਗਿਣਤੀ ਵਿੱਚ ਆਗੂ, ਅਹੁਦੇਦਾਰ ਅਤੇ ਵਰਕਰ ਸਾਹਿਬਾਨ ਹਾਜ਼ਰ ਸਨ। ਇਸ ਮੌਕੇ ਹਾਜ਼ਰ ਸੰਗਤ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਗੁਰੂ ਸਾਹਿਬ ਦੀ ਸਿੱਖਿਆ ਅਨੁਸਾਰ ਲੋੜਵੰਦਾਂ ਦੀ ਸੇਵਾ, ਧੀਆਂ ਦੇ ਸਿਰ 'ਤੇ ਹੱਥ ਰੱਖਣਾ ਅਤੇ ਪਰਿਵਾਰਾਂ ਦਾ ਸਹਾਰਾ ਬਣਨਾ ਹੀ ਸੱਚੀ ਸੇਵਾ ਹੈ। ਸਮੂਹਿਕ ਅਨੰਦ ਕਾਰਜਾਂ ਦਾ ਇਹ ਉਪਰਾਲਾ ਸੇਵਾ, ਸਾਂਝ ਅਤੇ ਸਰਬੱਤ ਦੇ ਭਲੇ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਵਾਲਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਪੂਰਨ ਸਿੱਖ ਮਰਿਆਦਾ ਅਨੁਸਾਰ ਹੋਇਆ ਸਮਾਗਮ, ਨਵ-ਵਿਆਹੇ ਜੋੜਿਆਂ ਨੂੰ ਘਰੇਲੂ ਲੋੜ ਦਾ ਸਮਾਨ ਵੀ ਕੀਤਾ ਭੇਟ**

ਨੌਜਵਾਨਾਂ ਨੂੰ ਬਾਣੀ, ਬਾਣੇ ਤੇ ਸਿੱਖੀ ਦੇ ਮਾਰਗ ਨਾਲ ਜੋੜਨਾ ਸਮੇਂ ਦੀ ਵੱਡੀ ਲੋੜ - ਮਾਤਾ ਪ੍ਰਕਾਸ਼ ਕੌਰ

# ਨਸ਼ਿਆਂ ਵਿਰੁੱਧ ਜਾਗਰੂਕਤਾ ਅਤੇ ਨੌਜਵਾਨੀ ਨੂੰ ਗੁਰਬਾਣੀ ਨਾਲ ਜੋੜਨ, ਵਾਰੀਆ



ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਚੇਅਰਮੈਨ ਸਰਦਾਰ ਇੰਦਰਜੀਤ ਸਿੰਘ ਵਾਰੀਆ , ਅਤੇ ਪਦਮ ਸ਼੍ਰੀ ਮਾਤਾ ਪ੍ਰਕਾਸ਼ ਕੌਰ ਯੂਨੀਕ ਹੋਮ ਜਲੰਧਰ ਵਾਲਿਆਂ ਨਾਲ ਵਿਸ਼ੇਸ਼ ਮੁਲਾਕਾਤ ਹੋਈ ਉਪਰੰਤ ਗੱਲਬਾਤ ਕਰਦੇ ਹੋਏ ਮਾਤਾ ਪ੍ਰਕਾਸ਼ ਕੌਰ ਨੇ ਕਿਹਾ ਕਿ ਗੁਰਬਾਣੀ ਅਤੇ ਗੁਰੂ ਸ਼ਬਦ ਦਾ ਓਟ-ਆਸਰਾ ਲੈ ਕੇ ਹਮੇਸ਼ਾ ਚੜ੍ਹਦੀ ਕਲਾ ਵਿੱਚ ਜੀਵਨ ਬਤੀਤ ਕਰਨਾ ਹੈ। ਉਨ੍ਹਾਂ ਕਿਹਾ ਕਿ ਦੁੱਖ ਹੋਵੇ ਜਾਂ ਸੁੱਖ, ਹਰ ਅਵਸਥਾ ਵਿੱਚ ਗੁਰੂ ਸਾਹਿਬ ਅੱਗੇ ਅਰਦਾਸ ਕਰਨੀ ਸਿੱਖ ਦੇ ਜੀਵਨ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਜੇ ਸਾਡਾ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਪੂਰਨ ਵਿਸ਼ਵਾਸ ਹੈ ਤਾਂ ਗੁਰੂ ਸਾਹਿਬ ਹਮੇਸ਼ਾ ਅੰਗ-ਸੰਗ ਸਹਾਈ ਹੁੰਦੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਬਾਣੀ, ਬਾਣੇ ਅਤੇ ਸਿੱਖੀ ਦੇ ਮਾਰਗ ਨਾਲ ਜੋੜਨਾ ਅੱਜ ਸਮੇਂ ਦੀ ਵੱਡੀ ਲੋੜ ਹੈ। ਗੁਰੂ ਸਾਹਿਬ ਨੇ ਮਨੁੱਖਤਾ ਨੂੰ ਜਾਤ-ਪਾਤ ਅਤੇ ਊਚ-ਨੀਚ ਦੇ ਭੇਦਭਾਵ ਤੋਂ ਉੱਪਰ ਰੱਖਦਿਆਂ ਬਰਾਬਰੀ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਹਰ ਸਿੱਖ ਦੀ ਕੋਸ਼ਿਸ਼ ਹੋਵੇ ਕਿ ਸਾਡੇ ਨੌਜਵਾਨ ਆਪਣੀ ਵਿਰਾਸਤ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਆਪਣੇ ਇਤਿਹਾਸ ਨਾਲ ਜੁੜੇ ਰਹਿਣ। ਗੁਰੂ ਸਾਹਿਬ ਦੀ ਬਖ਼ਸ਼ੀ ਸਿੱਖੀ ਦੀ ਅਨਮੋਲ ਦਾਤ ਨੂੰ ਸੰਭਾਲਣਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਕੇਸ ਅਤੇ ਸਾਬਤ-ਸੂਰਤ ਸਰੂਪ ਦੀ ਸੰਭਾਲ ਕਰਨਾ ਸਿੱਖ ਪਰਿਵਾਰਾਂ ਦਾ ਫਰਜ਼ ਹੈ। ਇਸ ਮੌਕੇ ਅੱਗੇ ਗੱਲਬਾਤ ਕਰਦਿਆ ਏਕ ਨੂਰ ਸਵੈ ਸੇਵੀ ਸੰਸਥਾ ਦੇ ਚੇਅਰਮੈਨ ਸਰਦਾਰ ਇੰਦਰਜੀਤ ਸਿੰਘ ਵਾਰੀਆ ਨੇ ਕਿਹਾ ਸੰਸਥਾ ਵਿਸ਼ੇਸ਼ ਉਪਰਾਲੇ ਕਰ ਰਹੀ ਹੈ ਅਤੇ ਸੰਸਥਾ ਦਾ ਮੁੱਖ ਮਕਸਦ ਗੁਰੂ ਸਾਹਿਬਾਨ ਦੇ ਉਸ ਮਹਾਨ ਸੰਦੇਸ਼ ਨੂੰ ਘਰ-ਘਰ ਪਹੁੰਚਾਉਣਾ ਹੈ, ਜੋ ਮਨੁੱਖ ਨੂੰ ਬਰਾਬਰੀ, ਨਿਆਂ, ਸੇਵਾ, ਨਸ਼ਾ-ਮੁਕਤੀ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਅੱਜ ਖਾਲਸਾ ਪੰਥ ਅਤੇ ਸਿੱਖ ਸੰਸਥਾਵਾਂ ਤੇ ਲੁਕਵੇਂ ਢੰਗ ਨਾਲ ਹਮਲੇ ਕੀਤੇ ਜਾ ਰਹੇ ਹਨ, ਜਿਸ ਪ੍ਰਤੀ ਸੰਗਤਾਂ ਨੂੰ ਸੁਚੇਤ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਸਭ ਤੋਂ ਵੱਡੀ ਸਮੱਸਿਆ ਨਸ਼ਿਆਂ ਦਾ ਆਮ ਮਿਲਣਾ ਹੈ। ਉਨ੍ਹਾਂ ਕਿਹਾ ਕਿ ਇਸ ਦੇ ਟਾਕਰੇ ਲਈ ਹਰ ਸੁਹਿਰਦ ਵਿਅਕਤੀ ਨੂੰ ਯਤਨ ਕਰਨ ਦੀ ਲੋੜ ਹੈ। ਸਰਦਾਰ ਇੰਦਰਜੀਤ ਸਿੰਘ ਵਾਰੀਆ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਗੁਰਬਾਣੀ ਅਤੇ ਗੁਰਮਤਿ ਸਿਧਾਂਤਾਂ ਨਾਲ ਜੋੜ ਕੇ ਚੰਗੇ ਜੀਵਨ ਦੀ ਪ੍ਰੇਰਨਾ ਦਈਏ।

**-ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

# ਗੰਭੀਰ ਹਾਲਤ ਵਿੱਚ ਫੱਟੜ ਮਜ਼ਦੂਰ ਦਲਿਤ ਨੌਜਵਾਨ ਦੀ ਕੀਤੀ ਜਾਵੇ ਮਦਦ : ਭਾਨ ਸਿੰਘ ਜੱਸੀ

## ਆਪਣੇ ਵੱਲੋਂ ਪਾਇਆ 5,000 ਹਜਾਰ ਰੁਪਏ ਦਾ ਯੋਗਦਾਨ



**ਸੇਰਪੁਰ ( ਰਣਜੀਤ ਸਿੰਘ ਪੇਧਨੀ )**-ਲਾਗਲੇ ਪਿੰਡ ਹੇੜੀਕੇ ਦੇ ਦਲਿਤ ਨੌਜਵਾਨ ਸੁਖਬੀਰ ਸਿੰਘ ਦਾ ਬੀਤੇ ਦਿਨੀ ਗੰਭੀਰ ਐਕਸੀਡੈਂਟ ਹੋ ਗਿਆ ਸੀ ਉਹਨਾਂ ਦੀ ਗੰਭੀਰ ਹਾਲਤ ਨੂੰ ਵੇਖਦਿਆਂ ਡਾਕਟਰਾਂ ਨੇ ਉਹਨਾਂ ਨੂੰ ਏਮਜ ਹਸਪਤਾਲ ਬਠਿੰਡਾ ਵਿਖੇ ਰੈਫਰ ਕਰ ਦਿੱਤਾ ਹੈ। ਕੁਝ ਸਮਾਂ ਪਹਿਲਾਂ ਇਸ ਨੌਜਵਾਨ ਦੇ ਪਿਤਾ ਗੁਰਚਰਨ ਸਿੰਘ ਸਵਰਗਵਾਸ ਹੋ ਗਏ ਸਨ। ਵਿਧਵਾ ਮਾਤਾ ਗੁਰਚਰਨ ਕੌਰ ਨੇ ਹੀ ਬੱਚਿਆਂ ਨੂੰ ਮਿਹਨਤ ਮਜਦੂਰੀ ਕਰਕੇ ਪਾਲਿਆ ਹੈ। ਪਹਾੜ ਜਿੱਡੇ ਦੁੱਖਾਂ ਦਾ ਸਾਹਮਣਾ ਕਰ ਰਹੇ ਇਸ ਪਰਿਵਾਰ ਦੇ ਘਰ ਪਹੁੰਚ ਕੇ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਆਪਣੇ ਵੱਲੋਂ ਹਸਪਤਾਲ ਵਿੱਚ ਦਾਖਲ ਇਸ ਗਰੀਬ ਨੌਜਵਾਨ ਦੇ ਇਲਾਜ ਵਿੱਚ ਯੋਗਦਾਨ ਵਜੋਂ 5,000 ਰੁਪਏ ਦੀ ਸਹਾਇਤਾ ਕਰਨ ਉਪਰੰਤ ਹੋਰਨਾ ਦਾਨੀ ਸੱਜਣਾਂ ਨੂੰ ਵੀ ਅਪੀਲ ਕੀਤੀ ਕਿ ਸੰਕਟ ਵਿੱਚ ਘਿਰੇ ਇਸ ਗਰੀਬ ਪਰਿਵਾਰ ਦੇ ਨੌਜਵਾਨ ਦੀ ਜ਼ਿੰਦਗੀ ਬਚਾਉਣ ਲਈ ਸੰਗਤਾਂ ਯੋਗਦਾਨ ਪਾਉਣ ਦੀ ਖੇਚਲ ਕਰਨ । ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਅਪੀਲ ਕੀਤੀ ਕਿ ਜੇਕਰ ਕੋਈ ਦਾਨੀ ਸੱਜਣ ਦਾਨ ਕਰਨਾ ਚਾਹੁੰਦਾ ਹੈ ਤਾਂ ਉਹ ਸਿੱਧਾ ਪਿੰਡ ਹੇੜੀਕੇ ਵਿਖੇ ਪਹੁੰਚਕੇ ਪੀੜਤ ਨੌਜਵਾਨ ਦੇ ਭਰਾ ਪਰਮਵੀਰ ਸਿੰਘ ਨਾਲ ਫੋਨ ਨੰਬਰ: 62835 80031 ਤੇ ਸਿੱਧਾ ਸੰਪਰਕ ਕਰਦਿਆਂ ਪੂਰੀ ਜਾਣਕਾਰੀ ਪ੍ਰਾਪਤ ਕਰਕੇ ਗੁਪਤ ਦਾਨ ਜਾਂ ਕਿਸੇ ਵੀ ਰੂਪ ਸਹਾਇਤਾ ਕਰਕੇ ਇਸ ਨੌਜਵਾਨ ਦੀ ਜ਼ਿੰਦਗੀ ਬਚਾਉਣ ਵਿੱਚ ਆਪਣਾ ਯੋਗਦਾਨ ਪਾ ਸਕਦਾ।

ਆਵਾਜ਼ਿ ਕੌਮ AWAZE QAUM International Newspaper & WEB TV

# ਕਿਸਾਨ ਜਥੇਬੰਦੀਆਂ ਦੀ ਏਕਤਾ ਦੇਸ਼ ਦੇ ਸਮੁੱਚੇ ਕਿਸਾਨ ਅੰਦੋਲਨ ਨੂੰ ਉਤਸ਼ਾਹਤ ਕਰੇਗੀ: ਰਾਜਾ ਰਾਮ ਸਿੰਘ



**ਜਲੰਧਰ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-'ਦੇਸ਼ ਭਗਤ ਯਾਦਗਾਰ ਜਲੰਧਰ' ਦੇ 'ਸ਼ਹੀਦ ਭਗਤ ਸਿੰਘ ਐਡੀਟੋਰੀਅਮ' ਵਿਖੇ ਹੋਈ ਵਿਸ਼ਾਲ 'ਕਿਸਾਨ-ਮਜ਼ਦੂਰ ਏਕਤਾ ਰੈਲੀ' ਵਿੱਚ ਪੰਜਾਬ ਅਤੇ ਗੁਆਂਢੀ ਸੂਬਿਆਂ ਦੇ ਹਜ਼ਾਰਾਂ ਲੋਕ ਲਾਲ ਹਰੇ ਝੰਡਿਆਂ ਨਾਲ ਜੋਸ਼ੀਲਾ ਨਾਹਰੇ ਮਾਰਦੇ ਸ਼ਾਮਲ ਹੋਏ। ਉਦਘਾਟਨੀ ਝੰਡਾ ਕਿਸਾਨ ਮਹਾਸਭਾ ਦੇ ਕੌਮੀ ਪ੍ਰਧਾਨ ਤੇ ਉਘੇ ਕਿਸਾਨ ਆਗੂ ਰੁਲਦੂ ਸਿੰਘ ਮਾਨਸਾ ਨੇ ਲਹਿਰਾਇਆ। ਰੈਲੀ ਦਾ ਮੁੱਖ ਨਾਹਰਾ ਸੀ - ਖੇਤ - ਖੇਤੀ - ਆਜ਼ਾਦੀ ਬਚਾਓ , ਕਾਰਪੋਰੇਟ ਲੁੱਟ ਦਾ ਰਾਜ ਮਿਟਾਓ। ਰੈਲੀ ਨੂੰ ਆਲ ਇੰਡੀਆ ਕਿਸਾਨ ਮਹਾਸਭਾ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਰਾਜਾ ਰਾਮ ਸਿੰਘ ਮੈਂਬਰ ਲੋਕ ਸਭਾ, ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾਕਟਰ ਸਤਨਾਮ ਸਿੰਘ ਅਜਨਾਲਾ, ਜਨਰਲ ਸਕੱਤਰ ਕੁਲਵੰਤ ਸਿੰਘ ਸੰਧੂ, ਆਲ ਇੰਡੀਆ ਐਗਰੀਕਲਚਰ ਐਂਡ ਰੂਰਲ ਲੇਬਲ ਐਸੋਸੀਏਸ਼ਨ ਦੇ ਜਨਰਲ ਸਕੱਤਰ ਕਾਮਰੇਡ ਧੀਰੇਂਦਰ ਝਾਅ, ਮੱਧ ਪ੍ਰਦੇਸ਼ ਦੇ ਚਰਚਿਤ ਕਿਸਾਨ ਆਗੂ ਤੇ ਸਾਬਕਾ ਵਿਧਾਇਕ ਡਾਕਟਰ ਸੁਨੀਲਮ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਪ੍ਰਧਾਨ ਗੋਬਿੰਦ ਸਿੰਘ ਛਾਜਲੀ, ਦਿਹਾਤੀ ਮਜ਼ਦੂਰ ਸਭਾ ਦੇ ਪ੍ਰਧਾਨ ਦਰਸ਼ਨ ਨਾਹਰ ਨੇ ਸੰਬੋਧਨ ਕੀਤਾ। ਕਾਮਰੇਡ ਰਾਜਾ ਰਾਮ ਸਿੰਘ ਨੇ ਅਪਣੇ ਸੰਬੋਧਨ ਵਿੱਚ ਕਿਹਾ ਕਿ ਵੇਨੇਜ਼ੁਏਲਾ ਉਤੇ ਕਬਜ਼ੇ, ਗਾਜ਼ਾ ਤੇ ਇਰਾਨ ਉਤੇ ਹਮਲੇ ਜ਼ਰੀਏ ਅਮਰੀਕੀ ਸਾਮਰਾਜ ਸੰਸਾਰ ਭਰ ਦੇ ਕੁਦਰਤੀ ਸਰੋਤਾਂ ਅਤੇ ਉਪਜਾਊ ਜ਼ਮੀਨਾਂ ਉਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ। ਬੇਸ਼ੱਕ ਮੁਕਤ ਵਪਾਰ ਸਮਝੌਤਾ ਰਾਹੀਂ ਮੋਦੀ ਸਰਕਾਰ ਟਰੰਪ ਪ੍ਰਸ਼ਾਸਨ ਅੱਗੇ ਗੋਡੇ ਟੇਕ ਚੁੱਕੀ ਹੈ, ਪਰ ਦੇਸ਼ ਦੇ ਕਿਸਾਨ ਤੇ ਮਜ਼ਦੂਰ ਇੰਨਾਂ ਕੋਸ਼ਿਸ਼ਾਂ ਦਾ ਡੱਟ ਕੇ ਵਿਰੋਧ ਕਰਨਗੇ। ਜਿਥੇ ਕਿਸਾਨ ਆਪਣੀਆਂ ਫ਼ਸਲਾਂ ਲਈ ਸੀ2+50% ਐਮਐਸਪੀ ਲਈ ਜਦੋਜਹਿਦ ਕਰ ਰਹੇ ਹਨ, ਉਥੇ ਉਪਜਾਊ ਜ਼ਮੀਨਾਂ ਨੂੰ ਵੱਡੇ ਪੈਮਾਨੇ 'ਤੇ ਐਕੁਆਇਰ ਕਰਕੇ ਦੇਸ਼ ਦੀ ਖੁਰਾਕ ਸੁਰੱਖਿਆ ਲਈ ਸੰਕਟ ਖੜ੍ਹਾ ਕਰਨ ਅਤੇ ਕਾਰਪੋਰੇਟ ਉਦਯੋਗਾਂ ਵਲੋਂ ਦੇਸ਼ ਦੇ ਹਵਾ ਪਾਣੀ ਤੇ ਜ਼ਮੀਨ ਨੂੰ ਪ੍ਰਦੂਸ਼ਿਤ ਕਰਨ ਵਾਤਾਵਰਨ ਨੂੰ ਬਰਬਾਦ ਕਰਨ ਦੇ ਖਿਲਾਫ ਵੀ ਲੜ ਰਹੇ ਹਨ। ਇੰਝ ਕਿਸਾਨ ਸਿਰਫ਼ ਆਪਣੇ ਲਈ ਨਹੀਂ ਪੂਰੀ ਜਨਤਾ ਦੇ ਹਿੱਤਾਂ ਦੀ ਰਾਖੀ ਲਈ ਲੜ ਰਹੇ ਹਨ। ਕਿਸਾਨ ਜਥੇਬੰਦੀਆਂ ਦੀ ਜਲੰਧਰ ਵਿੱਚ ਹੋਈ ਇਹ ਏਕਤਾ ਦੇਸ਼ ਭਰ ਦੇ ਕਿਸਾਨ ਅੰਦੋਲਨ ਨੂੰ ਉਤਸ਼ਾਹਤ ਕਰੇਗੀ। ਰੈਲੀ ਨੂੰ ਸੰਬੋਧਨ ਕਰਦਿਆਂ ਸੀਪੀਆਈ (ਐਮ ਐਲ) ਲਿਬਰੇਸ਼ਨ ਦੇ ਜਨਰਲ ਸਕੱਤਰ ਸਾਥੀ ਦੀਪਾਂਕਰ ਭੱਟਾਚਾਰੀਆ ਨੇ ਕਿਹਾ ਕਿ ਪੰਜਾਬ ਦੇ ਦੋ ਪ੍ਰਮੁੱਖ ਕਿਸਾਨ ਸੰਗਠਨਾਂ "ਜਮਹੂਰੀ ਕਿਸਾਨ ਸਭਾ ਪੰਜਾਬ" ਤੇ "ਪੰਜਾਬ ਕਿਸਾਨ ਯੂਨੀਅਨ" ਵਲੋਂ ਇਕਜੁੱਟ ਹੋਣ ਤੇ "ਕੁੱਲ ਹਿੰਦ ਕਿਸਾਨ ਮਹਾਸਭਾ" ਦਾ ਅੰਗ ਬਣਨ ਦੇ ਇਤਿਹਾਸਕ ਵਰਤਾਰੇ ਨਾਲ ਕਾਰਪੋਰੇਟ ਪ੍ਰਸਤ ਫਿਰਕੂ-ਫਾਸ਼ੀ ਮੋਦੀ ਸਰਕਾਰ ਖ਼ਿਲਾਫ਼ ਕਿਸਾਨ ਘੋਲ ਤੇ ਜਨ-ਅੰਦੋਲਨ ਨੂੰ ਨਵੀਂ ਗਤੀ ਮਿਲੇਗੀ। ਉਨ੍ਹਾਂ ਕਿਹਾ ਕਿ ਫਿਰਕੂ-ਫਾਸ਼ੀ, ਤਾਨਾਸ਼ਾਹ ਭਾਜਪਾ ਸਰਕਾਰ ਖ਼ਿਲਾਫ਼ ਜਨਤਕ ਅੰਦੋਲਨਾਂ ਦੀ ਇਕ ਲੜੀ ਹੈ ਜੋ ਨਾਗਰਿਕਤਾ ਸੋਧ ਬਿੱਲ ਖ਼ਿਲਾਫ਼ ਸ਼ਾਹੀਨ ਬਾਗ. ਮੋਰਚੇ, ਤਿੰਨ ਖੇਤੀ ਬਿੱਲਾਂ ਖਿਲਾਫ ਦਿੱਲੀ ਦੇ ਜੇਤੂ ਕਿਸਾਨ ਘੋਲ ਤੇ ਹੁਣ ਪੇਪਰ ਲੀਕ ਘਪਲੇ ਖ਼ਿਲਾਫ਼ ਦੇਸ਼ ਵਿਆਪੀ ਜ਼ੈਨ-ਜੀ ਘੋਲ ਦੇ ਰੂਪ 'ਚ ਸਾਹਮਣੇ ਆਈ ਹੈ। ਇਹ ਅੰਦੋਲਨ ਇਕ-ਦੂਜੇ ਦੇ ਗੁਣ-ਦੋਸ਼ਾਂ ਤੋਂ ਸਿੱਖਦੇ ਹੋਏ ਅੱਗੇ ਵੱਧਦੇ ਹਨ ਤੇ ਦੇਸ਼ 'ਚ ਫਿਰਕੂ-ਫਾਸ਼ੀ ਤਾਨਾਸ਼ਾਹੀ ਖਿਲਾਫ ਲੋਕ-ਲਾਮਬੰਦੀ ਕਰਦਿਆਂ ਲੋਕ-ਰਾਜ ਮਜ਼ਬੂਤ ਕਰ ਰਹੇ ਹਨ। ਆਜ਼ਾਦੀ ਸੰਗਰਾਮ ਦੀ ਰੀੜ੍ਹ ਦੀ ਹੱਡੀ ਬਣੇ ਕਿਸਾਨਾਂ-ਮਜ਼ਦੂਰਾਂ, ਨੌਜਵਾਨਾਂ ਦੀ ਅਜੋਕੀ ਪੀੜ੍ਹੀ ਦਾ ਬੁਨਿਆਦੀ ਕਾਰਜ ਦੇਸ਼ ਨੂੰ ਫਾਸ਼ੀਵਾਦ ਤੋਂ ਮੁਕਤ ਕਰਨਾ ਹੈ। ਉਨ੍ਹਾਂ ਕਿਹਾ ਕਿ ਟਰੰਪ ਵਲੋਂ ਥੋਪਿਆ ਟੈਰਿਫ ਹੋਵੇ ਜਾਂ ਮੋਦੀ ਵਲੋਂ ਯੂਪੀਆਈ 'ਤੇ ਲਾਇਆ ਨਵਾਂ ਟੈਕਸ, ਸਭ ਦਾ ਬੋਝ ਅੰਤ ਦੇਸ਼ ਦੀ ਆਮ ਜਨਤਾ 'ਤੇ ਪੈਣਾ ਹੈ। ਨਿੱਤ ਵੱਧਦੀ ਮਹਿੰਗਾਈ ਨਾਲ ਲੋਕਾਂ ਨੂੰ ਬੇਹਾਲ ਕਰ ਰਹੀ ਮੋਦੀ ਸਰਕਾਰ ਦਾ ਚੋਣ ਕਮਿਸ਼ਨ ਐਸਆਈਆਰ ਦੇ ਨਾਂ 'ਤੇ ਨਾਗਰਿਕਾਂ ਨੂੰ ਵੋਟ ਦੇ ਹੱਕ ਤੋਂ ਵਾਂਝੇ ਕਰ ਰਿਹਾ ਹੈ। ਸਾਥੀ ਭੱਟਾਚਾਰੀਆ ਨੇ ਕਿਹਾ ਕਿ ਪੰਜਾਬ 'ਚ ਨਸ਼ੇ, ਭ੍ਰਿਸ਼ਟਾਚਾਰ, ਗੁੰਡਾਗਰਦੀ, ਪੁਲਿਸ ਜਬਰ, ਝੂਠੇ ਮੁਕਾਬਲੇ ਵੱਧ ਰਹੇ ਹਨ, ਜਦਕਿ ਸੂਬੇ ਨੂੰ ਲੋਕ ਪੱਖੀ ਵਿਕਾਸ ਦੇ ਰਾਹ 'ਤੇ ਪਾਉਣ ਦੀ ਥਾਂ ਆਪ ਸਰਕਾਰ ਦਾ ਸਾਰਾ ਜ਼ੋਰ ਪ੍ਰਚਾਰ ਤੇ ਲੋਕ ਲੁਭਾਊ ਸਕੀਮਾਂ 'ਤੇ ਲੱਗਾ ਹੋਇਆ ਹੈ। ਨਤੀਜਾ, ਪੰਜਾਬ ਕਰਜ਼ੇ ਦੇ ਮਾਰੂ ਜਾਲ 'ਚ ਉਲਝਾ ਦਿੱਤਾ ਗਿਆ ਹੈ। ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਕੀਮਤ 'ਤੇ ਬੀਜੇਪੀ ਨੂੰ ਮੂੰਹ ਨਾ ਲਾਉਣ ਤੇ ਕਿਸਾਨਾਂ-ਮਜ਼ਦੂਰਾਂ, ਨੌਜਵਾਨਾਂ, ਸਕੀਮ ਵਰਕਰਾਂ, ਮੁਲਾਜ਼ਮਾਂ ਤੇ ਛੋਟੇ ਦੁਕਾਨਦਾਰਾਂ ਦੀ ਬਿਹਤਰੀ ਲਈ ਜਦੋਜਹਿਦ ਕਰ ਰਹੀ ਖੱਬੀ ਧਿਰ ਦਾ ਸਾਥ ਦੇਣ। ਆਰਐਮਪੀਆਈ ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਨੇ ਇਸ ਮੌਕੇ ਕਿਹਾ ਕਿ ਪੰਜਾਬ ਤੋਂ ਸ਼ੁਰੂ ਹੋਈ ਕਿਸਾਨ ਸੰਗਠਨਾਂ ਦੇ ਏਕੇ ਦੀਆਂ ਤਰੰਗਾਂ ਦੇਸ਼ ਭਰ 'ਚ ਪੁੱਜ ਕੇ ਦੇਸ਼ ਦੇ ਕਿਸਾਨ-ਮਜ਼ਦੂਰ ਸੰਗਠਨਾਂ ਨੂੰ ਇਕਜੁੱਟ ਹੋਣ ਲਈ ਪ੍ਰੇਰਿਤ ਕਰਨਗੀਆਂ।

## ਮੀਰੀ ਪੀਰੀ ਖ਼ਾਲਸਾ ਮਾਰਚ ਕਰਤਾਰਪੁਰ, ਜਲੰਧਰ ਤੋਂ ਅਗਲੇ ਪੜਾਅ ਲਈ ਜੈਕਾਰਿਆਂ ਦੀ ਗੂੰਜ 'ਚ ਰਵਾਨਾ

# ਨੌਜਵਾਨਾਂ ਨੂੰ ਬਾਣੀ, ਬਾਣੇ ਤੇ ਸਿੱਖੀ ਦੇ ਮਾਰਗ ਨਾਲ ਜੋੜਨਾ ਸਮੇਂ ਦੀ ਵੱਡੀ ਲੋੜ: ਜਥੇਦਾਰ ਗੜਗੱਜ

### ਨਸ਼ਿਆਂ ਵਿਰੁੱਧ ਜਾਗਰੂਕਤਾ ਤੇ ਨੌਜਵਾਨੀ ਨੂੰ ਗੁਰਬਾਣੀ ਨਾਲ ਜੋੜਨਾ ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਮਕਸਦ : ਐਡਵੋਕੇਟ ਧਾਮੀ



**ਨਵੀਂ ਦਿੱਲੀ, 20 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਇਆ ਮੀਰੀ ਪੀਰੀ ਖ਼ਾਲਸਾ ਮਾਰਚ ਤੀਜੇ ਪੜਾਅ ਤਹਿਤ ਅੱਜ ਗੁਰਦੁਆਰਾ ਸਾਹਿਬ, ਕਰਤਾਰਪੁਰ (ਜਲੰਧਰ) ਤੋਂ ਖ਼ਾਲਸਈ ਜਾਹੋ ਜਲਾਲ ਨਾਲ ਆਪਣੇ ਅਗਲੇ ਪੜਾਅ ਲਈ ਰਵਾਨਾ ਹੋਇਆ। ਖ਼ਾਲਸਾ ਮਾਰਚ ਦੀ ਆਰੰਭਤਾ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਸਮੇਤ ਪ੍ਰਮੁੱਖ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਜੇ ਧਾਰਮਿਕ ਦੀਵਾਨ ਸਮੇਂ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤ ਨਾਲ ਗੁਰ-ਇਤਿਹਾਸ ਦੀ ਸਾਂਝ ਪਾਈ ਅਤੇ ਬਾਣੀ ਬਾਣੇ ਦੇ ਧਾਰਨੀ ਹੋਣ ਦੀ ਪ੍ਰੇਰਣਾ ਕੀਤੀ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਗੁਰਬਾਣੀ ਅਤੇ ਗੁਰੂ ਸ਼ਬਦ ਦਾ ਓਟ-ਆਸਰਾ ਲੈ ਕੇ ਹਮੇਸ਼ਾ ਚੜ੍ਹਦੀ ਕਲਾ ਵਿੱਚ ਜੀਵਨ ਬਤੀਤ ਕਰਨਾ ਹੈ। ਉਨ੍ਹਾਂ ਕਿਹਾ ਕਿ ਦੁੱਖ ਹੋਵੇ ਜਾਂ ਸੁੱਖ, ਹਰ ਅਵਸਥਾ ਵਿੱਚ ਗੁਰੂ ਸਾਹਿਬ ਅੱਗੇ ਅਰਦਾਸ ਕਰਨੀ ਸਿੱਖ ਦੇ ਜੀਵਨ ਦਾ ਹਿੱਸਾ ਹੈ। ਉਨ੍ਹਾਂ ਕਿਹਾ ਕਿ ਜੇ ਸਾਡਾ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਪੂਰਨ ਵਿਸ਼ਵਾਸ ਹੈ ਤਾਂ ਗੁਰੂ ਸਾਹਿਬ ਹਮੇਸ਼ਾ ਅੰਗ-ਸੰਗ ਸਹਾਈ ਹੁੰਦੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਬਾਣੀ, ਬਾਣੇ ਅਤੇ ਸਿੱਖੀ ਦੇ ਮਾਰਗ ਨਾਲ ਜੋੜਨਾ ਅੱਜ ਸਮੇਂ ਦੀ ਵੱਡੀ ਲੋੜ ਹੈ। ਗੁਰੂ ਸਾਹਿਬ ਨੇ ਮਨੁੱਖਤਾ ਨੂੰ ਜਾਤ-ਪਾਤ ਅਤੇ ਊਚ-ਨੀਚ ਦੇ ਭੇਦਭਾਵ ਤੋਂ ਉੱਪਰ ਰੱਖਦਿਆਂ ਬਰਾਬਰੀ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਹਰ ਸਿੱਖ ਦੀ ਕੋਸ਼ਿਸ਼ ਹੋਵੇ ਕਿ ਸਾਡੇ ਨੌਜਵਾਨ ਆਪਣੀ ਵਿਰਾਸਤ, ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਤੇ ਆਪਣੇ ਇਤਿਹਾਸ ਨਾਲ ਜੁੜੇ ਰਹਿਣ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਕੇਸ ਅਤੇ ਸਾਬਤ-ਸੂਰਤ ਸਰੂਪ ਦੀ ਸੰਭਾਲ ਕਰਨਾ ਸਿੱਖ ਪਰਿਵਾਰਾਂ ਦਾ ਫਰਜ਼ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਮੁੱਖ ਮਕਸਦ ਗੁਰੂ ਸਾਹਿਬਾਨ ਦੇ ਉਸ ਮਹਾਨ ਸੰਦੇਸ਼ ਨੂੰ ਘਰ-ਘਰ ਪਹੁੰਚਾਉਣਾ ਹੈ, ਜੋ ਮਨੁੱਖ ਨੂੰ ਬਰਾਬਰੀ, ਨਿਆਂ, ਸੇਵਾ, ਨਸ਼ਾ-ਮੁਕਤੀ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਗੁਰਮਤਿ ਅਨੁਸਾਰ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਖਾਲਸਾ ਮਾਰਚ ਦੌਰਾਨ ਹੁਣ ਤੱਕ 700 ਤੋਂ ਵਧੇਰੇ ਪਿੰਡਾਂ ਸ਼ਹਿਰਾਂ ਤੱਕ ਪਹੁੰਚ ਕੀਤੀ ਗਈ, ਜਿਸ ਦੌਰਾਨ ਸਭ ਤੋਂ ਵੱਡੀ ਸਮੱਸਿਆ ਨਸ਼ਿਆਂ ਦਾ ਆਮ ਮਿਲਣਾ ਹੈ। ਐਡਵੋਕੇਟ ਧਾਮੀ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਆਪਣੇ ਬੱਚਿਆਂ ਨੂੰ ਗੁਰਬਾਣੀ ਅਤੇ ਗੁਰਮਤਿ ਸਿਧਾਂਤਾਂ ਨਾਲ ਜੋੜ ਕੇ ਚੰਗੇ ਜੀਵਨ ਦੀ ਪ੍ਰੇਰਨਾ ਦਈਏ। ਇਸ ਮੌਕੇ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪੰਜ ਪਿਆਰਿਆਂ ਅਤੇ ਨਿਸ਼ਾਨਚੀ ਸਿੰਘਾਂ ਨੂੰ ਗੁਰੂ ਬਖ਼ਿਸ਼ਸ਼ ਸਿਰੋਪਾਓ ਦੇ ਕੇ ਸਨਮਾਨ ਦਿੱਤਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕਰਨ ਦੀ ਸੇਵਾ ਗਿਆਨੀ ਗੁਰਮਿੰਦਰ ਸਿੰਘ ਨੇ ਨਿਭਾਈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਮੈਂਬਰ ਸ. ਰਣਜੀਤ ਸਿੰਘ ਕਾਹਲੋਂ, ਬੀਬੀ ਗੁਰਮੀਤ ਕੌਰ ਭਟਨੂਰਾ, ਬੀਬੀ ਦਵਿੰਦਰ ਕੌਰ ਕਾਲੜਾ, ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਸੁਖਬੀਰ ਸਿੰਘ, ਸ. ਰਣਜੀਤ ਸਿੰਘ ਜਲੰਧਰ, ਬਾਬਾ ਬਲਦੇਵ ਸਿੰਘ ਵੱਲ੍ਹਾ, ਇੰਚਾਰਜ ਸ. ਰਾਜਵਿੰਦਰ ਸਿੰਘ ਜੋਗਾ, ਸ. ਗੁਰਭਾਗ ਸਿੰਘ, ਮੈਨੇਜਰ ਸ. ਸਤਿੰਦਰ ਸਿੰਘ, ਪ੍ਰਚਾਰਕ ਕਮ ਨਿਗਰਾਨ ਭਾਈ ਹਰਜੀਤ ਸਿੰਘ, ਗਿਆਨੀ ਬਲਦੇਵ ਸਿੰਘ ਮੁਹਾਲੀ, ਮੈਨੇਜਰ ਸ. ਕੰਵਲਜੀਤ ਸਿੰਘ, ਸ. ਭੁਪਿੰਦਰ ਸਿੰਘ ਬੁੱਟਰ, ਸ. ਮੋਹਨਦੀਪ ਸਿੰਘ, ਭਾਈ ਬਲਕਾਰ ਸਿੰਘ ਅਤੇ ਸੰਗਤਾਂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243